ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 12 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



## ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਹੋਣ ਜੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅੱਜ ਪਹਿਲੇ ਪ੍ਰਕਾਸ਼ ਦਿਵਸ ’ਤੇ ਵਿਸ਼ੇਸ਼

# ਸਰਬ-ਸਾਂਝਾ ਧਰਮ ਗ੍ਰੰਥ: ਗੁਰੂ ਗ੍ਰੰਥ ਸਾਹਿਬ

## ਸੰਸਾਰ ਭਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ‘ਗੁਰੂ’ ਦਾ ਦਰਜਾ ਦੇ ਕੇ ਸਿੱਖ ਜਗਤ ਨੂੰ ਇਹਨਾਂ ਦੀ ਰਹਿਨੁਮਾਈ ਲੈਣ ਲਈ ਪ੍ਰੇਰਿਤ ਕਰਨ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ

**ਆਦਿ ਸ੍ਰੀ** ਗੁਰੂ ਗ੍ਰੰਥ ਸਾਹਿਬ, ਸਰਬ-ਸਾਂਝਾ ਧਰਮ ਗ੍ਰੰਥ ਵੀ ਹੈ ਅਤੇ ਇਸ਼ਟ ਵੀ। ਇਸ ਮਹਾਨ ਗ੍ਰੰਥ ਦੀ ਸੰਪਾਦਨਾ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪ ਕੀਤੀ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਤਿਗੁਰਾਂ ਅਤੇ ਸੰਤਾਂ ਭਗਤਾਂ ਦੀ ਬਾਣੀ ਨੂੰ ਇਕੱਤਰ ਕਰਕੇ ਸੰਮਤ 1658, ਸੰਨ 1601 ਈ: ਵਿੱਚ ਇਹ ਗ੍ਰੰਥ ਰਾਮਸਰ (ਅੰਮ੍ਰਿਤਸਰ) ਸਰੋਵਰ ਦੇ ਕਿਨਾਰੇ ਸੰਘਣੇ ਜੰਗਲ ਵਿੱਚ ਇਕਾਂਤ ਜਗ੍ਹਾ ਤੇ ਤੰਬੂ ਲਗਵਾ ਕੇ ਭਾਈ ਗੁਰਦਾਸ ਜੀ ਤੋਂ ਲਿਖਵਾਉਣਾ ਅਰੰਭਿਆ। ਇਸ ਗ੍ਰੰਥ ਵਿੱਚ ਪਹਿਲਾਂ ਸਤਿਗੁਰਾਂ ਦੀ ਰਚਨਾ, ਆਪਣੀ ਰਚਨਾ ਅਤੇ

ਆਵਾਜ਼ਿ ਕੌਮ AWAZE QAUM
International Newspaper & WEB TV

ਜਗਤ ਪ੍ਰਸਿੱਧ ਭਗਤਾਂ ਦੀ ਬਾਣੀ ਦਰਜ ਕਰਵਾਈ ਤੇ ਨਾਲ ਹੀ ਬਾਣੀ ਨੂੰ ਰਾਗਾਂ ਵਿੱਚ ਸਮੇਂ ਦੇ ਅਨੁਕੂਲ ਲਿਖਵਾ ਕੇ ਤਿੰਨ ਸਾਲ ਦੀ ਕਰੜੀ ਮਿਹਨਤ ਦੁਆਰਾ 15 ਅਗਸਤ 1604 ਈ: ਨੂੰ ਸੰਪੂਰਨ ਹੋਇਆ। ਭਾਈ ਬੰਨੋ ਜੀ ਨੇ ਲਾਹੌਰ ਜਾ ਕੇ ਇਸ ਦੀ ਜਿਲਦਬੰਦੀ ਕਰਵਾਈ। ਆਦਿ ਗ੍ਰੰਥ ਦਾ ਪਹਿਲਾ ਪ੍ਰਕਾਸ਼ ਭਾਦੋਂ ਸੁਦੀ 1, ਸੰਮਤ 1661, 16 ਅਗਸਤ ਸੰਨ 1604 ਈ: ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਕੀਤਾ ਗਿਆ। ਬਾਬਾ ਬੁੱਢਾ ਜੀ ਨੂੰ ਪਹਿਲਾ ਗ੍ਰੰਥੀ ਥਾਪਿਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕਰਨ ਸਮੇਂ ਇਹ ਹੁਕਮਨਾਮਾ (ਮੁਖਵਾਕ) ਆਇਆ।

ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ॥
**ਧਰਤਿ ਸੁਹਾਵੀ ਤਾਲੁ ਸੁਹਾਵਾ ਵਿਚਿ ਅੰਮ੍ਰਿਤ ਜਲੁ ਛਾਇਆ ਰਾਮ॥**
**ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ॥**
**ਜੈ ਜੈ ਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ॥**
**ਪੂਰਨ ਪੁਰਖ ਅਚੁਤ ਅਬਿਨਾਸੀ ਜਸੁ ਵੇਦ ਪੁਰਾਣੀ ਗਾਇਆ॥**
**ਅਪਨਾ ਬਿਰਦੁ ਰਖਿਆ ਪਰਮੇਸਰਿ ਨਾਨਕ ਨਾਮੁ ਧਿਆਇਆ॥1॥7॥10॥**
**(ਸੂਹੀ ਮਹਲਾ 5, ਅੰਗ 783)**

ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਛੇ ਗੁਰੂ ਸਾਹਿਬਾਨ (ਗੁਰੂ ਨਾਨਕ ਦੇਵ, ਗੁਰੂ ਅੰਗਦ ਦੇਵ, ਗੁਰੂ ਅਮਰਦਾਸ, ਗੁਰੂ ਰਾਮਦਾਸ, ਗੁਰੂ ਅਰਜਨ ਦੇਵ ਤੇ ਗੁਰੂ ਤੇਗ਼ ਬਹਾਦਰ), 15 ਭਗਤਾਂ, 11 ਭੱਟਾਂ ਤੇ 4 ਗੁਰੂ ਘਰ ਦੇ ਨਿਕਟਵਰਤੀ ਗੁਰਸਿੱਖਾਂ ਦੀ ਪਵਿੱਤਰ ਬਾਣੀ ਸਮੇਤ ਕੁੱਲ 36 ਮਹਾਂਪੁਰਸ਼ਾਂ ਦੀ ਰਚਿਤ ਬਾਣੀ ਦਰਜ ਹੈ। ਇਸ ਪਾਵਨ ਗ੍ਰੰਥ ਦੇ 1430 ਪੰਨੇ (ਅੰਗ) ਹਨ ਤੇ ਕੁੱਲ ਬਾਣੀ ਦਾ ਜੋੜ 5871 ਸ਼ਬਦ, ਪਉੜੀਆਂ ਅਤੇ ਸਲੋਕ ਹਨ। ਇਹ ਗਿਣਤੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੁਆਰਾ ਪ੍ਰਕਾਸ਼ਿਤ ਗੁਰੂ ਗ੍ਰੰਥ ਰਤਨਾਵਲੀ ਅਨੁਸਾਰ ਹੈ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਚੌਥੀ ਵਾਰ 1981, ਪੰਨਾ 437 ਤੇ ਕੁੱਲ ਗਿਣਤੀ 5867 ਦਿੱਤੀ ਹੈ। ਇਸ ਗ੍ਰੰਥ ਵਿੱਚ ਭਗਤਾਂ ’ਚੋਂ ਕਬੀਰ ਜੀ (ਜੁਲਾਹਾ), ਨਾਮਦੇਵ ਜੀ (ਛੀਂਬਾ), ਰਵਿਦਾਸ ਜੀ (ਚਮਾਰ), ਸੈਣ ਜੀ (ਨਾਈ),



ਸਧਨਾ ਜੀ (ਕਸਾਈ) ਮੁਸਲਮਾਨਾਂ ਦੀ ਬਾਣੀ ਵੀ ਦਰਜ ਹੈ। ਗੁਰੂ ਗ੍ਰੰਥ ਸਾਹਿਬ ਪੰਜ ਪ੍ਰਮੁੱਖ ਭਾਸ਼ਾਵਾਂ ਗੁਰਮੁਖੀ, ਹਿੰਦੀ, ਸੰਸਕ੍ਰਿਤ, ਫ਼ਾਰਸੀ ਤੇ ਅਰਬੀ ਅਤੇ ਹੋਰ ਕਈ ਭਾਸ਼ਾਵਾਂ ਵਿੱਚ ਹੈ।

ਸ੍ਰੀ ਗੁਰੂ ਅਰਜਨ ਦੇਵ ਜੀ ਨੇ ‘ਆਦਿ ਗ੍ਰੰਥ’ ਦੇ ਸਰੂਪ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਹੋਇਆ ਹੈ। ਪਹਿਲਾ ਭਾਗ ਪੰਨਾ 1 ਤੋਂ 13 ਤੱਕ ਜਿਸ ਵਿੱਚ ਜਪੁਜੀ ਸਾਹਿਬ, ਸੋ ਦਰੁ ਰਹਰਾਸਿ ਤੇ ਸੋਹਿਲਾ ਤਿੰਨੇ ਨਿੱਤ-ਨੇਮ ਦੀਆਂ ਬਾਣੀਆਂ ਹਨ। ਦੂਜੇ ਭਾਗ ’ਚ ਪੰਨਾ (ਅੰਗ) 14 ਤੋਂ 1352 ਤੱਕ ਸਾਰੀ ਬਾਣੀ 31 ਰਾਗਾਂ ਵਿੱਚ ਉਚਾਰਨ ਕੀਤੀ। ਰਾਗਾਂ ਦੀ ਸਮਾਪਤੀ ਤੋਂ ਬਾਅਦ ਤੀਜੇ ਭਾਗ ਅੰਗ 1353 ਤੋਂ 1430 ਤੱਕ ਵਿੱਚ ਸਲੋਕ ਸਹਸਕ੍ਰਿਤੀ ਮਹਲਾ 1, ਸਲੋਕ ਸਹਸਕ੍ਰਿਤੀ ਮਹਲਾ 5, ਮਹਲਾ 5 ਗਾਥਾ, ਫੁਨਹੇ ਮਹਲਾ 5, ਚਉਬੋਲੇ ਮਹਲਾ 5, ਸਲੋਕ ਭਗਤ ਕਬੀਰ ਜੀਉ ਕੇ, ਸਲੋਕ ਸੇਖ ਫਰੀਦ ਕੇ, ਸਵੱਈਏ ਸ੍ਰੀ ਮੁਖਬਾਕ ਮਹਲਾ 5, ਸਲੋਕ ਵਾਰਾਂ ਤੇ ਵਧੀਕ, ਸਲੋਕ ਮਹਲਾ 9, ਮੁੰਦਾਵਣੀ ਮਹਲਾ 5, ਰਾਗ ਮਾਲਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਕੁੱਲ 22 ਵਾਰਾਂ ਹਨ। ਇਹਨਾਂ ਵਿੱਚੋਂ ਤਿੰਨ ਵਾਰਾਂ ਸ੍ਰੀ ਗੁਰੂ ਨਾਨਕ ਦੇਵ ਜੀ, ਚਾਰ ਵਾਰਾਂ ਸ੍ਰੀ ਗੁਰੂ ਅਮਰਦਾਸ ਜੀ, ਅੱਠ ਵਾਰਾਂ ਸ੍ਰੀ ਗੁਰੂ ਰਾਮਦਾਸ ਜੀ, ਛੇ ਵਾਰਾਂ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਇੱਕ ਵਾਰ ਰਾਗ ਰਾਮਕਲੀ ਵਿੱਚ ਸੱਤੇ ਬਲਵੰਡ ਦੀ ਰਚਨਾ ਹੈ

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦੁਪਦੇ, ਤਿਪਦੇ, ਚਉਪਦੇ ਤੇ ਅਸ਼ਟਪਦੀਆਂ ਤੋਂ ਬ਼ਗੈਰ ਕੁਝ ਵਿਸ਼ੇਸ਼ ਸਿਰਲੇਖ ਵਾਲੀਆਂ ਬਾਣੀਆਂ ਵੀ ਦਰਜ ਹਨ। ਜਿਵੇਂ ਬਾਰਹਮਾਹਾ, ਬਾਵਨ ਅੱਖਰੀ, ਸੁਖਮਨੀ, ਸਿਧ ਗੋਸਟਿ, ਦਖਣੀ ਓਅੰਕਾਰੁ, ਥਿਤੀ, ਪਟੀ ਆਦਿ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ‘ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ’ ਦਾ ਪ੍ਰਯੋਗ 33 ਵਾਰ, ‘ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ’ ਦਾ ਪ੍ਰਯੋਗ 8 ਵਾਰ, ‘ੴ ਸਤਿਨਾਮੁ ਗੁਰਪ੍ਰਸਾਦਿ’ ਦਾ ਪ੍ਰਯੋਗ 3 ਵਾਰ, ‘ੴ ਸਤਿਗੁਰ ਪ੍ਰਸਾਦਿ’ ਦਾ ਪ੍ਰਯੋਗ 525 ਵਾਰ ਕੀਤਾ ਗਿਆ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 84 ਲੱਖ ਜੂਨਾਂ ਦੇ ਬਾਰੇ ਬਹੁਤ ਵਾਰ ਆਇਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 40 ਤੋਂ ਵੱਧ ਸ਼ਬਦ/ਸਲੋਕ ਮੁਸਲਮਾਨ ਭਰਾਵਾਂ ਦੇ ਲਈ ਦਰਜ ਹਨ। ਗੁਰੂ ਗ੍ਰੰਥ ਸਾਹਿਬ ਵਿੱਚ ਪਰਮਾਤਮਾ ਦੇ ਨਾਂ 16,000 ਤੋਂ ਵੀ ਵੱਧ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸਾਂਝੀ ਬਾਣੀ ਸਾਰੇ ਜਗਤ ਦੇ ਪ੍ਰਾਣੀਆਂ ਦੇ ਆਤਮ ਮਾਰਗ ਨੂੰ ਰੁਸ਼ਨਾਉਂਦੀ ਰਹੇਗੀ ਅਤੇ ਗੁਰੂ ਰੂਪ ਹੋ ਕੇ ਉਪਦੇਸ਼ ਰਾਹੀਂ ਅਗਵਾਈ ਕਰਦੀ ਰਹੇਗੀ। ਇਸ ਦਾ ਉਪਦੇਸ਼ ਜਗਤ ਦੀ ਸਰਬ ਮਨੁੱਖਤਾ ਲਈ ਸਾਂਝਾ ਹੈ, ਕਿਸੇ ਇੱਕ ਜਾਤੀ ਜਾਂ ਮੱਤ ਲਈ ਵੱਖਰਾ ਨਹੀਂ।

**ਖਤ੍ਰੀ ਬ੍ਰਾਹਮਣ ਸੂਦ ਵੈਸ ਉਪਦੇਸੁ ਚਹੁ ਵਰਨਾ ਕਉ ਸਾਝਾ॥** 4॥3॥50॥
**(ਸੂਹੀ ਮਹਲਾ 5, ਅੰਗ 747)**

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਲੱਖਣਤਾ ਇਸ ਗੱਲੋਂ ਵੀ ਅਦੁੱਤੀ ਤੇ ਮਹਾਨ ਹੈ ਕਿ ਗੁਰੂ ਸਾਹਿਬਾਨ ਆਪਣੀ-ਆਪਣੀ ਬਾਣੀ ਹੱਥੀਂ ਲਿਖ ਕੇ ਸੰਭਾਲਦੇ ਰਹੇ। ਜੋ ਹੋਰ ਮਹਾਨ ਪੁਰਸ਼ਾਂ ਦੇ ਬਚਨ ਇਕੱਤਰ ਕੀਤੇ ਉਹ ਵੀ ਉਹਨਾਂ ਸਭ ਦੇ ਹੱਥਾਂ ਦੇ ਲਿਖੇ ਤੇ ਸੰਭਾਲੇ ਹੋਏ ਸਨ। ਗੁਰੂ ਅਰਜਨ ਦੇਵ ਜੀ ਨੇ ਬਾਣੀ ਨੂੰ ਸੁਚੱਜੀ ਤਰਤੀਬ ਦੇ ਕੇ ਇਕੱਠਾ ਕਰਕੇ ਆਪਣੇ ਹੱਥੀਂ ਸੰਪਾਦਿਤ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਇੱਕੋ-ਇੱਕ ਗ੍ਰੰਥ ਹੈ ਜੋ ਸਤਿਗੁਰਾਂ ਦੁਆਰਾ ਹੱਥੀਂ ਲਿਖਿਆ ਗਿਆ ਹੈ। ਹੋਰ ਕੋਈ ਵੀ ਗ੍ਰੰਥ ਇਸ ਤਰ੍ਹਾਂ ਦਾ ਨਹੀਂ ਹੈ। ਮਹਾਤਮਾ ਬੁੱਧ ਜੀ ਦੇ ਚਲਾਣੇ ਤੋਂ ਪੰਜ ਸੌ ਸਾਲ ਮਗਰੋਂ ਉਹਨਾਂ ਦੀ ਸਿੱਖਿਆ ਰਾਜ ਵਿਖੇ ਲਿਖੀ ਗਈ। ਇਸਲਾਮ ਦੇ ਬਾਨੀ ਮੁਹੰਮਦ ਸਾਹਿਬ ਨੇ ਕੁਰਾਨ ਆਪ ਨਹੀਂ ਲਿਖਿਆ ਸਗੋਂ ਉਹਨਾਂ ਦੇ ਪੈਰੋਕਾਰਾਂ ਨੇ ਮਗਰੋਂ ਲਿਖਿਆ ਹੈ। ਈਸਾਈਅਤ ਦੇ ਬਾਨੀ ਈਸਾ ਮਸੀਹ ਨੇ ਆਪਣੇ ਸਿਧਾਂਤਾਂ ਨੂੰ ਕੋਈ ਲਿਖਤੀ ਰੂਪ ਨਹੀਂ ਦਿੱਤਾ। ਹਿੰਦੂਆਂ ਦੇ ਧਰਮ ਗ੍ਰੰਥ ਵੀ ਸੁਣ ਕੇ ਜਾਂ ਯਾਦ ਤੋਂ ਮਗਰੋਂ ਲਿਖੇ ਗਏ ਹਨ। ਸੰਸਾਰ ਭਰ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ‘ਗੁਰੂ’ ਦਾ ਦਰਜਾ ਦੇ ਕੇ ਸਿੱਖ ਜਗਤ ਨੂੰ ਇਹਨਾਂ ਦੀ ਰਹਿਨੁਮਾਈ ਲੈਣ ਲਈ ਪ੍ਰੇਰਿਤ ਕਰਨ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ**
**ਗਲੀ ਨੰਬਰ-1, ਚੰਡੀਗੜ੍ਹ ਰੋਡ**
**ਜਮਾਲਪੁਰ, ਲੁਧਿਆਣਾ**

### ਅਮਰੀਕਾ ਸਰਕਾਰ ਵੱਲੋਂ ਪੋਸਟਰ ’ਚ ਪੰਜਾਬੀ ਸਿੱਖਾਂ ਨੂੰ ਨਿਸ਼ਾਨਾ ਬਨਾਉਣਾ ਮੰਦਭਾਗਾ- ਐਡਵੋਕੇਟ ਧਾਮੀ

# ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕੀ ਦੂਤਾਵਾਸ ਨੂੰ ਪੱਤਰ ਲਿਖ ਕੇ ਪ੍ਰਗਟਾਇਆ ਸਖ਼ਤ ਇਤਰਾਜ਼

## ਭਾਰਤ ਦੇ ਵਿਦੇਸ਼ ਮੰਤਰੀ ਨੂੰ ਵੀ ਅਮਰੀਕਾ ਸਰਕਾਰ ਕੋਲ ਮਾਮਲਾ ਉਠਾਉਣ ਲਈ ਆਖਿਆ

**ਅੰਮ੍ਰਿਤਸਰ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਸਰਕਾਰ ਦੇ ਹੋਮਲੈਂਡ ਸੁਰੱਖਿਆ ਵਿਭਾਗ ਵੱਲੋਂ ਐਕਸ (ਪਹਿਲਾਂ ਟਵਿੱਟਰ) ਰਾਹੀਂ ਸਾਹਮਣੇ ਆਏ ਇਕ ਪੋਸਟਰ ਵਿਚ ਪੰਜਾਬੀ ਸਿੱਖਾਂ ਨੂੰ ਨਿਸ਼ਾਨਾ ਬਣਾਏ ਜਾਣ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਤੀਕਿਰਿਆ ਦਿੰਦਿਆਂ

ਆਵਾਜ਼ਿ ਕੌਮ AWAZE QAUM
International Newspaper & WEB TV



ਅਮਰੀਕਾ ਦੇ ਦਿੱਲੀ ਸਥਿਤ ਦੂਤਾਵਾਸ ਨੂੰ ਪੱਤਰ ਲਿਖ ਕੇ ਸਖ਼ਤ ਇਤਰਾਜ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਇਸ ਦੇ ਨਾਲ ਹੀ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੂੰ ਵੀ ਇਹ ਮਾਮਲਾ ਕੂਟਨੀਤਕ ਤੌਰ ’ਤੇ ਅਮਰੀਕਾ ਸਰਕਾਰ ਕੋਲ ਉਠਾਉਣ ਲਈ ਆਖਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅਮਰੀਕਾ ਦੇ ਵਿਕਾਸ ਅਤੇ ਆਰਥਿਕ ਤਰੱਕੀ ਵਿਚ ਪੰਜਾਬੀਆਂ ਨੇ ਆਪਣੀ ਮਿਹਨਤ, ਇਮਾਨਦਾਰੀ ਅਤੇ ਹੁਨਰ ਨਾਲ ਮਹੱਤਵਪੂਰਨ ਯੋਗਦਾਨ ਪਾਇਆ ਹੈ। ਟਰੱਕਿੰਗ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਿੱਖ ਅਤੇ ਪੰਜਾਬੀ ਆਪਣੀ ਮਿਹਨਤ ਨਾਲ ਅੱਗੇ ਵਧੇ ਹਨ ਅਤੇ ਅਮਰੀਕੀ ਸਮਾਜ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਸਰਕਾਰ ਦੇ ਹੋਮਲੈਂਡ ਸੁਰੱਖਿਆ ਵਿਭਾਗ ਵੱਲੋਂ ਜਾਰੀ ਕੀਤੇ ਪੋਸਟਰ ਵਿਚ ਮਿਸਟਰ ਸਿੰਘ ਦਾ ਵਿਸ਼ੇਸ਼ ਤੌਰ ’ਤੇ ਜ਼ਿਕਰ ਕਰਕੇ ਪੰਜਾਬੀ ਅਤੇ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਨਸਲੀ ਅਤੇ ਭਾਈਚਾਰਕ ਪੱਖਪਾਤ ਵਾਲੀ ਸੋਚ ਨੂੰ ਦਰਸਾਉਂਦਾ ਹੈ। ਵਿਕਸਤ ਕਹੇ ਜਾਣ ਵਾਲੇ ਦੇਸ਼ ਲਈ ਅਜਿਹੀ ਸੋਚ ਹੋਰ ਵੀ ਦੁਖਦਾਈ ਅਤੇ ਚਿੰਤਾਜਨਕ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਿਸੇ ਵੀ ਭਾਈਚਾਰੇ ਨੂੰ ਉਸ ਦੀ ਧਾਰਮਿਕ ਪਛਾਣ, ਨਾਮ ਜਾਂ ਪਹਿਰਾਵੇ ਦੇ ਆਧਾਰ ’ਤੇ ਨਿਸ਼ਾਨਾ ਬਨਾਉਣਾ ਸੱਭਿਅਕ ਸਮਾਜ ਦੀਆਂ ਕਦਰਾਂ-ਕੀਮਤਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਅਜਿਹੀ ਸ਼ਬਦਾਵਲੀ ਰਾਹੀਂ ਪ੍ਰਵਾਸੀ ਭਾਈਚਾਰਿਆਂ ਨੂੰ ਡਰਾਉਣ ਜਾਂ ਨੀਵਾਂ ਦਿਖਾਉਣ ਦੀ ਕੋਸ਼ਿਸ਼ ਅਮਰੀਕਾ ਦੀ ਬਹੁ-ਸੱਭਿਆਚਾਰਕ ਪਛਾਣ ਨਾਲ ਵੀ ਮੇਲ ਨਹੀਂ ਖਾਂਦੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਵਿਸ਼ਵ ਭਰ ਵਿਚ ਆਪਣੀ ਮਿਹਨਤ ਅਤੇ ਮਨੁੱਖਤਾ ਦੀ ਸੇਵਾ ਲਈ ਜਾਣੀ ਜਾਂਦੀ ਹੈ। ਕਿਸੇ ਵਿਅਕਤੀ ਵਿਸ਼ੇਸ਼ ਦੇ ਵਾਹਨ ਚਲਾਉਣ ਨਾਲ ਸਬੰਧਤ ਮਾਮਲੇ ਨੂੰ ਪੂਰੇ ਪੰਜਾਬੀ ਜਾਂ ਸਿੱਖ ਭਾਈਚਾਰੇ ਨਾਲ ਜੋੜ ਕੇ ਦੇਖਣਾ ਸਰਾਸਰ ਅਨਿਆਂ ਅਤੇ ਨਾ-ਇਨਸਾਫ਼ੀ ਹੈ। ਉਨ੍ਹਾਂ ਕਿਹਾ ਕਿ ਅਜਿਹਾ ਵਰਤਾਰਾ ਵੱਖ-ਵੱਖ ਭਾਈਚਾਰਿਆਂ ਦੀ ਆਪਸੀ ਸਾਂਝ ਅਤੇ ਮਿਲਵਰਤਣ ਲਈ ਵੀ ਖ਼ਤਰਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੂੰ ਅਜਿਹੇ ਚਿੰਤਾਜਨਕ ਅਤੇ ਸਿੱਖ ਸਮਾਜ ਪ੍ਰਤੀ ਨਫ਼ਰਤੀ ਵਰਤਾਰੇ ਵਾਲੇ ਮਾਮਲੇ ਨੂੰ ਅਮਰੀਕਾ ਸਰਕਾਰ ਪਾਸ ਉਠਾਉਣ ਲਈ ਆਖਿਆ।









ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV




ਜਾਗਤ ਜੋਤ ਸਤਿਗਰੂ, ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਹਿਲੇ ਪ੍ਰਕਾਸ਼ ਪੁਰਬ ਦੇ ਪਾਵਨ ਦਿਹਾੜੇ ‘ਤੇ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਜੀ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਨਮੁੱਖ ਗੁਰ ਇਤਿਹਾਸ ਦੀ ਕਥਾ ਵਿਚੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦੀ ਕਥਾ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਿਤੀ 12 ਸਤੰਬਰ 2026 ਨੂੰ, 9 ਵਜੇ ਤੋਂ 11-30 ਵਜੇ ਤੱਕ ਸੰਗਤਾਂ ਨੂੰ ਸ੍ਰਵਣ ਕਰਵਾਉਣਗੇ ਸੰਗਤਾਂ ਨੂੰ ਬੇਨਤੀ ਹੈ ਹਾਜ਼ਰੀਆਂ ਭਰਕੇ ਲਾਹੇ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਹਿਲੇ ਪ੍ਰਕਾਸ਼ ਗੁਰਪੁਰਬ 'ਤੇ ਵਿਸ਼ੇਸ਼

# ਸਮੁੱਚੀ ਮਾਨਵਤਾ ਦਾ ਰਹਿਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ





**ਗਿਆਰਵੇਂ** ਗੁਰੂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਕਿਸੇ ਇੱਕ ਦੇ ਨਹੀ, ਸਗੋਂ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਹਰ ਪ੍ਰਾਣੀ ਇਸ ਪਾਵਨ ਪਵਿੱਤਰ ਗ੍ਰੰਥ ਤੋਂ ਸੇਧ ਲੈ ਸਕਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਰਹੱਸਵਾਦੀ ਅਨੁਭਵ ਤੇ ਸ੍ਰੇਸ਼ਟਾਚਾਰ ਦਾ ਮਹਾਂਸਾਗਰ ਹੈ। ਇਸ ਦੀ ਪੁਨੀਤ ਵਿਚਾਰਧਾਰਾ ਮਾਨਵ ਸੰਸਕ੍ਰਿਤੀ ਦੀ ਸਿਖਰ ਤੇ ਭਾਰਤੀ ਸੰਸਕ੍ਰਿਤੀ ਦੀ ਵਚਿੱਤਰ ਵਿਵਿਧਤਾ ਦਰਸਾਉਂਦੀ ਹੈ। ਪੁਰਾਤਨ ਰਿਸ਼ੀਆਂ ਵਾਲਾ ਵਿਸਮਾਦੀ ਅਨੁਭਵ, ਤੱਤ-ਗਿਆਨੀਆਂ ਵਾਲਾ ਗੰਭੀਰ ਗਿਆਨ, ਰਾਜ-ਜੋਗੀਆਂ ਵਾਲਾ ਸ਼ਾਤ ਅਡੋਲ ਧਿਆਨ ਸੰਤਾਂ-ਭਗਤਾਂ ਵਾਲੀ ਸ਼ਰਧਾ ਭਾਵਨਾ, ਸੂਫੀ ਦਰਵੇਸ਼ਾਂ ਵਾਲੀ ਪ੍ਰੇਮ ਖ਼ੁਮਾਰੀ, ਪਰਮ ਹੰਸਾਂ ਵਾਲੀ ਵਿਸ਼ਲੇਸ਼ਣ ਕਾਰੀ, ਮਨੋਵਿਗਿਆਨਿਕ ਤੇ ਪ੍ਰਾਕ੍ਰਿਤਕ ਚਿਤ੍ਰਕਾਰੀ ਇਸ ਦਾ ਅੰਤਰੀਵ ਸਰੂਪ ਹੈ।( ਪਿਆਰਾ ਸਿੰਘ ਪਦਮ) ਇਸ ਪਾਵਨ ਪਵਿੱਤਰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਆਰੰਭਤਾ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਦੂਸਰੇ ਗੁਰੂ ਸਹਿਬਾਨਾਂ ਦੀ ਬਾਣੀ ਨਾਲ ਹੁੰਦਾ ਹੈ। ਗੁਰੂ ਨਾਨਕ ਦੇਵ ਜੀ ਜਦ ਉਦਾਸੀਆਂ ਤੇ ਗਏ ਸਨ ਤਾਂ ਉਦੋਂ ਭਗਤ ਸਹਿਬਾਨਾਂ ਦੀ ਬਾਣੀ ਇੱਕਤਰ ਕਰਕੇ ਸੰਭਾਲਦੇ ਗਏ। ਜਦ ਗੁਰਗੱਦੀ ਦੀ ਬਖਸ਼ਿਸ਼ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਕੀਤੀ ਤਾਂ ਨਾਲ ਹੀ 'ਪੋਥੀ ਸਾਹਿਬ' ਦੇ ਰੂਪ ਵਿੱਚ ਆਪਣੀ ਤੇ ਭਗਤ ਸਹਿਬਾਨਾਂ ਦੀ ਇੱਕਤਰ ਕੀਤੀ ਬਾਣੀ ਗੁਰੂ ਅੰਗਦ ਦੇਵ ਜੀ ਦੇ ਸਪੁਰਦ ਕਰ ਦਿੱਤੀ। ਅਗਾਂਹ ਗੁਰੂ ਅੰਗਦ ਦੇਵ ਜੀ ਨੇ ਗੁਰੂ ਅਮਰਦਾਸ ਜੀ ਨੂੰ ਤੇ ਅਗਾਂਹ ਗੁਰੂ ਅਮਰਦਾਸ ਜੀ ਨੇ ਗੁਰੂ ਰਾਮਦਾਸ ਜੀ ਨੂੰ ਤੇ ਅੱਗੇ ਗੁਰੂ ਰਾਮਦਾਸ ਜੀ ਨੇ ਗੁਰੂ ਅਰਜਨ ਦੇਵ ਜੀ ਨੂੰ ਆਪਣੇ ਸਮੇਤ ਚਾਰ ਗੁਰੂ ਸਹਿਬਾਨਾਂ ਤੇ ਗੁਰੂ ਨਾਨਕ ਦੇਵ ਜੀ ਵੱਲੋਂ ਭਗਤ ਸਹਿਬਾਨਾਂ ਦੀ ਇੱਕਤਰ ਕੀਤੀ ਬਾਣੀ ਸਪੁਰਦ ਕਰ ਦਿੱਤੀ।

ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਾਰੀ ਬਾਣੀ ਨੂੰ 'ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਦੇ ਰੂਪ ਵਿੱਚ 'ਪੋਥੀ ਸਾਹਿਬ' ਦੇ ਰੂਪ ਵਿੱਚ ਸੰਕਲਨ ਤੇ ਸੰਪਾਦਨ ਕੀਤਾ।ਉਹਨਾਂ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਸ੍ਰੀ ਰਾਮਸਰ ਸਾਹਿਬ ਦੇ ਸਰੋਵਰ ਦੇ ਨਜ਼ਦੀਕ ਭਾਈ ਗੁਰਦਾਸ ਜੀ ਤੋਂ ਲਿੱਖਣ ਦੀ ਸੇਵਾ ਲੈ ਕੇ ਸੰਨ 1604 ਈ: ਵਿੱਚ ਇਹ ਕਾਰਜ ਸੰਪੂਰਨ ਕੀਤਾ। ਗੁਰੂਆਂ ਨੇ ਮਨੁੱਖ ਜਾਤੀ ਦੀ ਤ੍ਰਿਪਤੀ ਲਈ ਇਹ ਥਾਲ ਪਰੋਸਿਆ। ਜਿਸ ਵਿੱਚ ਸਤ, ਸੰਤੋਖ, ਵਿਚਾਰ ਦਾ ਸਾਰ ਤੇ ਅੰਮ੍ਰਿਤ ਨਾਮ ਦਾ ਭੰਡਾਰ ਪਾਇਆ। ਸਤਿ ਦਾ ਵੀਚਾਰ ਬ੍ਰਹਮ ਗਿਆਨ ਤੇ ਸੰਤੋਖ ਦਾ ਵਿਧਾਨ ਆਚਾਰ ਵਿਗਿਆਨ ਹੈ।ਵੀਚਾਰ ਮਨੁੱਖੀ ਸੱਭਿਆਚਾਰ ਦਾ ਸਰਬੋਤਮ ਗਹਿਣਾ ਹੈ। ਨਾਮ ਸਭ ਤੋਂ ਉੱਪਰ ਹੈ ਤੇ ਇਸ ਦੀ ਸੁਰ ਥਾਂ-ਥਾਂ, ਬਾਰ-ਬਾਰ ਗੂੰਜੀ।(ਪਿਆਰਾ ਸਿੰਘ ਪਦਮ)

ਆਵਾਜ਼ਿ ਕੌਮ AWAZE QAUM International Newspaper & WEB TV

ਸੰਨ 1604 ਵਿੱਚ 'ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਦਾ ਸਰੂਪ ਬਾਬਾ ਬੁੱਢਾ ਸਾਹਿਬ ਜੀ ਦੇ ਸੀਸ ਤੇ ਸੁਭਾਇਮਾਨ ਕਰਕੇ ਸ੍ਰੀ ਗੁਰੂ ਅਰਜਨ ਦੇਵ ਜੀ ਉੱਪਰ ਚੌਰ ਸਾਹਿਬ ਜੀ ਦੀ ਸੇਵਾ ਕਰਦੇ ਸੰਗਤਾਂ ਨਾਲ ਨਗਰ ਕੀਰਤਨ ਦੇ ਰੂਪ ਵਿੱਚ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਤੇ ਗੁਰਬਾਣੀ ਪੜ੍ਹਦੇ ਹੋਏ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੁੱਜੇ। ਹਰਿਮੰਦਰ ਸਾਹਿਬ ਦੇ ਪਹਿਲੇ ਹੈੱਡ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਨੂੰ ਥਾਪਿਆ। ਸੰਗਤਾਂ ਦੀ ਹਾਜ਼ਰੀ ਵਿੱਚ 'ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਦਾ ਪ੍ਰਕਾਸ਼ ਕੀਤਾ ਗਿਆ ਤੇ ਉਪਰੰਤ ਬਾਬਾ ਬੁੱਢਾ ਸਾਹਿਬ ਜੀ ਵੱਲੋਂ ਹੁਕਮਨਾਮਾ ਲਿਆ ਗਿਆ। ਇਹ ਹੁਕਮਨਾਮਾ ਸੰਗਤਾਂ ਨੇ ਸਰਵਣ ਕੀਤਾ:

ਸੰਤਾਂ ਕੇ ਕਾਰਜ ਆਪ ਖਲੋਇਆ।
ਹਰਿ ਕੰਮੁ ਕਰਾਵਣਿ ਆਇਆ ਰਾਮ। (ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ-783)

ਜਦ ਰਾਤ ਸਮੇਂ 'ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਦਾ ਸੁਖ ਆਸਨ ਕੀਤਾ ਜਾਂਦਾ ਸੀ ਤਾਂ ਸ੍ਰੀ ਗੁਰੂ ਅਰਜਨ ਦੇਵ ਜੀ ਪੀੜਾ ਸਾਹਿਬ ਦੇ ਨਜ਼ਦੀਕ ਆਪ ਜ਼ਮੀਨ ਤੇ ਸੌਂਦੇ ਸਨ। ਪੂਰਨ ਸਤਿਕਾਰ ਦੇ ਕੇ ' ਪੋਥੀ ਸਾਹਿਬ' ਨੂੰ ਪ੍ਰਮੇਸ਼ਰ ਦਾ ਰੂਪ ਜਾਣਿਆ ਸੀ।

ਪੋਥੀ ਪ੍ਰਮੇਸ਼ਰ ਕਾ ਥਾਨੁ,
ਸਾਧ ਸੰਗਿ ਗਾਵਹਿ ਗੁਣ ਗੋਬਿੰਦ ਪੂਰਨ ਬ੍ਰਹਮ ਗਿਆਨੁ।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ-1226)

ਸ਼ਬਦ ਗੁਰੂ ਦਾ ਸਤਿਕਾਰ ਗੁਰੂ ਘਰ ਵਿੱਚ ਪ੍ਰਮੇਸ਼ਰ ਦੇ ਸਮਾਨ ਹੈ। ਗੁਰੂ ਤੇ ਪ੍ਰਮੇਸ਼ਰ ਸਮਾਨ ਹਨ, ਭਾਵ ਕਿ ਇੱਕ ਹੀ ਹਨ। ਦੋਹਾਂ ਵਿੱਚ ਕੋਈ ਭੇਦ ਨਹੀ ਹੈ। ਗੁਰੂ ਤੇ ਪ੍ਰਮੇਸ਼ਰ ਦਾ ਗੁਰਮਤਿ ਵਿੱਚ ਦਰਜ ਬਰਾਬਰ ਅਤੇ ਸਨਮਾਨ ਯੋਗ ਹੈ।

ਗੁਰੁ ਪਰਮੇਸ਼ਰ ਏਕੋ ਜਾਣ (ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ-864)

ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਪਾਵਨ ਪਵਿੱਤਰ ਬਾਣੀ ਅੰਦਰ ਸ਼ਬਦ ਗੁਰੂ ਦੀ ਪ੍ਰੋੜਤਾ ਕਰਦੇ ਹਨ

ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ।
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ-982)

ਗੁਰੂ ਅਰਜਨ ਦੇਵ ਜੀ ਵੱਲੋਂ ਸੰਪਾਦਿਤ ਇਸ 'ਪੋਥੀ ਸਾਹਿਬ' ਨੂੰ ਕਰਤਾਰ ਪੁਰੀ ਬੀੜ ਵੀ ਕਿਹਾ ਜਾਂਦਾ ਹੈ। ਦਮਦਮੀ ਬੀੜ ਦਾ ਸੰਪਾਦਨ ਕਾਰਜ ਗੁਰੂ ਗੋਬਿੰਦ ਸਿੰਘ ਜੀ ਨੇ ਧੀਰ ਮੱਲੀਆਂ ਵੱਲੋਂ ਉਹਨਾਂ ਨੂੰ ਕਰਤਾਰ ਪੁਰੀ ਬੀੜ ਨਾ ਮਿਲਣ ਤੇ ਕੀਤਾ।ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੱਚਖੰਡ ਪਿਆਨਾ ਕਰਨ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਵੱਲੋਂ ਬਖਸ਼ਿਸ਼ ਕੀਤੇ ਸ਼ਬਦ ਗੁਰੂ ਦੇ ਸਿਧਾਂਤ ਨੂੰ ਸਾਕਾਰ ਕਰਦਿਆਂ, ਸ਼ਖਸੀ ਗੁਰੂ ਦੀ ਪ੍ਰਾਪਟੀ ਖਤਮ ਕਰ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਗੱਦੀ ਦੀ ਸਦੀਵੀਂ ਬਖਸ਼ਿਸ਼ ਕੀਤੀ। ਨੌਵੇਂ ਸਤਿਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਪਾਵਨ ਪਵਿੱਤਰ ਰੱਬੀ ਬਾਣੀ 59 ਸ਼ਬਦ ਤੇ 57 ਸਲੋਕ ਸ੍ਰੀ ਦਮਦਮਾ ਸਾਹਿਬ ਵਿੱਚ ਭਾਈ ਮਨੀ ਸਿੰਘ ਜੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਅੰਕਿਤ ਕਰਵਾ ਸਰੂਪ ਸੰਪੂਰਨ ਕਰਨ ਦੀ ਬਖਸ਼ਿਸ਼ ਕੀਤੀ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ 'ਗੁਰਤਾਗੱਦੀ' ਦੀ ਬਖਸ਼ਿਸ਼ ਕਰ ਸਭ ਸਿੱਖ ਸੰਗਤਾਂ ਨੂੰ ਹੁਕਮ ਕੀਤਾ ਕਿ:

ਆਗਿਆ ਭਈ ਅਕਾਲ ਕੀ ,ਤਬੈ ਚਲਾਯੋ ਪੰਥ।
ਸਭ ਸਿੱਖਨ ਕੋ ਹੁਕਮ ਹੈ, ਗੁਰੁ ਮਾਨਿਓ ਗ੍ਰੰਥ।

ਸਭ ਸਿੱਖ ਸੰਗਤਾਂ ਨੂੰ ਹੁਕਮ ਕੀਤਾ ਹੈ ਕਿ ਤੁਸੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹਾਜ਼ਰ ਨਾਜ਼ਰ ਜਾਣ ਕੇ ਨਮਸਕਾਰ ਕਰਨੀ ਹੈ। ਅਕਾਲ ਪੁਰਖ ਦੇ ਹੁਕਮ ਨਾਲ ਇਹ ਪੰਥ ਚਲਾਇਆ ਗਿਆ ਹੈ। ਕਿਸੇ ਦੇਹ ਧਾਰੀ ਨੂੰ ਗੁਰੂ ਨਹੀ ਮੰਨਣਾ। ਇਸ ਪਾਵਨ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਛੇ ਗੁਰੂ ਸਹਿਬਾਨਾਂ, ਪੰਦਰਾਂ ਭਗਤਾਂ, ਗਿਆਰਾਂ ਭੱਟਾਂ ਤੇ ਚਾਰ ਗੁਰਸਿੱਖਾਂ ਦੀ ਬਾਣੀ ਇੱਕਤੀ ਰਾਗਾਂ ਵਿੱਚ ਦਰਜ ਹੈ। ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਾਰੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਪਾਵਨ ਪਵਿੱਤਰ ਬਾਣੀ ਦਾ ਉਪਦੇਸ਼ ਚਾਰਾਂ ਵਰਨਾਂ ਲਈ ਕਲਿਆਣ ਅਤੇ ਉਧਾਰਵਾਲਾ ਹੈ।

ਖਤ੍ਰੀ ਬ੍ਰਾਹਮਣ ਸੂਦ ਵੈਸ
ਉਪਦੇਸ਼ ਚਹੁ ਵਰਨਾ ਕਉ ਸਾਝਾ।(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਅੰਗ-748)

ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਵਸ ਤੇ ਸਭ ਸੰਗਤਾਂ ਨੂੰ ਲੱਖ-ਲੱਖ ਵਧਾਈ ਹੋਵੇ ਜੀ।ਆਉ ਆਪਾਂ ਸਾਰੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਪਵਿੱਤਰ ਚਰਨਾਂ ਨਾਲ ਜੁੜੀਏ ਤੇ ਜੀਵਨ ਸਫਲ ਬਣਾਈਏ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ**

# ਲਾਸਾਨੀ ਸ਼ਹਾਦਤ ਸਾਰਾਗੜ੍ਹੀ ਦੇ ਸ਼ਹੀਦ, ਉਹਨਾਂ ਨੂੰ ਯਾਦ ਕਰਦਿਆਂ ਹੋਇਆਂ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ

**ਪੰਜਾਬੀਆਂ** ਵੱਲੋਂ ਦੇਸ਼ ਪ੍ਰਤੀ ਜਜ਼ਬਾ, ਭਾਵਨਾ, ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਪਾਏ ਗਏ ਯੋਗਦਾਨ ਕੁਰਬਾਨੀਆਂ ਨਾਲ ਭਰੇ ਪਏ ਹਨ । ਇਕ ਸਾਹਸ, ਸਿਦਕ ਦ੍ਰਿੜਤਾ ਅਤੇ ਆਪਣੇ ਕਰਤਵ ਪਾਲਣ ਕਰਨ ਵਾਲੀ ਵੀਰਤਾ ਭਰਪੂਰ ਇਤਿਹਾਸਕ ਘਟਨਾ ਅਦੁੱਤੀ ਜੰਗ ਸਾਰਾਗੜ੍ਹੀ ਨਾਂਅ ਨਾਲ ਜਾਣੀ ਜਾਂਦੀ ਹੈ। ਇਤਿਹਾਸ ਸਿਰਜਿਆ ਕਿਵੇਂ ਜਾਂਦਾ ਹੈ, ਇਸ ਵੱਡਮੁੱਲੀ ਵਿਰਾਸਤ ਦੀ ਦੇਖ-ਰੇਖ ਕਰਦਿਆਂ ਦੇਸ਼, ਕੌਮ ਤੇ ਸਮਾਜ ਦੇ ਵਾਰਸਾਂ ਵਿਸ਼ੇਸ਼ ਤੌਰ ਤੇ ਨੌਜਵਾਨਾਂ ਅੰਦਰ ਕਿਵੇਂ ਉਦੇ ਪੂਰਨ ਜਜ਼ਬਾ ਪੈਦਾ ਕੀਤਾ ਜਾ ਸਕਦਾ ਹੈ, ਇਸ ਬਾਰੇ ਕੁੱਝ ਕੁ ਅੰਸ ਮੈ ਆਪ ਜੀ ਦੇ ਨਾਲ ਸਾਂਝੇ ਕਰਨ ਜਾ ਰਿਹਾ ਹਾਂ, 1896 ਵਿਚ ਉੱਤਰ ਪੱਛਮੀ ਸਰਹੱਦੀ ਸੂਬੇ ਦੇ ਪਠਾਣਾਂ ਨੇ ਬ੍ਰਿਟਿਸ਼ ਵਪਾਰੀਆਂ ਨੂੰ ਹਮਾਲਿਆਂ ਤੋਂ ਬਚਾਉਣ ਦੀ ਨੀਤੀ ਦੇ ਵਿਰੁੱਧ, ਵਿਦਰੋਹ ਕਰ ਦਿੱਤਾ, ਇਸ ਇਲਾਕੇ ਵਿਚ ਬਰਤਾਨਵੀ ਫ਼ੌਜ ਦੀ ਤਾਇਨਾਤੀ ਖ਼ਿਲਾਫ਼ ਜੇਹਾਦ ਛੇੜ ਦਿੱਤਾ। ਇਸ ਵੰਗਾਰ ਦੇ ਮੁਕਾਬਲੇ ਲਈ 31 ਦਸੰਬਰ 1896 ਨੂੰ 36 ਸਿੱਖ (ਹੁਣ 4 ਸਿੱਖ) ਨੂੰ" ਸਮਾਨਾ ਰਿੱਜ 'ਤੇ ਤਾਇਨਾਤ ਕਰਨ ਉਪ੍ਰੰਤ ਇਸ ਨੂੰ ਦੋ ਭਾਗਾਂ ਵਿਚ ਵੰਡ ਦਿੱਤਾ ਗਿਆ। ਜਿਸ ਦੇ ਸਿੱਟੇ ਵਜੋਂ ਬਟਾਲੀਅਨ ਹੈੱਡਕੁਆਰਟਰ ਅਤੇ ਸੱਜੇ ਵਿੰਗ ਦੀ ਅਗਵਾਈ ਦੀ ਵਾਗਡੋਰ ਲੈਫ. ਕਰਨਲ ਜੇ ਹਾਊਸਟਨ, ਕਮਾਂਡਿੰਗ ਅਫਸਰ ਨੇ ਸੰਭਾਲੀ, 2 ਜੂਨ 1897 ਨੂੰ ਲੋਕਹਾਰਟ ਕਿਲ੍ਹੇ 'ਤੇ ਕਬਜ਼ਾ ਕਰ ਲਿਆ, ਫ਼ੌਜੀ ਟੁਕੜੀਆਂ ਨੂੰ ਸਾਰਾਗੜ੍ਹੀ, ਦਾਰ, ਸੰਗਰ, ਸਰਤ੍ਰੋਪ ਕੁੰਗ ਤੇ ਗੁਲਸਤਾਨ ਕਿਲ੍ਹੇ ਤਕ ਫੈਲਾਅ ਦਿੱਤਾ, ਜੋ ਲਗਭੱਗ ਇੱਥੋਂ ਤਕਰੀਬਨ 5 ਮੀਲ ਦੇ ਫ਼ਾਸਲੇ ਤੇ ਸੀ । ਖੱਬਾ ਹਿੱਸਾ ਜੋ ਕੈਪਟਨ ਡਬਲਿਊ. ਬੀਗੋਰਡਨ ਦੀ ਕਮਾਂਡ ਹੇਠ ਸੀ, ਨੇ 08 ਜਨਵਰੀ 1897 ਨੂੰ ਪਰਚਿਨਾਰ 'ਤੇ ਕਬਜ਼ਾ ਕਰ ਲਿਆ, ਨਿੱਕੀਆਂ ਨਿੱਕੀਆਂ ਟੁਕੜੀਆਂ ਥਾਲ ਅਤੇ ਸੱਦਾ ਵਿਖੇ ਤਾਇਨਾਤ ਕਰ ਦਿੱਤੀਆਂ। ਲੜਾਈ ਛਿੜਨ ਦੀ ਸੂਰਤ ਵਿਚ ਇਨ੍ਹਾਂ ਲਈ ਪੱਕਾ ਗੈਰੀਜਨ ਕੋਹਾਟ ਵਿਖੇ ਸੀ। ਜਿੱਥੇ ਰੀਇਨਫੋਰਸਮੈਂਟ ਦਾ ਬੰਦੋਬਸਤ ਸੀ੍ਪ੍ਰੰਤੂ ਇਹ ਜਗ੍ਹਾ ਇਨ੍ਹਾਂ ਪੋਸਟਾਂ ਤੋਂ ਪੰਜਾਹ ਮੀਲ ਦੂਰ ਸੀ ਜਿੱਥੇ ਪਹੁੰਚਣ ਲਈ ਲਾਂਘਾ ਦੁਸ਼ਮਣ ਦੇ ਇਲਾਕੇ ਵਿੱਚੋਂ ਹੀ ਸੀ।27 ਅਗਸਤ ਅਤੇ 8 ਸਤੰਬਰ 1897 ਦੇ ਦਰਮਿਆਨ ਉਗਰਜਾਏ ਸੰਪਰਦਾ ਦੇ ਭਾਰੀ ਗਿਣਤੀ ਵਿਚ ਲੋਕਾਂ ਨੇ ਖੱਬੇ ਵਿੰਗ 'ਤੇ ਧਾਵਾ ਬੋਲ ਦਿੱਤਾ, ਪਰ 10 ਸਤੰਬਰ 1897 ਤਕ ਰੱਖਿਆ ਸੈਨਿਕਾਂ ਵੱਲੋਂ ਹਮਲਾ ਪਛਾੜਦੇ ਹੋਏ ਇਨ੍ਹਾਂ ਧਾੜਵੀਆਂ ਨੂੰ ਖਾਕੀ ਘਾਟੀ ਵਿਚ ਜਾਣ ਲਈ ਮਜਬੂਰ ਕਰ ਦਿੱਤਾ, ਪਰ ਜਲਦੀ ਹੀ 10,000 ਦੇ ਕਰੀਬ ਤਾਕਤਵਰ ਅਫਰੀਦੀ ਲਸ਼ਕਰ ਜਿਸ ਦੇ ਨਾਲ ਉਗਰਜਾਏ ਵੀ ਸਨ, ਉਹਨਾਂ ਨੇ ਸਮਾਨਾ ਚੌਕੀ 'ਤੇ ਜ਼ਬਰਦਸਤ ਹਮਲਾ ਕਰ ਦਿੱਤਾ। ਰੱਖਿਆ ਸੈਨਿਕਾਂ ਨੇ ਇਨ੍ਹਾਂ ਦੇ ਹਰ ਹਮਲੇ ਨੂੰ ਪਛਾੜਦੇ ਹੋਏ ਦੁਸ਼ਮਣ ਨੂੰ ਕਾਫੀ ਜਾਨੀ ਨੁਕਸਾਨ ਪਹੁੰਚਾਇਆ। ਸਾਰਾਗੜ੍ਹੀ ਚੌਕੀ ਦੀ ਮਹੱਤਤਾ ਅਤੇ ਛੋਟੇ ਆਕਾਰ ਨੂੰ ਸਮਝਦੇ ਹੋਏ 12 ਸਤੰਬਰ 1897 ਨੂੰ ਤਕਰੀਬਨ 8000 ਅਫਰੀਕੀ ਉਗਰਜਾਈ ਆਦਿਵਾਸੀਆਂ ਨੇ ਹਮਲਾ ਕਰ ਕੇ ਚੌਂਕੀ ਨੂੰ ਚਾਰ ਚੁਫੇਰੇ ਤੋਂ ਘੇਰ ਲਿਆ। ਇਸ ਤਰ੍ਹਾਂ ਸਾਰਾਗੜ੍ਹੀ ਦੇ ਰੱਖਿਅਕਾਂ ਦਾ ਮੁੱਖ ਰੱਖਿਆ ਦਸਤਿਆਂ ਅਤੇ ਬਾਕੀ ਫ਼ੌਜ ਨਾਲ ਸੰਪਰਕ ਟੁੱਟ ਗਿਆ। ਇਸ ਦੇ ਸਿੱਟੇ ਵਜੋਂ ਦੁਸ਼ਮਣ ਦੇ ਘੇਰੇ ਵਿਚ ਆਈ ਰੱਖਿਆ ਟੁਕੜੀ ਤਕ ਕੋਈ ਰਾਸ਼ਨ, ਗੋਲੀ ਸਿੱਕਾ ਅਤੇ ਰੀਇਨਫੋਰਸਮੈਂਟ ਨਾ ਪਹੁੰਚ ਸਕੀ। ਚੌਕੀ ਕੋਲ ਬਟਾਲੀਅਨ ਹੈੱਡ ਕੁਆਰਟਰ ਨਾਲ ਪਹਾੜੀ ਇਲਾਕੇ ਵਿਚ ਸੂਚਨਾ ਪਹੁੰਚਾਉਣ ਦਾ ਉਸ ਸਮੇਂ ਵਿਚ ਪ੍ਰਚਲਿਤ ਸਾਧਨ ਸਿਰਫ਼ ਹੈਲੀਓਗ੍ਰਾਫ ਹੀ ਹੁੰਦਾ ਸੀ, ਸਾਰਾਗੜ੍ਹੀ ਦੀ ਗੌਰਵਮਈ ਅਤੇ ਮਹੱਤਵਪੂਰਨ ਲੜਾਈ ਨੇ ਭਿਆਨਕ ਰੁੱਖ ਉਦੋਂ ਅਪਣਾਅ ਲਿਆ ਜਦੋਂ ਦੁਸ਼ਮਣ ਦੇ ਵੱਡੇ ਲਸ਼ਕਰ 12 ਸਤੰਬਰ 1897 ਨੂੰ ਸਵੇਰੇ 9.30 ਵਜੇ ਸਾਰਾਗੜ੍ਹੀ ਚੌਕੀ ਦੀ ਹਿਫਾਜ਼ਤ ਟੁਕੜੀ ਦੇ ਸੇਵਾਦਾਰ ਸਮੇਤ 22 ਸਿੱਖ ਸੈਨਿਕਾਂ 'ਤੇ ਪਹਿਲਾ ਹਮਲਾ ਕੀਤਾ। ਰਖਵਾਲਿਆਂ ਨੇ ਦੁਸ਼ਮਣ ਦੇ ਹਮਲੇ ਨੂੰ ਨਾ ਸਿਰਫ਼ ਪਛਾੜਿਆ ਸਗੋਂ ਸੈਂਕੜੇ ਦੁਸ਼ਮਣਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਸਾਰਾਗੜ੍ਹੀ ਪੋਸਟ ਦੇ ਇਨ੍ਹਾਂ ਸੂਰਬੀਰਾਂ ਨੇ ਦੁਸ਼ਮਣ ਦੀ ਵੱਡੀ ਗਿਣਤੀ ਦੀ ਪਰਵਾਹ ਨਾ ਕਰਦੇ ਹੋਏ ਉਨ੍ਹਾਂ ਦੇ ਹਮਲਿਆਂ ਨੂੰ ਨਾ ਕਾਮਯਾਬ ਬਣਾਇਆ। ਇਹ ਲੜਾਈ ਦਿਨ ਭਰ ਚੱਲਣ ਕਾਰਨ ਇਕ ਮੌਕਾ ਅਜਿਹਾ ਆਇਆ, ਜਦੋਂ ਦੁਸ਼ਮਣ ਦੇ ਚੀਫ਼ ਗੁੱਲ ਬਾਦਸ਼ਾਹ ਦੀ ਅਗਵਾਈ ਵਿਚ ਲਗਾਤਾਰ ਨਿਰਦੈਇਤਾ ਭਰਪੂਰ ਹਮਲਿਆਂ ਕਾਰਨ ਸਾਰਾਗੜ੍ਹੀ ਦੇ ਰੱਖਿਅਕਾਂ ਦੀ ਗਿਣਤੀ ਲਗਾਤਾਰ ਘਟਣੀ ਸ਼ੁਰੂ ਹੋ ਗਈ। ਚੌਕੀ ਦੇ ਚਾਰ ਚੁਫੇਰੇ ਝਾੜੀਆਂ ਨੂੰ ਅੱਗ ਲਗਾ ਕੇ ਧੂੰਆਂ ਕਰ ਦਿੱਤਾ। ਜਿਸ ਦਾ ਫ਼ਾਇਦਾ ਉਠਾ ਕੇ ਧਾੜਵੀ ਪੋਸਟ ਅੰਦਰ ਘੁਸਪੈਠ ਕਰਨ ਵਿਚ ਕਾਮਯਾਬ ਹੋ ਗਏ ਅਤੇ ਬਾਕੀ ਫ਼ੌਜ ਨੂੰ ਅੰਦਰ ਘੁਸਾਣ ਵਿਚ ਸਹਾਈ ਹੋਏ। ਗੁਲਸਤਾਨ ਗੈਰੀਜਨ ਇਹ ਸਭ ਕਾਰਵਾਈਆਂ ਦੇਖਦਾ ਰਿਹਾ ਪਰ ਦੋਵੇਂ ਪੋਸਟਾਂ ਵਿਚ ਆਪਸੀ ਦੂਰੀ ਹੋਣ ਕਾਰਨ ਕੋਈ ਵੀ ਸਹਾਇਤਾ ਕਰਨ ਵਿਚ ਅਸਮਰੱਥ ਰਿਹਾ। ਸਾਰਾਗੜ੍ਹੀ ਪੋਸਟ ਦੇ ਰਖਵਾਲੇ ਹਵਾਲਦਾਰ ਈਸ਼ਰ ਸਿੰਘ ਦੀ ਦਲੇਰਾਨਾ ਤੇ ਪ੍ਰਭਾਵਸ਼ਾਲੀ ਕਮਾਨ ਹੇਠ ਜੰਗਜੂਆਂ ਨੇ ਇਹ ਮਤਾ ਪਕਾ ਲਿਆ ਕਿ ਉਹ ਆਪਣੀ ਕੌਮ ਤੇ ਪਲਟਨ ਦੀ ਉੱਚ ਕੋਟੀ ਦੀ ਪ੍ਰੰਪਰਾ ਅਨੁਸਾਰ ਸੌਂਪੇ ਹੋਏ ਕਾਰਜ ਦੀ ਸੰਪੂਰਨਤਾ ਲਈ ਆਪਣੀ ਜਾਨ ਵਾਰ ਦੇਣਗੇ। ਥੋੜ੍ਹੇ ਜਿਹੇ ਸਿੱਖ ਪਲਟਨ ਦੇ ਬੱਬਰ ਸ਼ੇਰਾਂ ਨੇ ਗਾਰੇ ਦੀ ਕੱਚੀ ਬਣੀ ਚੌਕੀ, ਹਜ਼ਾਰਾਂ ਕਬਾਇਲੀ ਧਾੜਵੀਆਂ ਦਾ ਮੁਕਾਬਲਾ ਕਰਨ ਦੀ ਗੁੜ੍ਹਤੀ ਤਾਂ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਫੁਰਮਾਨ ਦਾ ਸਿਮਰਨ ਕਰਦਿਆਂ 'ਦੇਹ ਸ਼ਿਵਾ ਬਰ ਮੋਹਿ ਇਹੈ... ਜਬਿ ਆਵਿ ਕੀ ਆਉਧ ਨਿਦਾਨ ਬਨੈ ਅਤਿ ਹੀ ਰਣਿ ਮਹਿ ਤਬ ਜੂਝ ਮਰੋ,' ਜੈਕਾਰਿਆਂ ਦੀ ਗੂੰਜ 'ਚ ਆਖ਼ਰੀ ਗੋਲੀ ਤੇ ਆਖ਼ਰੀ ਸਾਹ ਤਕ ਲੜਦੇ ਹੋਏ ਦੁਸ਼ਮਣ ਦੇ ਛੱਕੇ ਛੁਡਾਉਂਦੇ ਇਕ-ਇਕ ਕਰ ਕੇ 22 ਸੂਰਬੀਰ ਸ਼ਹਾਦਤ ਦਾ ਜਾਮ ਪੀ ਗਏ, ਪਰ ਉਨ੍ਹਾਂ ਆਪਣੇ ਕਬਜ਼ੇ ਹੇਠ ਜ਼ਮੀਨ ਦਾ ਇਕ ਇੰਚ ਹਿੱਸਾ ਵੀ ਦੁਸ਼ਮਣਾਂ ਨੂੰ ਲੈਣ ਨਹੀਂ ਦਿੱਤਾ। ਸਾਰਾਗੜ੍ਹੀ ਦੀ ਲੜਾਈ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ ਦੇ ਨਾਂ ਇਸ ਪ੍ਰਕਾਰ ਹਨ : 165 ਹਵਲਦਾਰ ਈਸ਼ਰ ਸਿੰਘ, 332 ਨਾਇਕ ਲਾਲ ਸਿੰਘ, 546 ਲਾ. ਨਾਇਕ ਚੰਦਾ ਸਿੰਘ, 1321 ਸਿਪਾਹੀ ਸੁੰਦਰ ਸਿੰਘ, 287 ਸਿ. ਰਾਮ ਸਿੰਘ, 492 ਸਿ. ਉੱਤਮ ਸਿੰਘ, 182 ਸਿ. ਸਾਹਿਬ ਸਿੰਘ, 359 ਸਿ. ਹੀਰਾ ਸਿੰਘ, 687 ਸਿ. ਦਇਆ ਸਿੰਘ, 760 ਸਿ. ਜੀਵਨ ਸਿੰਘ, 791 ਸਿ. ਭੋਲਾ ਸਿੰਘ, 834 ਸਿ. ਨਾਰਾਇਣ ਸਿੰਘ, 814 ਸਿ. ਗੁਰਮੁਖ ਸਿੰਘ, 871 ਸਿ. ਜੀਵਨ ਸਿੰਘ, 1733 ਸਿ. (ਸਿਗਨਲ ਮੈਨ) ਗੁਰ ਸਿੰਘ, 163 ਸਿ. ਰਾਮ ਸਿੰਘ, 1257 ਸਿ. ਭਗਵਾਨ ਸਿੰਘ, 1265 ਸਿ. ਭਗਵਾਨ ਸਿੰਘ, 1556 ਸਿ. ਬੂਟਾ ਸਿੰਘ, 1651 ਸਿ. ਜੀਵਨ ਸਿੰਘ, 1221 ਸਿ. ਨੰਦ ਸਿੰਘ ਅਤੇ ਐਨ. ਸੀ. ਈ. ਸੇਵਾਦਾਰ ਦਾਦ, ਅੱਜ ਸਮੁੱਚਾ ਦੇਸ਼ ਉਹਨਾਂ ਦੀ ਕੁਰਬਾਨੀ ਨੂੰ ਯਾਦ ਕਰ ਰਿਹਾ ਹੈ, ਖਾਸ ਕਰਕੇ ਫਿਰੋਜ਼ਪੁਰ ਵਿਖੇ ਉਹਨਾਂ ਦੀ ਯਾਦ ਵਿੱਚ ਇਕ ਬਹੁਤ ਸੁੰਦਰ ਯਾਦਗਰ ਬਣਾਈ ਹੋਈ ਹੈ, ਨਾਲ ਹੀ ਇੱਕ ਗੁਰੂਦਵਾਰਾ ਸਾਹਿਬ ਦੀ ਆਲੀਸ਼ਾਨ ਬਿਲਡਿੰਗ ਸੁਸ਼ੋਬਿਤ ਹੈ, ਹਰ ਸਾਲ ਇਥੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਂਦੇ ਹਨ, ਫੌਜ਼ ਦੇ ਅਧਿਕਾਰੀਆਂ ਤੇ ਸੈਨਿਕਾਂ ਵਲੋਂ ਸਰਧਾਂਜ਼ਲੀ ਦਿਤੀ ਜਾਂਦੀ ਹੈ, ਐਕਸ ਸਰਵਿਸਮੇਨ ਵੀ ਆਪਣਾ ਸਿਰ ਇਥੇ ਹੀ ਉਹਨਾਂ ਯੋਧਿਆਂ ਨੂੰ ਝੁਕਾਉਂਦੇ ਹਨ, ਸ਼ਹੀਦ ਕੌਮਾਂ ਦੀ ਸ਼ਰਮਾਇਆ ਹੁੰਦੇ ਹਨ, ਸ਼ਹੀਦੋਂ ਕੀ ਚਿੰਤਾਉ ਪਰ ਹਰ ਬਰਸ ਲਗੇਂਗੇ ਮੇਲੇ ,ਵਤਨ ਪਰ ਮਿਟਨੇ ਵਾਲੋ ਕਾ ਬਾਕੀ ਇਹ ਨਿਸ਼ਾ ਹੋਗਾ।



ਆਵਾਜ਼ਿ ਕੌਮ AWAZE QAUM International Newspaper & WEB TV

**-ਜਸਵਿੰਦਰ ਸਿੰਘ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 12 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਐੱਸ. ਆਈ. ਟੀ. ਅੱਗੇ ਪੇਸ਼ ਨਹੀਂ ਹੋਏ ਸੁਖਬੀਰ ਸਿੰਘ ਬਾਦਲ

**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਬਹਿਬਲ ਕਲਾਂ ਗੋਲੀ ਕਾਂਡ ਮਾਮਲੇ ਵਿਚ ਐੱਸ. ਆਈ. ਟੀ. ਅੱਗੇ ਪੇਸ਼ ਨਹੀਂ ਹੋਏ। ਸੁਖਬੀਰ ਬਾਦਲ ਦੀ ਜਗ੍ਹਾ ਉਨ੍ਹਾਂ ਦੇ ਵਕੀਲ ਅਰਸ਼ਦੀਪ ਕਲੇਰ ਅਤੇ ਅਕਾਲੀ ਆਗੂ ਬੰਟੀ ਰੋਮਾਣਾ ਐੱਸ. ਆਈ. ਟੀ. ਕੋਲ ਆਏ। ਦੱਸਿਆ ਜਾ ਰਿਹਾ ਹੈ ਕਿ ਮੈਡੀਕਲ ਕਾਰਣਾਂ ਕਰਕੇ ਸੁਖਬੀਰ ਬਾਦਲ ਪੇਸ਼ ਨਹੀਂ ਹੋਏ ਹਨ।



ਦੂਜੇ ਪਾਸੇ ਇਸ ਮਾਮਲੇ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਣਬੀਰ ਸਿੰਘ ਢੀਂਡਸਾ ਨੇ ਕਿਹਾ ਕਿ ਸੁਖਬੀਰ ਬਾਦਲ ਇਸ ਲਈ ਪੇਸ਼ ਨਹੀਂ ਹੋਏ ਕਿਉਂਕਿ ਉਨ੍ਹਾਂ ਨੂੰ ਭਾਜਪਾ ਵੱਲੋਂ ਸੁਨੇਹਾ ਆਇਆ ਸੀ, ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਵਿਚਾਲੇ ਸਮਝੌਤਾ ਹੋ ਰਿਹਾ ਹੈ। ਭਾਜਪਾ ਨੇ ਹੀ ਸੁਖਬੀਰ ਨੂੰ ਪੇਸ਼ ਨਾ ਹੋਣ ਲਈ ਆਖਿਆ ਹੈ। ਉਧਰ ਅਕਾਲੀ ਆਗੂ ਅਤੇ ਸੀਨੀਅਰ ਵਕੀਲ ਅਰਸ਼ਦੀਪ ਸਿੰਘ ਕਲੇਰ ਨੇ ਕਿਹਾ ਕਿ ਚੋਣਾਂ ਨੇੜੇ ਆਉਣ ਕਰਕੇ ਜਾਣ ਬੁੱਝ ਕੇ ਸਿਆਸਤ ਕੀਤੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਐੱਸ. ਆਈ. ਟੀ. ਪੁੱਛੇ ਜਾਣ ਵਾਲੇ ਸਵਾਲਾਂ ਨੂੰ ਪਹਿਲਾਂ ਲਿਖ ਕੇ ਦੇਵੇ। ਉਨ੍ਹਾਂ ਇਹ ਵੀ ਕਿਹਾ ਕਿ 30 ਸਤੰਬਰ ਤੱਕ ਰੈਲੀਆਂ ਦੇ ਚੱਲਦੇ ਸੁਖਬੀਰ ਬਾਦਲ ਰੁੱਝੇ ਹੋਏ ਹਨ। ਲਿਹਾਜ਼ਾ ਉਨ੍ਹਾਂ ਨੂੰ 30 ਸਤੰਬਰ ਤੋਂ ਬਾਅਦ ਦਾ ਸਮਾਂ ਦਿੱਤਾ ਜਾਵੇ।

## ਭਾਰੀ ਵਿਰੋਧ ਮਗਰੋਂ ਅਮਰੀਕਾ ਨੇ

# ਹਟਾਇਆ ਵਿਵਾਦਿਤ 'ਮਿ. ਸਿੰਘ' ਵਾਲਾ ਪੋਸਟਰ

**ਵਾਸ਼ਿੰਗਟਨ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ 'ਹੋਮਲੈਂਡ ਸਕਿਓਰਿਟੀ ਵਿਭਾਗ' ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' (ਟਵਿੱਟਰ) 'ਤੇ ਪੋਸਟ ਕੀਤੇ ਗਏ ਇੱਕ ਵਿਵਾਦਤ ਪੋਸਟਰ ਨੂੰ ਭਾਰੀ ਵਿਰੋਧ ਤੋਂ ਬਾਅਦ ਹਟਾ ਦਿੱਤਾ ਗਿਆ ਹੈ। ਇਸ ਪੋਸਟਰ ਵਿੱਚ 'ਟ੍ਰਾਂਸਫਾਰਮਰਜ਼' ਫਿਲਮ ਦੇ ਕਿਰਦਾਰ ਓਪਟੀਮਸ ਪ੍ਰਾਈਮ ਦੇ ਸਾਹਮਣੇ ਦਾੜ੍ਹੀ ਵਾਲੇ ਅਤੇ ਸਿਰ 'ਤੇ ਰੁਮਾਲ ਬੰਨ੍ਹੇ ਇੱਕ ਸਿੱਖ ਵਿਅਕਤੀ ਨੂੰ ਦਿਖਾਇਆ ਗਿਆ ਸੀ। ਇਸ ਤਸਵੀਰ 'ਤੇ "Get off our roads, you don't know how to drive Mr. Singh" (ਸਾਡੀਆਂ ਸੜਕਾਂ ਤੋਂ ਹਟ ਜਾਓ, ਮਿਸਟਰ ਸਿੰਘ ਤੁਹਾਨੂੰ ਗੱਡੀ ਚਲਾਉਣੀ ਨਹੀਂ ਆਉਂਦੀ) ਅਤੇ "Self deport or find out" (ਖੁਦ ਦੇਸ਼ ਛੱਡੋ ਜਾਂ ਨਤੀਜਾ ਭੁਗਤੋ) ਜਿਹੇ ਵਿਵਾਦਤ ਸ਼ਬਦ ਲਿਖੇ ਹੋਏ ਸਨ। ਇਸ ਪੋਸਟਰ ਦੇ ਸਾਹਮਣੇ ਆਉਂਦੇ ਹੀ ਭਾਰਤੀ-ਅਮਰੀਕੀ ਸੰਗਠਨਾਂ ਅਤੇ ਡੈਮੋਕ੍ਰੇਟਿਕ ਕਾਨੂੰਨਸਾਜ਼ਾਂ ਦੁਆਰਾ




ਇਸ ਦੀ ਤੁਰੰਤ ਅਤੇ ਸਖ਼ਤ ਆਲੋਚਨਾ ਕੀਤੀ ਗਈ। ਉਨ੍ਹਾਂ ਇਸ ਨੂੰ ਸਿੱਖ ਅਮਰੀਕੀਆਂ ਵਿਰੁੱਧ ਨਸਲੀ ਵਿਤਕਰੇ ਵਾਲੀ ਅਤੇ 'ਸਿੰਘ' ਸਰਨੇਮ ਵਰਤਣ ਵਾਲੇ ਲੱਖਾਂ ਲੋਕਾਂ ਲਈ ਇਤਰਾਜਯੋਗ ਕਰਾਰ ਦਿੱਤਾ। ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸਮ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਲਿਖਿਆ, "ਇਹ ਬੇਹੱਦ ਘਿਨਾਉਣਾ ਹੈ। ਟਰੰਪ ਸਰਕਾਰ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾ ਕੇ ਨਸਲਪ੍ਰਸਤ ਪ੍ਰਚਾਰ ਕਰ ਰਹੀ ਹੈ।" ਵਿਵਾਦ ਵਧਣ 'ਤੇ DHS ਨੇ ਬਿਆਨ ਜਾਰੀ ਕਰਕੇ ਦਾਅਵਾ ਕੀਤਾ ਕਿ ਇਸ ਤਸਵੀਰ ਵਿੱਚ ਹਰਜਿੰਦਰ ਸਿੰਘ ਨਾਮਕ ਭਾਰਤੀ ਨਾਗਰਿਕ ਨੂੰ ਦਿਖਾਇਆ ਗਿਆ ਸੀ, ਜੋ ਫਲੋਰੀਡਾ ਵਿੱਚ ਹੋਏ ਇੱਕ ਸੜਕ ਹਾਦਸੇ ਵਿੱਚ 3 ਲੋਕਾਂ ਦੀ ਮੌਤ ਦੇ ਮਾਮਲੇ ਵਿੱਚ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਹੈ। DHS ਨੇ ਜਨਤਕ ਰੋਸ ਨੂੰ ਖਾਰਜ ਕਰਦਿਆਂ ਕਿਹਾ ਕਿ ਹਰਜਿੰਦਰ ਸਿੰਘ ਇੱਕ ਗੈਰ-ਕਾਨੂੰਨੀ ਪ੍ਰਵਾਸੀ ਹੈ, ਜਿਸ ਨੂੰ ਦੇਸ਼ ਵਿੱਚ ਨਹੀਂ ਹੋਣਾ ਚਾਹੀਦਾ ਸੀ, ਹਾਲਾਂਕਿ ਪੋਸਟ ਹਟਾਉਣ ਦਾ ਕੋਈ ਸਪੱਸ਼ਟ ਕਾਰਨ ਨਹੀਂ ਦੱਸਿਆ ਗਿਆ। ਇਸ ਦੇ ਨਾਲ ਹੀ DHS ਨੇ ਗਵਰਨਰ ਨਿਊਸਮ ਨੂੰ ਜਵਾਬ ਦਿੰਦਿਆਂ ਕਿਹਾ ਕਿ ਕੈਲੀਫੋਰਨੀਆ ਨੇ ਹੀ ਉਸ ਨੂੰ ਕਮਰਸ਼ੀਅਲ ਡਰਾਈਵਿੰਗ ਲਾਇਸੈਂਸ ਦਿੱਤਾ ਸੀ। ਵਿਭਾਗ ਨੇ ਸੜਕਾਂ 'ਤੇ ਗੈਰ-ਕਾਨੂੰਨੀ ਪ੍ਰਵਾਸੀਆਂ ਦੁਆਰਾ ਵਪਾਰਕ ਵਾਹਨ ਚਲਾਉਣ ਅਤੇ ਧੋਖਾਧੜੀ ਦੇ ਵਿਰੁੱਧ ਆਪਣੀ ਸਖ਼ਤ ਮੁਹਿੰਮ ਨੂੰ ਜਾਰੀ ਰੱਖਣ ਦੀ ਗੱਲ ਦੋਹਰਾਈ ਹੈ।

## ਸਿਖਰ ਸੰਮੇਲਨ ਤੋਂ ਪਹਿਲਾਂ ਦਿੱਲੀ 'ਚ ਸੁਰੱਖਿਆ ਪ੍ਰਬੰਧ ਸਖ਼ਤ; ਏਜੰਸੀਆਂ ਅਲਰਟ

**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਦਿੱਲੀ ਵਿੱਚ 12 ਅਤੇ 13 ਸਤੰਬਰ ਨੂੰ ਹੋਣ ਵਾਲੇ ਬ੍ਰਿਕਸ ਸੰਮੇਲਨ ਤੋਂ ਪਹਿਲਾਂ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਹੈ। ਇੰਟੈਲੀਜੈਂਸ ਬਿਊਰੋ ਦੇ ਅਲਰਟ ਤੋਂ ਬਾਅਦ, ਦਿੱਲੀ ਪੁਲਿਸ ਅਤੇ ਕੇਂਦਰੀ ਸੁਰੱਖਿਆ ਏਜੰਸੀਆਂ ਨੇ ਸੰਭਾਵਿਤ ਖਤਰਿਆਂ ਦੇ ਮੱਦੇਨਜ਼ਰ ਨਿਗਰਾਨੀ ਵਧਾ ਦਿੱਤੀ ਹੈ। ਅਧਿਕਾਰੀਆਂ ਨੂੰ ਡਰ ਹੈ ਕਿ ਕੁਝ ਸੰਗਠਨ ਜਾਂ ਸਮੂਹ ਵੀਵੀਆਈਪੀ ਨੇਤਾਵਾਂ ਦੀ ਆਵਾਜਾਈ ਵਿੱਚ ਵਿਘਨ ਪਾਉਣ, ਸੁਰੱਖਿਆ ਪ੍ਰਬੰਧਾਂ ਦੀ ਉਲੰਘਣਾ ਕਰਨ ਜਾਂ ਵਿਰੋਧ ਪ੍ਰਦਰਸ਼ਨਾਂ ਰਾਹੀਂ ਸੰਮੇਲਨ ਵਿੱਚ ਵਿਘਨ ਪਾਉਣ ਦੀ ਕੋਸ਼ਿਸ਼ ਕਰ ਸਕਦੇ ਹਨ। ਖੁਫੀਆ ਜਾਣਕਾਰੀ ਵਿੱਚ ਕੰਧਾਂ 'ਤੇ ਇਤਰਾਜ਼ਯੋਗ ਜਾਂ ਵਿਰੋਧ ਨਾਅਰੇ ਲਿਖਣ, ਡਰੋਨ ਉਡਾਉਣ ਅਤੇ ਵੀਵੀਆਈਪੀ ਰੂਟਾਂ ਵਿੱਚ ਘੁਸਪੈਠ ਕਰਨ ਦੀਆਂ ਕੋਸ਼ਿਸ਼ਾਂ ਵਰਗੇ ਖ਼ਤਰਿਆਂ ਦਾ ਸੰਕੇਤ ਮਿਲਿਆ ਹੈ। ਇਸ ਤੋਂ ਬਾਅਦ, ਸੰਮੇਲਨ ਸਥਾਨ, ਪ੍ਰਮੁੱਖ ਹੋਟਲਾਂ, ਵੀਵੀਆਈਪੀ ਰੂਟਾਂ, ਮਹੱਤਵਪੂਰਨ ਸਰਕਾਰੀ ਅਦਾਰਿਆਂ ਅਤੇ ਪ੍ਰਮੁੱਖ ਆਵਾਜਾਈ ਕੇਂਦਰਾਂ 'ਤੇ ਸੁਰੱਖਿਆ ਵਧਾ ਦਿੱਤੀ ਗਈ ਹੈ। ਸੁਰੱਖਿਆ ਏਜੰਸੀਆਂ ਵੱਖ-ਵੱਖ ਦੇਸ਼ਾਂ ਅਤੇ ਉਨ੍ਹਾਂ ਦੇ ਸਬੰਧਿਤ ਸੰਵੇਦਨਸ਼ੀਲ ਮੁੱਦਿਆਂ ਦੇ ਆਧਾਰ 'ਤੇ ਖਤਰਿਆਂ ਦਾ ਮੁਲਾਂਕਣ ਕਰ ਰਹੀਆਂ ਹਨ। ਸੂਤਰਾਂ ਮੁਤਾਬਿਕ ਤਿੱਬਤੀ ਵਿਰੋਧ ਪ੍ਰਦਰਸ਼ਨਾਂ ਅਤੇ ਰੂਸ ਨਾਲ ਸਬੰਧਤ ਮੁੱਦਿਆਂ ਸਮੇਤ ਚੀਨ ਨਾਲ ਸਬੰਧਤ ਮੁੱਦਿਆਂ 'ਤੇ ਵਿਸ਼ੇਸ਼ ਚੌਕਸੀ ਵਰਤੀ ਜਾ ਰਹੀ ਹੈ। ਏਜੰਸੀਆਂ ਨੂੰ ਡਰ ਹੈ ਕਿ ਇਨ੍ਹਾਂ ਮੁੱਦਿਆਂ ਦੀ ਵਰਤੋਂ ਦਿੱਲੀ ਵਿੱਚ ਵਿਰੋਧ ਪ੍ਰਦਰਸ਼ਨਾਂ ਜਾਂ ਹੋਰ ਅਸ਼ਾਂਤੀ ਪੈਦਾ ਕਰਨ ਲਈ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ, ਖਾਲਿਸਤਾਨ ਨਾਲ ਸਬੰਧਤ ਸੰਭਾਵੀ ਖ਼ਤਰੇ ਨੂੰ ਵੀ ਸੁਰੱਖਿਆ ਮੁਲਾਂਕਣ ਵਿੱਚ ਸ਼ਾਮਲ ਕੀਤਾ ਗਿਆ ਹੈ। ਏਜੰਸੀਆਂ ਨੂੰ ਸਮੇਂ-ਸਮੇਂ 'ਤੇ ਇਸ ਮੁੱਦੇ ਨਾਲ ਸਬੰਧਤ ਈਮੇਲ ਅਤੇ ਹੋਰ ਜਾਣਕਾਰੀਆਂ ਮਿਲ ਰਹੀਆਂ ਹਨ। ਸੁਰੱਖਿਆ ਏਜੰਸੀਆਂ ਸੋਸ਼ਲ ਮੀਡੀਆ ਅਤੇ ਡਿਜੀਟਲ ਸੰਚਾਰ ਪਲੇਟਫਾਰਮਾਂ ਦੀ ਵੀ ਲਗਾਤਾਰ ਨਿਗਰਾਨੀ ਕਰ ਰਹੀਆਂ ਹਨ। ਉਹ ਵਿਰੋਧ ਪ੍ਰਦਰਸ਼ਨਾਂ, ਲੋਕਾਂ ਨੂੰ ਲਾਮਬੰਦ ਕਰਨ ਦੀਆਂ ਕੋਸ਼ਿਸ਼ਾਂ, ਭੜਕਾਊ ਸਮੱਗਰੀ, ਅਤੇ ਸੰਭਾਵੀ ਭੰਨਤੋੜ ਜਾਂ ਗ੍ਰੈਫਿਟੀ ਦੇ ਸੰਕੇਤਾਂ ਦੀ ਨਿਗਰਾਨੀ ਕਰ ਰਹੀਆਂ ਹਨ। ਦਿੱਲੀ ਪੁਲਿਸ ਅਤੇ ਕੇਂਦਰੀ ਖੁਫੀਆ ਅਤੇ ਸੁਰੱਖਿਆ ਏਜੰਸੀਆਂ ਵਿਚਕਾਰ ਸਮੇਂ ਸਿਰ ਕਿਸੇ ਵੀ ਸੰਭਾਵੀ ਖ਼ਤਰੇ ਦੀ ਪਛਾਣ ਕਰਨ ਅਤੇ ਰੋਕਣ ਲਈ ਅਸਲ-ਸਮੇਂ ਦਾ ਤਾਲਮੇਲ ਅਤੇ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ।

## 9/11 ਹਮਲੇ ਦੀ 25ਵੀਂ ਵਰ੍ਹੇਗੰਢ: ਨਿਊਯਾਰਕ ਦੇ ਆਸਮਾਨ 'ਚ 2,977 ਡਰੋਨਾਂ ਨੇ ਬਣਾਏ 'ਟਵਿਨ ਟਾਵਰ'



**ਵਾਸ਼ਿੰਗਟਨ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ 'ਤੇ 11 ਸਤੰਬਰ, 2001 ਨੂੰ ਹੋਏ 9/11 ਅੱਤਵਾਦੀ ਹਮਲੇ ਦੀ 25ਵੀਂ ਵਰ੍ਹੇਗੰਢ ਦੇ ਮੌਕੇ ਨਿਊਯਾਰਕ ਵਿੱਚ ਮਾਰੇ ਗਏ ਲੋਕਾਂ ਨੂੰ ਇੱਕ ਖ਼ਾਸ ਤਰੀਕੇ ਨਾਲ ਸ਼ਰਧਾਂਜਲੀ ਦਿੱਤੀ ਗਈ। ਨਿਊਯਾਰਕ ਹਾਰਬਰ ਦੇ ਉੱਪਰ 9 ਸਤੰਬਰ ਦੀ ਰਾਤ ਨੂੰ ਹਜ਼ਾਰਾਂ ਰੋਸ਼ਨੀਆਂ ਵਾਲੇ ਡਰੋਨਾਂ ਦੀ ਮਦਦ ਨਾਲ ਆਸਮਾਨ ਵਿੱਚ ਇੱਕ ਵਾਰ ਫਿਰ ਵਰਲਡ ਟ੍ਰੇਡ ਸੈਂਟਰ ਦੇ ਇਤਿਹਾਸਕ 'ਟਵਿਨ ਟਾਵਰ' ਦੀ ਤਸਵੀਰ ਬਣਾਈ ਗਈ। ਇਸ ਖ਼ਾਸ ਸ਼ਰਧਾਂਜਲੀ ਸਮਾਗਮ ਵਿੱਚ ਹਮਲੇ ਦੌਰਾਨ ਮਾਰੇ ਗਏ 2,977 ਲੋਕਾਂ ਦੀ ਗਿਣਤੀ ਦੇ ਬਰਾਬਰ 2,977 ਰੋਸ਼ਨੀਆਂ ਦੀ ਵਰਤੋਂ ਕੀਤੀ ਗਈ। ਇਸੇ ਕਾਰਨ ਇਸ ਲਾਈਟ ਸ਼ੋਅ ਦਾ ਨਾਂ "B,IGG Lights Over New York" ਰੱਖਿਆ ਗਿਆ ਸੀ। ਇਸ ਵਿੱਚ ਹਰੇਕ ਰੋਸ਼ਨੀ ਹਮਲੇ ਵਿੱਚ ਆਪਣੀ ਜਾਨ ਗੁਆਉਣ ਵਾਲੇ ਇੱਕ-ਇੱਕ ਵਿਅਕਤੀ ਦੀ ਯਾਦ ਵਿੱਚ ਜਗਾਈ ਗਈ ਸੀ। ਡਰੋਨਾਂ ਨੇ ਆਸਮਾਨ ਵਿੱਚ ਪਹਿਲਾਂ ਘੁੰਮਦੇ ਹੋਏ ਹੈਲਿਕਸ ਵਰਗੀ ਆਕ੍ਰਿਤੀ ਬਣਾਈ ਅਤੇ ਫਿਰ ਨਿਊਯਾਰਕ ਦੀ ਸਕਾਈਲਾਈਨ ਦੇ ਸਾਹਮਣੇ ਟਵਿਨ ਟਾਵਰ ਦਾ ਆਕਾਰ ਧਾਰਨ ਕਰ ਲਿਆ। ਇਸ ਆਯੋਜਨ ਨੂੰ 9/11 ਹਮਲੇ ਦੇ ਪੀੜਤ ਪਰਿਵਾਰਾਂ, ਹਮਲੇ ਵਿੱਚ ਬਚੇ ਲੋਕਾਂ ਅਤੇ ਫਰਸਟ ਰਿਸਪੌਂਡਰਜ਼ (ਬਚਾਅ ਦਲ) ਦੀ ਭਾਗੀਦਾਰੀ ਨਾਲ ਤਿਆਰ ਕੀਤਾ ਗਿਆ। ਆਯੋਜਕਾਂ ਅਨੁਸਾਰ ਇਸ ਦਾ ਮੁੱਖ ਮਕਸਦ ਉਸ ਹਮਲੇ ਵਿੱਚ ਜਾਨ ਗੁਆਉਣ ਵਾਲੇ ਲੋਕਾਂ ਦੀ ਯਾਦ ਨੂੰ ਹਮੇਸ਼ਾ ਜ਼ਿੰਦਾ ਰੱਖਣਾ ਹੈ। 11 ਸਤੰਬਰ 2001 ਨੂੰ 19 ਅੱਤਵਾਦੀਆਂ ਨੇ 4 ਯਾਤਰੀ ਜਹਾਜ਼ਾਂ ਦਾ ਅਗਵਾ ਕੀਤਾ ਸੀ। ਇਨ੍ਹਾਂ ਵਿੱਚੋਂ ਦੋ ਜਹਾਜ਼ ਨਿਊਯਾਰਕ ਦੇ ਵਰਲਡ ਟ੍ਰੇਡ ਸੈਂਟਰ ਦੇ ਟਵਿਨ ਟਾਵਰਾਂ ਨਾਲ, ਤੀਜਾ ਜਹਾਜ਼ ਵਾਸ਼ਿੰਗਟਨ ਦੇ ਪੈਂਟਾਗਨ ਨਾਲ ਟਕਰਾਇਆ ਸੀ ਅਤੇ ਚੌਥਾ ਜਹਾਜ਼ ਪੈਂਸਿਲਵੇਨੀਆ ਵਿੱਚ ਡਿੱਗ ਗਿਆ ਸੀ। ਇਸ ਹਮਲੇ ਵਿੱਚ ਕੁੱਲ 2,977 ਲੋਕਾਂ ਦੀ ਮੌਤ ਹੋਈ ਸੀ। 25 ਸਾਲਾਂ ਬਾਅਦ ਨਿਊਯਾਰਕ ਹਾਰਬਰ ਦੇ ਉੱਪਰ ਬਣੀ ਟਵਿਨ ਟਾਵਰਾਂ ਦੀ ਇਸ ਰੋਸ਼ਨ ਤਸਵੀਰ ਨੇ ਇੱਕ ਵਾਰ ਫਿਰ ਉਸ ਯਾਦ ਨੂੰ ਲੋਕਾਂ ਸਾਹਮਣੇ ਲਿਆ ਦਿੱਤਾ।

## ਫੈਸਲਾਬਾਦ ਏਅਰਪੋਰਟ 'ਤੇ ਰੋਕੇ ਗਏ 104 ਸ਼ਰਧਾਲੂ, ਪਾਕਿ ਤੋਂ ਗੁਰਧਾਮਾਂ ਦੇ ਦਰਸ਼ਨਾਂ ਲਈ ਆ ਰਹੇ ਸਨ ਭਾਰਤ



**ਅੰਮ੍ਰਿਤਸਰ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਤੋਂ ਭਾਰਤ ਸਥਿਤ ਸਿੱਖ ਗੁਰਧਾਮਾਂ ਦੇ ਦਰਸ਼ਨਾਂ ਲਈ ਆ ਰਹੇ 104 ਸਿੱਖ ਸ਼ਰਧਾਲੂਆਂ ਨੂੰ ਫ਼ੈਸਲਾਬਾਦ ਏਅਰਪੋਰਟ 'ਤੇ ਕਰੀਬ 12 ਘੰਟਿਆਂ ਤੋਂ ਰੋਕ ਕੇ ਰੱਖਿਆ ਗਿਆ ਹੈ। ਇਹ 104 ਸ਼ਰਧਾਲੂ ਭਾਰਤ ਵਿੱਚ ਸ੍ਰੀ ਹੇਮਕੁੰਟ ਸਾਹਿਬ, ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ, ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ ਅਤੇ ਪੰਜਾਬ ਦੇ ਹੋਰ ਪ੍ਰਮੁੱਖ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਆ ਰਹੇ ਸਨ। ਸ਼ਰਧਾਲੂਆਂ ਮੁਤਾਬਕ ਉਨ੍ਹਾਂ ਕੋਲ ਇਸਲਾਮਾਬਾਦ ਸਥਿਤ ਭਾਰਤੀ ਦੂਤਾਵਾਸ ਵੱਲੋਂ ਜਾਰੀ ਕੀਤੇ ਗਏ ਵੈਧ ਵੀਜ਼ੇ ਮੌਜੂਦ ਹਨ। ਇਸ ਦੇ ਬਾਵਜੂਦ ਪਾਕਿਸਤਾਨ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਉਨ੍ਹਾਂ ਤੋਂ ਪਾਕਿਸਤਾਨ ਸਰਕਾਰ, ਗ੍ਰਹਿ ਵਿਭਾਗ ਅਤੇ ਵਿਦੇਸ਼ ਵਿਭਾਗ ਦੀ ਐਨ.ਓ.ਸੀ. ਪੇਸ਼ ਕਰਨ ਦੀ ਮੰਗ ਕੀਤੀ ਹੈ। ਸ਼ਰਧਾਲੂਆਂ ਨੇ ਦੱਸਿਆ ਕਿ ਉਹ ਪਹਿਲਾਂ ਵਾਹਗਾ-ਅਟਾਰੀ ਸਰਹੱਦ ਰਾਹੀਂ ਭਾਰਤ ਆਉਣ ਵਾਲੇ ਸਨ, ਪਰ ਪਾਕਿਸਤਾਨ ਵੱਲੋਂ ਜ਼ਮੀਨੀ ਰਸਤੇ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਤੋਂ ਬਾਅਦ ਉਨ੍ਹਾਂ ਨੇ ਮਹਿੰਗੀਆਂ ਟਿਕਟਾਂ ਖਰੀਦ ਕੇ ਹਵਾਈ ਯਾਤਰਾ ਕਰਨ ਦਾ ਫ਼ੈਸਲਾ ਕੀਤਾ। ਸ਼ਰਧਾਲੂਆਂ ਨੇ ਸਵਾਲ ਚੁੱਕਿਆ ਹੈ ਕਿ ਜੇਕਰ NOC ਜ਼ਰੂਰੀ ਸੀ ਤਾਂ ਉਨ੍ਹਾਂ ਨੂੰ ਟਿਕਟਾਂ ਖਰੀਦਣ ਤੋਂ ਪਹਿਲਾਂ ਜਾਣਕਾਰੀ ਕਿਉਂ ਨਹੀਂ ਦਿੱਤੀ ਗਈ। ਸ਼ਰਧਾਲੂਆਂ ਨੂੰ ਰਾਤ 10 ਵਜੇ ਤੋਂ ਸਵੇਰੇ 7 ਵਜੇ ਤੱਕ ਏਅਰਪੋਰਟ 'ਤੇ ਹੀ ਪਰੇਸ਼ਾਨੀ ਝੱਲਣੀ ਪਈ। ਯਾਤਰਾ ਦੀ ਇਜਾਜ਼ਤ ਨਾ ਮਿਲਣ 'ਤੇ ਜਥੇ ਦੇ ਮੈਂਬਰ ਏਅਰਪੋਰਟ 'ਤੇ ਹੀ ਬੈਠ ਕੇ ਪਾਠ ਅਤੇ ਗੁਰੂ ਸਾਹਿਬ ਦਾ ਜਾਪ ਕਰਦੇ ਰਹੇ। ਟਿਕਟਾਂ ਰੱਦ ਹੋਣ ਕਾਰਨ ਉਨ੍ਹਾਂ ਨੂੰ ਭਾਰੀ ਆਰਥਿਕ ਨੁਕਸਾਨ ਵੀ ਹੋਇਆ ਹੈ। ਪਾਕਿਸ ਜਥੇ ਦੇ ਆਗੂਆਂ ਨੇ ਭਾਰਤ ਦੇ ਸਿੱਖ ਆਗੂਆਂ ਤੋਂ ਇਸ ਮਾਮਲੇ ਵਿੱਚ ਦਖਲ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੂੰ ਪਾਕਿਸਤਾਨ ਸਰਕਾਰ ਨਾਲ ਗੱਲਬਾਤ ਕਰਕੇ ਇਜਾਜ਼ਤ ਦਿਵਾਉਣ ਦੀ ਅਪੀਲ ਕੀਤੀ ਹੈ।

## ਹਰਜੋਤ ਬੈਂਸ ਦੇ ਵਿਦੇਸ਼ ਦੌਰੇ 'ਤੇ ਹਾਈਕੋਰਟ ਸਖ਼ਤ, ਇੱਕੋ ਸਮੇਂ ਕੈਨੇਡਾ ਤੇ ਪੰਜਾਬ 'ਚ ਹਾਜ਼ਰੀ ਦੇ ਦਾਅਵੇ 'ਤੇ ਮੰਗਿਆ ਜਵਾਬ !

**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਕੈਨੇਡਾ ਦੌਰੇ ਸਬੰਧੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ ਦਾਇਰ ਕੀਤੀ ਗਈ ਹੈ। ਇਸ ਪਟੀਸ਼ਨ ਵਿੱਚ ਮੰਗ ਕੀਤੀ ਗਈ ਹੈ ਕਿ ਇਸ ਗੱਲ ਦੀ ਨਿਰਪੱਖ ਜਾਂਚ ਕੀਤੀ ਜਾਵੇ ਕਿ ਕੀ ਮੰਤਰੀ ਨੇ ਵਿਦੇਸ਼ੀ ਦੌਰੇ ਲਈ ਕੇਂਦਰ ਸਰਕਾਰ ਤੋਂ ਲਾਜ਼ਮੀ ਮਨਜ਼ੂਰੀ ਲਈ ਸੀ ਅਤੇ ਕੀ ਯਾਤਰਾ ਭੱਤਿਆਂ ਦੀ ਅਦਾਇਗੀ ਸਹੀ ਢੰਗ ਨਾਲ ਕੀਤੀ ਗਈ ਸੀ। ਪਟੀਸ਼ਨਕਰਤਾ ਦਾ ਦੋਸ਼ ਹੈ ਕਿ ਮੰਤਰੀ ਬੈਂਸ 17 ਤੋਂ 20 ਜਨਵਰੀ 2024



ਦਰਮਿਆਨ ਕੈਨੇਡਾ ਦੇ ਨਿੱਜੀ ਦੌਰੇ 'ਤੇ ਸਨ। ਇਸ ਦੇ ਉਲਟ, ਇਹ ਦਾਅਵਾ ਕੀਤਾ ਜਾਂਦਾ ਹੈ ਕਿ ਸਰਕਾਰੀ ਰਿਕਾਰਡ ਉਸੇ ਸਮੇਂ ਦੌਰਾਨ ਪੰਜਾਬ ਅਤੇ ਦਿੱਲੀ ਦੇ ਵੱਖ-ਵੱਖ ਸਥਾਨਾਂ 'ਤੇ ਉਨ੍ਹਾਂ ਦੀ ਮੌਜੂਦਗੀ ਅਤੇ ਸਥਾਨਕ ਦੌਰਿਆਂ ਵੱਲ ਇਸ਼ਾਰਾ ਕਰਦੇ ਹਨ। ਇਸ ਅੰਤਰ 'ਤੇ ਸਵਾਲ ਉਠਾਉਂਦੇ ਹੋਏ, ਪਟੀਸ਼ਨਕਰਤਾ ਨੇ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਹਾਲਾਂਕਿ ਹਾਈ ਕੋਰਟ ਨੇ ਅਜੇ ਤੱਕ ਸਰਕਾਰ ਨੂੰ ਕੋਈ ਰਸਮੀ ਨੋਟਿਸ ਜਾਰੀ ਨਹੀਂ ਕੀਤਾ ਹੈ, ਪਰ ਅਦਾਲਤ ਨੇ ਸਰਕਾਰ ਨੂੰ ਇਸ ਮੁੱਦੇ 'ਤੇ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਹੈ। ਜਲੰਧਰ ਦੇ ਰਹਿਣ ਵਾਲੇ ਕਰਨਪ੍ਰੀਤ ਸਿੰਘ ਨੇ ਹਾਈ ਕੋਰਟ ਵਿੱਚ ਇਹ ਜਨਹਿਤ ਪਟੀਸ਼ਨ ਦਾਇਰ ਕੀਤੀ ਹੈ। ਪਟੀਸ਼ਨ ਵਿੱਚ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਧਿਰ ਬਣਾਇਆ ਗਿਆ ਹੈ। ਪਟੀਸ਼ਨਕਰਤਾ ਦਾ ਦੋਸ਼ ਹੈ ਕਿ ਬੈਂਸ ਨੇ 17 ਤੋਂ 20 ਜਨਵਰੀ 2024 ਤੱਕ ਕੈਨੇਡਾ ਦਾ ਨਿੱਜੀ ਦੌਰਾ ਕੀਤਾ ਸੀ। ਦੋਸ਼ ਹੈ ਕਿ ਇਸ ਦੌਰੇ ਲਈ ਕੇਂਦਰ ਸਰਕਾਰ ਤੋਂ ਲੋੜੀਂਦੀ ਮਨਜ਼ੂਰੀ ਨਹੀਂ ਲਈ ਗਈ ਸੀ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਰਾਜ ਦੇ ਮੰਤਰੀਆਂ ਲਈ ਵਿਦੇਸ਼ੀ ਯਾਤਰਾ 'ਤੇ ਜਾਣ ਤੋਂ ਪਹਿਲਾਂ ਨਿਰਧਾਰਤ ਪ੍ਰਕਿਰਿਆ ਰਾਹੀਂ ਲੋੜੀਂਦੀ ਮਨਜ਼ੂਰੀ ਲੈਣੀ ਲਾਜ਼ਮੀ ਹੁੰਦੀ ਹੈ। ਇਸ ਆਧਾਰ 'ਤੇ, ਪਟੀਸ਼ਨਕਰਤਾ ਨੇ ਮੰਤਰੀ ਦੇ ਵਿਦੇਸ਼ੀ ਦੌਰੇ ਨਾਲ ਸਬੰਧਤ ਮਨਜ਼ੂਰੀ ਅਤੇ ਹੋਰ ਦਸਤਾਵੇਜ਼ਾਂ ਦੀ ਜਾਂਚ ਦੀ ਮੰਗ ਕੀਤੀ ਹੈ। ਪਟੀਸ਼ਨ ਵਿੱਚ ਉਠਾਇਆ ਗਿਆ ਸਭ ਤੋਂ ਗੰਭੀਰ ਸਵਾਲ ਉਸੇ ਸਮੇਂ ਦੌਰਾਨ ਵੱਖ-ਵੱਖ ਥਾਵਾਂ 'ਤੇ ਮੰਤਰੀ ਦੀ ਮੌਜੂਦਗੀ ਅਤੇ ਯਾਤਰਾ ਭੱਤਿਆਂ ਦੇ ਮੁੱਦੇ ਨਾਲ ਸਬੰਧਤ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਪਾਕਿਸਤਾਨ ਦਾ ਸਿੱਖ ਵਿਰੋਧੀ ਚਿਹਰਾ ਮੁੜ ਬੇਨਕਾਬ

# ਵੈਧ ਭਾਰਤੀ ਵੀਜ਼ੇ ਦੇ ਬਾਵਜੂਦ ਸਿੱਖ ਸ਼ਰਧਾਲੂਆਂ ਨੂੰ ਰੋਕਣਾ ਸ਼ਰਮਨਾਕ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਰਤ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਆ ਰਹੇ 104 ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਵੈਧ ਭਾਰਤੀ ਵੀਜ਼ੇ ਹੋਣ ਦੇ ਬਾਵਜੂਦ ਫ਼ੈਸਲਾਬਾਦ ਹਵਾਈ ਅੱਡੇ 'ਤੇ ਕਰੀਬ 12 ਘੰਟੇ ਤੱਕ ਰੋਕੇ ਜਾਣ ਦੀ ਸਖ਼ਤ ਨਿੰਦਾ ਕਰਦਿਆਂ

## ਵਿਚਾਰ ਆਪੋ-ਆਪਣਾ

ਇਸ ਨੂੰ ਪਾਕਿਸਤਾਨ ਵੱਲੋਂ ਗੈਰ-ਮੁਸਲਿਮ ਨਾਗਰਿਕਾਂ ਨੂੰ ਦਿੱਤੀ ਗਈ ਧਾਰਮਿਕ ਆਜ਼ਾਦੀ ਦੀ ਸੰਵਿਧਾਨਕ ਗਰੰਟੀ ਅਤੇ ਜ਼ਮੀਨੀ ਹਕੀਕਤ ਵਿਚਲੇ ਵੱਡੇ ਫ਼ਰਕ ਦੀ ਇੱਕ ਹੋਰ ਸ਼ਰਮਨਾਕ ਉਦਾਹਰਨ ਕਰਾਰ ਦਿੱਤਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਜੇ ਭਾਰਤ ਯਾਤਰਾ ਲਈ NOC ਲਾਜ਼ਮੀ ਸੀ ਤਾਂ ਇਸ ਦੀ ਜਾਣਕਾਰੀ ਪਹਿਲਾਂ ਕਿਉਂ ਨਹੀਂ ਦਿੱਤੀ ਗਈ? ਵੈਧ ਵੀਜ਼ੇ ਅਤੇ ਹਵਾਈ ਟਿਕਟਾਂ ਹੋਣ ਦੇ ਬਾਵਜੂਦ ਆਖ਼ਰੀ ਮੌਕੇ 'ਤੇ ਨਵੀਂ ਸ਼ਰਤ ਲਗਾਉਣ ਦਾ ਜਵਾਬ ਪਾਕਿਸਤਾਨ ਸਰਕਾਰ ਨੂੰ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਸਪੱਸ਼ਟ ਕਰੇ ਕਿ ਕਿਸ ਕਾਨੂੰਨੀ ਆਧਾਰ 'ਤੇ 104 ਸ਼ਰਧਾਲੂਆਂ ਨੂੰ ਰੋਕਿਆ ਗਿਆ ਅਤੇ ਉਨ੍ਹਾਂ ਦੇ ਮਾਲੀ ਨੁਕਸਾਨ ਦੀ ਭਰਪਾਈ ਕੌਣ ਕਰੇਗਾ। ਉਨ੍ਹਾਂ ਕਿਹਾ ਕਿ ਰੱਦ ਹੋਈਆਂ ਹਵਾਈ ਟਿਕਟਾਂ, ਰਿਹਾਇਸ਼ ਅਤੇ ਯਾਤਰਾ ਨਾਲ ਸਬੰਧਤ ਵਾਜਬ ਖ਼ਰਚਿਆਂ ਦੀ ਭਰਪਾਈ ਪਾਕਿਸਤਾਨ ਸਰਕਾਰ ਨੂੰ ਕਰਨੀ ਚਾਹੀਦੀ ਹੈ।

ਪ੍ਰੋ. ਖਿਆਲਾ ਨੇ ਭਾਰਤ ਸਰਕਾਰ ਤੋਂ ਤੁਰੰਤ ਕੂਟਨੀਤਕ ਦਖ਼ਲ ਦੀ ਮੰਗ ਕਰਦਿਆਂ ਕਿਹਾ ਕਿ ਮਾਮਲਾ ਪਾਕਿਸਤਾਨ ਸਰਕਾਰ ਕੋਲ ਉੱਚ ਪੱਧਰ 'ਤੇ ਉਠਾਇਆ ਜਾਵੇ ਅਤੇ ਸ਼ਰਧਾਲੂਆਂ ਨੂੰ ਬਿਨਾਂ ਦੇਰੀ ਭਾਰਤ ਆਉਣ ਦੀ ਇਜਾਜ਼ਤ ਦਿਵਾਈ ਜਾਵੇ। ਉਨ੍ਹਾਂ ਭਾਰਤ ਅਤੇ ਵਿਸ਼ਵ ਦੀ ਸਿੱਖ ਭਾਈਚਾਰੇ ਨੂੰ ਵੀ ਇਸ ਮਾਮਲੇ ਨੂੰ ਪਾਕਿਸਤਾਨ ਕੋਲ ਗੰਭੀਰਤਾ ਨਾਲ ਉਠਾਉਣ ਦੀ ਅਪੀਲ ਕੀਤੀ।

ਪ੍ਰੋ. ਖਿਆਲਾ ਨੇ ਪਾਕਿਸਤਾਨ ਨੂੰ ਕਿਹਾ ਕਿ ਘੱਟ ਗਿਣਤੀਆਂ ਦੇ ਹੱਕਾਂ ਦੀ ਅਸਲ ਪਰਖ ਉਨ੍ਹਾਂ ਦੀ ਸੁਰੱਖਿਆ ਅਤੇ ਧਾਰਮਿਕ ਵਿਰਾਸਤ ਦੀ ਰੱਖਿਆ ਨਾਲ ਹੁੰਦੀ ਹੈ। ਉਨਾਂ ਕਿਹਾ ਕਿ ਹਾਲ ਹੀ ਵਿੱਚ ਪਾਕਿਸਤਾਨ ਦੇ ਪੰਜਾਬ ਸੂਬੇ ਦੇ ਮੰਡੀ ਚੂੜਕਾਣਾ ਵਿਖੇ ਕਰੀਬ 125 ਸਾਲ ਪੁਰਾਣੇ ਗੁਰਦੁਆਰਾ ਸਿੰਘ ਸਭਾ ਨੂੰ ਢਾਹੇ ਜਾਣ ਅਤੇ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਵਿਖੇ ਕਰੀਬ 200 ਸਾਲ ਪੁਰਾਣੇ ਗੁਰਦੁਆਰਾ ਸਿੰਘ ਸਭਾ ਨੂੰ ਢਾਹ ਕੇ ਕਮਰਸ਼ੀਅਲ ਸ਼ਾਪਿੰਗ ਮਾਲ ਬਣਾਉਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਇਸੇ ਤਰ੍ਹਾਂ ਪੰਜਾਬ ਦੇ ਨਾਰੋਵਾਲ ਜ਼ਿਲ੍ਹੇ ਦੇ ਸਿਰਜਾ ਪਿੰਡ ਵਿੱਚ ਕਰੀਬ ਸਵਾ ਸੌ ਸਾਲ ਪੁਰਾਣੇ ਹਿੰਦੂ ਮੰਦਰ ਨੂੰ ਢਾਹੇ ਜਾਣ ਦੀਆਂ ਖ਼ਬਰਾਂ ਵੀ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨਾਂ ਕਿਹਾ ਕਿ ਇਹ ਸਿਰਫ਼ ਇਮਾਰਤਾਂ ਢਾਹੁਣ ਦੇ ਮਾਮਲੇ ਨਹੀਂ, ਸਗੋਂ ਸਿੱਖਾਂ ਅਤੇ ਹਿੰਦੂਆਂ ਦੀ ਸਦੀਆਂ ਪੁਰਾਣੀ ਧਾਰਮਿਕ ਵਿਰਾਸਤ ਅਤੇ ਅਸਤਿਤਵ ਨਾਲ ਜੁੜੇ ਗੰਭੀਰ ਮਾਮਲੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਇਨ੍ਹਾਂ ਘਟਨਾਵਾਂ ਦੀ ਪਾਰਦਰਸ਼ੀ ਜਾਂਚ ਕਰਵਾ ਕੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ ਅਤੇ ਘੱਟ ਗਿਣਤੀਆਂ ਦੇ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਯਕੀਨੀ ਬਣਾਏ।

ਪ੍ਰੋ. ਖਿਆਲਾ ਨੇ ਜ਼ੋਰ ਦੇ ਕੇ ਕਿਹਾ, "ਸਿੱਖ ਸੰਗਤ ਦੀ ਆਸਥਾ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪਾਕਿਸਤਾਨ ਧਰਮ ਨੂੰ ਸਰਕਾਰੀ ਮਨਮਰਜ਼ੀ ਅਤੇ ਸਿਆਸੀ ਖਿੱਚੋਤਾਣ ਦਾ ਬੰਧਕ ਬਣਾਉਣਾ ਬੰਦ ਕਰੇ। ਜੇ ਪਾਕਿਸਤਾਨ ਆਪਣੇ ਸੰਵਿਧਾਨ ਵਿੱਚ ਘੱਟ ਗਿਣਤੀਆਂ ਦੇ ਧਾਰਮਿਕ ਹੱਕਾਂ ਦੀ ਗਰੰਟੀ ਦਿੰਦਾ ਹੈ ਤਾਂ ਉਨ੍ਹਾਂ ਹੱਕਾਂ ਨੂੰ ਜ਼ਮੀਨ 'ਤੇ ਵੀ ਲਾਗੂ ਕਰਨਾ ਉਸ ਦੀ ਜ਼ਿੰਮੇਵਾਰੀ ਹੈ।"

### ਐਨਐਫਐਲ ਵੱਲੋਂ ਅਕਾਲ ਯੂਨੀਵਰਸਿਟੀ ਨੂੰ

# 24 ਕੰਪਿਊਟਰ ਸਿਸਟਮ ਤੇ ਯੂਪੀਐਸ ਭੇਂਟ




**ਤਲਵੰਡੀ ਸਾਬੋ, 11 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਭਾਰਤ ਸਰਕਾਰ ਦੀ ਨਵਰਤਨ ਕੰਪਨੀ ਨੈਸ਼ਨਲ ਫ਼ਰਟੀਲਾਈਜ਼ਰ ਲਿਮਟਿਡ (ਐਨਐਫਐਲ) ਦੀ ਬਠਿੰਡਾ ਯੂਨਿਟ ਵੱਲੋਂ ਆਪਣੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਸਕੀਮ ਤਹਿਤ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਨੂੰ 24 ਕੰਪਿਊਟਰ ਸਿਸਟਮ ਅਤੇ ਇੱਕ ਯੂਪੀਐਸ ਭੇਂਟ ਕੀਤੇ ਗਏ। ਇਸ ਮੌਕੇ ਯੂਨੀਵਰਸਿਟੀ ਕੈਂਪਸ ਵਿਖੇ ਇਨ੍ਹਾਂ ਉਪਕਰਨਾਂ ਨਾਲ ਸਥਾਪਿਤ ਕੀਤੀ ਗਈ 'ਡਿਜ਼ੀਟਲ ਲਰਨਿੰਗ ਲੈਬ' ਦਾ ਰਸਮੀ ਉਦਘਾਟਨ ਵੀ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਐਨਐਫਐਲ ਬਠਿੰਡਾ ਯੂਨਿਟ ਦੇ ਮੁਖੀ ਅਤੇ ਕਾਰਜਕਾਰੀ ਨਿਰਦੇਸ਼ਕ ਸ੍ਰੀ ਤਰੁਣ ਕੁਮਾਰ ਬੱਤਰਾ ਨੇ ਰਿਬਨ ਕੱਟ ਕੇ ਲੈਬ ਦਾ ਉਦਘਾਟਨ ਕੀਤਾ ਅਤੇ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਤੇ ਅਧਿਕਾਰੀਆਂ ਨਾਲ ਲੈਬ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਐਨਐਫਐਲ ਆਪਣੀ ਸੀਐਸਆਰ ਵਚਨਬੱਧਤਾ ਨੂੰ ਸਿਰਫ਼ ਕਾਨੂੰਨੀ ਜ਼ਿੰਮੇਵਾਰੀ ਨਹੀਂ, ਸਗੋਂ ਉਸ ਖੇਤਰ ਪ੍ਰਤੀ ਆਪਣਾ ਫ਼ਰਜ਼ ਮੰਨਦੀ ਹੈ ਜਿੱਥੇ ਕੰਪਨੀ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਦੇ ਖੇਤਰ ਵਿੱਚ ਭਰੋਸੇਯੋਗ ਕੰਪਿਊਟਿੰਗ ਬੁਨਿਆਦੀ ਢਾਂਚੇ ਤੱਕ ਪਹੁੰਚ ਅੱਜ ਦੇ ਸਮੇਂ ਵਿੱਚ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਡਿਜ਼ੀਟਲ ਲਰਨਿੰਗ ਲੈਬ ਵਿਦਿਆਰਥੀਆਂ ਲਈ ਨਵੇਂ ਮੌਕੇ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਤਕਨੀਕੀ ਸਮਰੱਥਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਾਬਤ ਹੋਵੇਗੀ। ਅਕਾਲ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਐਨਐਫਐਲ ਬਠਿੰਡਾ ਯੂਨਿਟ ਦਾ ਇਸ ਬਹੁਮੁੱਲੇ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਦਯੋਗ ਅਤੇ ਅਕਾਦਮਿਕ ਖੇਤਰ ਦੀ ਸਾਂਝੇਦਾਰੀ ਕਿਸੇ ਵੀ ਵਿਦਿਅਕ ਸੰਸਥਾ ਵਿੱਚ ਵੱਡਾ ਬਦਲਾਅ ਲਿਆ ਸਕਦੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਵਿਦਿਆਰਥੀਆਂ ਦੀ ਤਕਨੀਕੀ ਸਮਰੱਥਾ ਨੂੰ ਮਜ਼ਬੂਤ ਕਰਨ ਲਈ ਇਸ ਸਹੂਲਤ ਦੀ ਸੰਪੂਰਨ ਅਤੇ ਸਾਰਥਕ ਵਰਤੋਂ ਯਕੀਨੀ ਬਣਾਈ ਜਾਵੇਗੀ। ਯੂਨੀਵਰਸਿਟੀ ਅਨੁਸਾਰ ਨਵੀਂ ਸਥਾਪਿਤ ਡਿਜ਼ੀਟਲ ਲਰਨਿੰਗ ਲੈਬ ਵਿੱਚ ਉਪਲਬਧ ਕਰਵਾਏ ਗਏ ਕੰਪਿਊਟਰ ਸਿਸਟਮ ਸਾਰੇ ਕੋਰਸਾਂ ਦੇ ਵਿਦਿਆਰਥੀਆਂ ਲਈ ਲਾਹੇਵੰਦ ਹੋਣਗੇ। ਇਨ੍ਹਾਂ ਦੀ ਵਰਤੋਂ ਕਲਾਸਰੂਮ ਅਧਿਆਪਨ, ਪ੍ਰੈਕਟੀਕਲ ਕਾਰਜਾਂ, ਪ੍ਰੋਜੈਕਟ ਤਿਆਰ ਕਰਨ ਅਤੇ ਪ੍ਰੀਖਿਆ ਨਾਲ ਸਬੰਧਤ ਗਤੀਵਿਧੀਆਂ ਲਈ ਕੀਤੀ ਜਾ ਸਕੇਗੀ। ਇਸ ਮੌਕੇ ਐਨਐਫਐਲ ਦੇ ਵਫ਼ਦ ਵਿੱਚ ਸ੍ਰੀਮਤੀ ਸੰਧਿਆ ਬੱਤਰਾ, ਜਨਰਲ ਮੈਨੇਜਰ ਓਐਂਡਐਮ, ਸ੍ਰੀ ਸੁਰਿੰਦਰ ਬਗਾਰੀਆ, ਚੀਫ਼ ਮੈਨੇਜਰ ਮਟੀਰੀਅਲ, ਸ੍ਰੀ ਹੇਮੰਤ ਗੁਪਤਾ, ਚੀਫ਼ ਮੈਨੇਜਰ ਐਚਆਰ ਅਤੇ ਸ੍ਰੀ ਮਯੰਕ ਸ਼ਰਮਾ, ਡਿਪਟੀ ਮੈਨੇਜਰ ਐਚਆਰ ਸ਼ਾਮਲ ਸਨ। ਵਾਈਸ-ਚਾਂਸਲਰ ਅਤੇ ਡੀਨ ਅਕਾਦਮਿਕ ਮਾਮਲੇ ਵੱਲੋਂ ਆਏ ਮਹਿਮਾਨਾਂ ਨੂੰ ਬੂਟੇ ਅਤੇ ਪ੍ਰਸ਼ੰਸਾ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਅਕਾਲ ਯੂਨੀਵਰਸਿਟੀ ਵੱਲੋਂ ਰਜਿਸਟਰਾਰ ਸ. ਸਵਰਨ ਸਿੰਘ, ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਜੀ.ਐਸ. ਲਾਂਬਾ, ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਅਤੇ ਡੀਨ ਐਲੂਮਨੀ ਡਾ. ਸੰਦੀਪ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਮੁਖੀ, ਫੈਕਲਟੀ ਮੈਂਬਰ, ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਵਿਭਾਗ-ਮੁਖੀ, ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ, ਡਾ. ਉਪਿੰਦਰ ਕੌਰ ਵੱਲੋਂ ਰਸਮੀ ਤੌਰ 'ਤੇ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ।



**ਡਿਜ਼ੀਟਲ ਲਰਨਿੰਗ ਲੈਬ ਦਾ ਕੀਤਾ ਉਦਘਾਟਨ; ਐਨਐਫਐਲ ਬਠਿੰਡਾ ਯੂਨਿਟ ਦੇ ਮੁਖੀ ਤੇ ਕਾਰਜਕਾਰੀ ਨਿਰਦੇਸ਼ਕ ਤਰੁਣ ਕੁਮਾਰ ਬੱਤਰਾ ਰਹੇ ਮੁੱਖ ਮਹਿਮਾਨ**

# 104 ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਰੋਕਣ ਦਾ ਮਾਮਲਾ ਗਰਮਾਇਆ—ਸਰਨਾ ਨੇ ਮੰਗੀ ਡੂੰਘੀ ਜਾਂਚ, ਪੈਸੇ ਲੈਣ ਵਾਲਿਆਂ ਤੋਂ ਹਿਸਾਬ ਮੰਗਿਆ



**ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਵਿਚਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਆ ਰਹੇ ਪਾਕਿਸਤਾਨ ਦੇ 104 ਸਿੱਖ ਸ਼ਰਧਾਲੂਆਂ ਨੂੰ ਫੈਸਲਾਬਾਦ ਹਵਾਈ ਅੱਡੇ 'ਤੇ ਆਖਰੀ ਸਮੇਂ ਰੋਕੇ ਜਾਣ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੱਤਾ ਹੈ। ਸਰਨਾ ਨੇ ਕਿਹਾ ਕਿ ਜਦੋਂ ਇਨ੍ਹਾਂ ਸ਼ਰਧਾਲੂਆਂ ਨੇ ਭਾਰਤ ਸਰਕਾਰ ਤੋਂ ਬਕਾਇਦਾ ਵੀਜ਼ੇ ਪ੍ਰਾਪਤ ਕੀਤੇ ਹੋਏ ਸਨ ਤਾਂ ਉਨ੍ਹਾਂ ਨੂੰ ਧਾਰਮਿਕ ਯਾਤਰਾ ਲਈ ਭਾਰਤ ਆਉਣ ਦੇ ਰਸਤੇ ਵਿੱਚ ਇਸ ਤਰ੍ਹਾਂ ਦੀ ਰੁਕਾਵਟ ਪੈਦਾ ਹੋਣਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਜੇ ਵਾਹਗਾ ਸਰਹੱਦ ਰਸਤੇ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਸੀ ਤਾਂ ਘੱਟੋ-ਘੱਟ ਹਵਾਈ ਯਾਤਰਾ ਸਬੰਧੀ ਸਾਰੀਆਂ ਸ਼ਰਤਾਂ ਅਤੇ ਇਜਾਜ਼ਤਾਂ ਪਹਿਲਾਂ ਹੀ ਸਪੱਸ਼ਟ ਹੋਣੀਆਂ ਚਾਹੀਦੀਆਂ ਸਨ। ਆਖਰੀ ਪਲ 'ਤੇ ਯਾਤਰਾ ਰੋਕਣਾ ਉਨ੍ਹਾਂ ਸ਼ਰਧਾਲੂਆਂ ਲਈ ਬੇਹੱਦ ਦੁਖਦਾਈ ਹੈ, ਜਿਨ੍ਹਾਂ ਦੀ ਯਾਤਰਾ ਸਿਰਫ਼ ਧਾਰਮਿਕ ਸ਼ਰਧਾ ਨਾਲ ਜੁੜੀ ਹੋਈ ਸੀ। ਸਰਨਾ ਨੇ ਕਿਹਾ ਕਿ ਇਹ ਲੋਕ ਸੈਲਾਨੀ ਨਹੀਂ, ਸਗੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਮੇਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਦੀ ਤਾਂਘ ਲੈ ਕੇ ਆਉਣ ਵਾਲੇ ਸ਼ਰਧਾਲੂ ਹਨ ਅਤੇ ਧਾਰਮਿਕ ਯਾਤਰਾਵਾਂ ਨੂੰ ਅਜਿਹੀਆਂ ਅਣਸਪੱਸ਼ਟ ਵਿਵਸਥਾਵਾਂ ਦਾ ਸ਼ਿਕਾਰ ਨਹੀਂ ਬਣਾਇਆ ਜਾਣਾ ਚਾਹੀਦਾ। ਓਨ੍ਹਾ ਕਿਹਾ ਇਸ ਮਾਮਲੇ ਵਿੱਚ ਦੁਬਈ ਰਾਹੀਂ ਭਾਰਤ ਆ ਕੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣ ਦੇ ਨਾਂ 'ਤੇ ਕਥਿਤ ਤੌਰ 'ਤੇ ਰਕਮ ਵਸੂਲਣ ਅਤੇ ਬਾਅਦ ਵਿੱਚ ਭਾਰਤ ਦਾਖ਼ਲੇ ਸਬੰਧੀ ਪੈਦਾ ਹੋਈ ਸਥਿਤੀ ਨੇ ਸਿੱਖ ਹਲਕਿਆਂ ਵਿੱਚ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸਰਨਾ ਨੇ ਪੂਰੇ ਮਾਮਲੇ ਦੀ ਨਿਰਪੱਖ, ਡੂੰਘੀ ਅਤੇ ਤੱਥਾਂ 'ਤੇ ਆਧਾਰਿਤ ਜਾਂਚ ਦੀ ਮੰਗ ਕਰਦਿਆਂ ਡੀ.ਐੱਸ.ਜੀ.ਐੱਮ.ਸੀ. ਪ੍ਰਧਾਨ ਹਰਮੀਤ ਸਿੰਘ ਕਾਲਕਾ ਦੇ ਨਜ਼ਦੀਕੀ ਸਾਥੀ ਦੱਸੇ ਜਾਂਦੇ ਪਰਮਜੀਤ ਸਿੰਘ ਚੰਢੋਕ ਦੀ ਭੂਮਿਕਾ ਦੀ ਵੀ ਜਾਂਚ ਕਰਨ ਲਈ ਕਿਹਾ ਹੈ। ਉਨ੍ਹਾਂ ਸਿੱਧੇ ਸਵਾਲ ਖੜ੍ਹੇ ਕੀਤੇ ਕਿ ਜੇ ਸ਼ਰਧਾਲੂਆਂ ਕੋਲ ਲੋੜੀਂਦੇ ਦਸਤਾਵੇਜ਼, ਵੀਜ਼ੇ ਅਤੇ ਪਰਮਿਟ ਮੌਜੂਦ ਸਨ ਤਾਂ ਉਨ੍ਹਾਂ ਨੂੰ ਰਸਤੇ ਵਿੱਚ ਕਿਉਂ ਰੋਕਿਆ ਗਿਆ? ਸ਼ਰਧਾਲੂਆਂ ਤੋਂ ਪੈਸੇ ਕਿਸ ਨੇ ਲਏ, ਕਿਸ ਦੇ ਭਰੋਸੇ 'ਤੇ ਲਏ, ਕਿਸ ਦੀ ਮਨਜ਼ੂਰੀ ਨਾਲ ਯਾਤਰਾ ਦਾ ਪ੍ਰਬੰਧ ਹੋਇਆ ਅਤੇ ਜਦੋਂ ਯਾਤਰਾ ਰੁਕ ਗਈ ਤਾਂ ਇਕੱਠੀ ਕੀਤੀ ਰਕਮ ਦਾ ਕੀ ਬਣਿਆ? ਸਰਨਾ ਨੇ ਕਿਹਾ ਕਿ ਮਾਮਲੇ ਨੂੰ ਦਬਾਉਣ ਦੀ ਥਾਂ ਹਰ ਪੱਖ ਦਾ ਹਿਸਾਬ ਸੰਗਤ ਸਾਹਮਣੇ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇਹ ਸਪੱਸ਼ਟ ਕੀਤਾ ਜਾਵੇ ਕਿ ਕੀ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੌਜੂਦਾ ਲੀਡਰਸ਼ਿਪ ਨੂੰ ਇਸ ਕਥਿਤ ਵਿਵਸਥਾ ਦੀ ਪੂਰੀ ਜਾਣਕਾਰੀ ਸੀ ਜਾਂ ਨਹੀਂ। ਜੇਕਰ ਜਾਂਚ ਦੌਰਾਨ ਕਿਸੇ ਪੱਧਰ 'ਤੇ ਸ਼ਰਧਾਲੂਆਂ ਤੋਂ ਗਲਤ ਢੰਗ ਨਾਲ ਰਕਮ ਵਸੂਲਣ, ਲਾਪਰਵਾਹੀ ਜਾਂ ਧੋਖਾਧੜੀ ਦੇ ਤੱਥ ਸਾਹਮਣੇ ਆਉਂਦੇ ਹਨ ਤਾਂ ਜ਼ਿੰਮੇਵਾਰ ਵਿਅਕਤੀਆਂ ਦੀ ਜਵਾਬਦੇਹੀ ਤੈਅ ਕਰਕੇ ਪੂਰੀ ਰਕਮ ਦਾ ਹਿਸਾਬ ਜਨਤਕ ਕਰਨ ਦੀ ਮੰਗ ਵੀ ਸਰਨਾ ਨੇ ਕੀਤੀ ਹੈ।

# ਪੀਜੀ ਦੀ ਆੜ ਵਿੱਚ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਬਰਦਾਸ਼ਤ ਨਹੀਂ, ਸਰਕਾਰ ਬਣਾਏ ਵਿਦਿਆਰਥੀਆਂ ਲਈ ਸੁਰੱਖਿਅਤ ਤੇ ਕਿਫ਼ਾਇਤੀ ਆਧੁਨਿਕ ਹੋਸਟਲ: ਪਰਮਜੀਤ ਸਿੰਘ ਪੰਮਾ



**ਨਵੀਂ ਦਿੱਲੀ, 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸਤਿ ਨਿਕੇਤਨ ਵਿੱਚ 6 ਸਤੰਬਰ 2026 ਨੂੰ ਪੰਜ ਮੰਜ਼ਿਲਾ ਪੀਜੀ ਇਮਾਰਤ ਢਹਿਣ ਕਾਰਨ ਜਾਨ ਗੁਆਉਣ ਵਾਲੇ ਬੱਚਿਆਂ ਅਤੇ ਹੋਰ ਮ੍ਰਿਤਕਾਂ ਨੂੰ ਨੈਸ਼ਨਲ ਅਕਾਲੀ ਦਲ ਵੱਲੋਂ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਅਗਵਾਈ ਹੇਠ ਦੋ ਮਿੰਟ ਦਾ ਮੌਨ ਧਾਰ ਕੇ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਫੈਡਰੇਸ਼ਨ ਆਫ਼ ਸਦਰ ਬਾਜ਼ਾਰ ਟ੍ਰੇਡਰਜ਼ ਐਸੋਸੀਏਸ਼ਨ ਦੇ ਖ਼ਜ਼ਾਨਚੀ ਦੀਪਕ ਮਿੱਤਲ, ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਸਕੱਤਰ ਜਸਵੀਰ ਸਿੰਘ ਸਰਨਾ, ਦਿੱਲੀ ਪ੍ਰਦੇਸ਼ ਦੇ ਉਪ ਪ੍ਰਧਾਨ ਕੁਲਦੀਪ ਸਿੰਘ ਸਚਦੇਵਾ, ਸਕੱਤਰ ਬਲਵਿੰਦਰ ਸਿੰਘ ਸਰਨਾ, ਸੁਨੀਲ ਪੁਰੀ ਸਮੇਤ ਕਈ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ। ਪੰਮਾ ਨੇ ਕਿਹਾ ਕਿ ਜਿਹੜੇ ਬੱਚੇ ਆਪਣੇ ਸੁਨਹਿਰੇ ਭਵਿੱਖ ਲਈ ਘਰਾਂ ਤੋਂ ਦੂਰ ਆਉਂਦੇ ਹਨ, ਉਨ੍ਹਾਂ ਦੀਆਂ ਜ਼ਿੰਦਗੀਆਂ ਅਸੁਰੱਖਿਅਤ ਇਮਾਰਤਾਂ ਅਤੇ ਲਾਪਰਵਾਹੀ ਦੀ ਭੇਟ ਚੜ੍ਹ ਜਾਣਾ ਬੇਹੱਦ ਦੁਖਦਾਈ ਹੈ। ਪੀਜੀ ਸੰਚਾਲਕਾਂ ਵੱਲੋਂ ਹਜ਼ਾਰਾਂ ਰੁਪਏ ਕਿਰਾਇਆ ਵਸੂਲਣ ਦੇ ਬਾਵਜੂਦ ਜੇਕਰ ਇਮਾਰਤ ਦੀ ਮਜ਼ਬੂਤੀ, ਫਾਇਰ ਸੇਫਟੀ ਅਤੇ ਐਮਰਜੈਂਸੀ ਨਿਕਾਸੀ ਵਰਗੇ ਪ੍ਰਬੰਧ ਯਕੀਨੀ ਨਹੀਂ ਬਣਾਏ ਜਾਂਦੇ ਤਾਂ ਇਹ ਸਿੱਧੇ ਤੌਰ 'ਤੇ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਹੈ। ਪੰਮਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਦਿੱਲੀ ਸਮੇਤ ਦੇਸ਼ ਦੇ ਵੱਡੇ ਸ਼ਹਿਰਾਂ ਵਿੱਚ ਵਿਦਿਆਰਥੀਆਂ ਲਈ ਸੁਰੱਖਿਅਤ, ਕਿਫ਼ਾਇਤੀ ਅਤੇ ਆਧੁਨਿਕ ਸਰਕਾਰੀ ਹੋਸਟਲ ਬਣਾਏ ਜਾਣ, ਤਾਂ ਜੋ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸੁਰੱਖਿਆ ਲਈ ਚਿੰਤਾ ਵਿੱਚ ਨਾ ਰਹਿਣਾ ਪਵੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਪੀਜੀ ਇਮਾਰਤ ਦਾ ਨਿਯਮਿਤ ਸਟਰਕਚਰਲ ਆਡਿਟ, ਫਾਇਰ ਸੇਫਟੀ ਜਾਂਚ ਅਤੇ ਸਾਰੀਆਂ ਲੋੜੀਂਦੀਆਂ ਮਨਜ਼ੂਰੀਆਂ ਦੀ ਤਸਦੀਕ ਕਰਨੀ ਚਾਹੀਦੀ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਪੀਜੀ ਮਾਲਕਾਂ ਅਤੇ ਸੰਚਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕਿਹਾ, "ਬੱਚੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਦੀ ਜ਼ਿੰਦਗੀ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਨਹੀਂ ਕੀਤਾ ਜਾ ਸਕਦਾ। ਸਰਕਾਰ ਨੂੰ ਹਾਦਸੇ ਤੋਂ ਬਾਅਦ ਕਾਰਵਾਈ ਕਰਨ ਦੀ ਬਜਾਏ ਪਹਿਲਾਂ ਹੀ ਅਜਿਹੀਆਂ ਇਮਾਰਤਾਂ ਦੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ।" ਇਸ ਮੌਕੇ ਨੈਸ਼ਨਲ ਅਕਾਲੀ ਦਲ ਦੇ ਆਗੂਆਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਵਿਛੜੀਆਂ ਰੂਹਾਂ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਪੰਜਾਬ ਮੰਗਦਾ ਹੈ ਇਨਸਾਫ਼ : ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ**

# ਮੰਤਰੀ ਹਰਭਜਨ ਸਿੰਘ ਈਟੀਓ ਦੀ ਰਿਹਾਇਸ਼ ਦੇ ਬਾਹਰ ਜਬਰਦਸਤ ਧਰਨਾ







**ਜੰਡਿਆਲਾ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੱਜ "ਪੰਜਾਬ ਮੰਗਦਾ ਹੈ ਇਨਸਾਫ਼" ਮੁਹਿੰਮ ਤਹਿਤ ਪੰਜਾਬ ਸਰਕਾਰ ਦੇ ਮੰਤਰੀ ਹਰਭਜਨ ਸਿੰਘ ਈਟੀਓ ਦੀ ਜੰਡਿਆਲਾ ਵਿਖੇ ਰਿਹਾਇਸ਼ ਦੇ ਬਾਹਰ ਜਬਰਦਸਤ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਤਿੱਖਾ ਰੋਸ ਪ੍ਰਗਟ ਕਰਦਿਆਂ ਪੰਜਾਬ ਦੇ ਗੰਭੀਰ ਮੁੱਦਿਆਂ 'ਤੇ ਸਰਕਾਰ ਤੋਂ ਜਵਾਬਦੇਹੀ

ਆਵਾਜ਼ਿ ਕੌਮ AWAZE QAUM International Newspaper & WEB TV

**ਜ਼ਿੰਮੇਵਾਰ ਪੁਲਿਸ ਅਫਸਰਾਂ ਨੂੰ ਡਿਸਮਿਸ ਕਰਨ ਅਤੇ ਮੰਤਰੀ ਹਰਪਾਲ ਚੀਮਾਂ ਤੇ ਸਖਤ ਕਾਰਵਾਈ ਤੇ ਅਸਤੀਫੇ ਦੀ ਮੰਗ**

ਅਤੇ ਇਨਸਾਫ਼ ਦੀ ਮੰਗ ਕੀਤੀ। ਇਸ ਮੌਕੇ ਬੁਲਾਰਿਆਂ ਨੇ ਮੋਹਣਜੀਤ ਸਿੰਘ ਸ਼ੇਰੋਂ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਵਿਰੋਧ ਵਿੱਚ ਕਾਲਾ ਝੰਡਾ ਦਿਖਾਉਣ ਕਾਰਨ ਮੋਹਣਜੀਤ ਸਿੰਘ ਸ਼ੇਰੋਂ ਨਾਲ ਕਥਿਤ ਤੌਰ 'ਤੇ ਪੁਲਿਸ ਵੱਲੋਂ ਅਣਮਨੁੱਖੀ ਅਤੇ ਨਾਜਾਇਜ਼ ਤਸ਼ੱਦਦ ਕੀਤਾ ਗਿਆ। ਬੁਲਾਰਿਆਂ ਨੇ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਸਬੰਧਤ ਡੀਐਸਪੀ, ਇੰਸਪੈਕਟਰ ਅਤੇ ਹੋਰ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਨੂੰ ਸਿਰਫ਼ ਮੁਅੱਤਲ ਕਰਨਾ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਡਿਸਮਿਸ ਕੀਤਾ ਜਾਵੇ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਇਸੇ ਤਰ੍ਹਾਂ ਪਿੰਡ ਤੂਰ ਬਨਜਾਰਾ ਦੇ ਸ੍ਰ ਗੁਲਜਾਰ ਸਿੰਘ ਦੀ ਮੌਤ ਦੇ ਮਾਮਲੇ ਨੂੰ ਵੀ ਧਰਨੇ ਦੌਰਾਨ ਗੰਭੀਰਤਾ ਨਾਲ ਉਠਾਇਆ ਗਿਆ। ਬੁਲਾਰਿਆਂ ਨੇ ਕਿਹਾ ਕਿ ਗੁਲਜਾਰ ਸਿੰਘ ਵੱਲੋਂ ਆਪਣੀ ਡਾਇੰਗ ਡਿਕਲੇਰੇਸ਼ਨ ਵਿੱਚ ਮੰਤਰੀ ਹਰਪਾਲ ਸਿੰਘ ਚੀਮਾ ਦਾ ਨਾਮ ਲਏ ਜਾਣ ਸਬੰਧੀ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਡਾਇੰਗ ਡਿਕਲੇਰੇਸ਼ਨ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਕਾਰਵਾਈ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਖ਼ਿਲਾਫ਼ ਪਰਚਾ ਦਰਜ ਕੀਤਾ ਜਾਵੇ ਅਤੇ ਉਨ੍ਹਾਂ ਤੋਂ ਪੰਜਾਬ ਸਰਕਾਰ ਵਿੱਚੋਂ ਅਸਤੀਫ਼ਾ ਲਿਆ ਜਾਵੇ। ਸਰਕਾਰ ਨੂੰ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਇਨ੍ਹਾਂ ਮਾਮਲਿਆਂ ਦੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਹ ਸੰਘਰਸ਼ ਪੰਜਾਬ ਦੇ ਲੋਕਾਂ ਨੂੰ ਇਨਸਾਫ਼ ਦਿਵਾਉਣ ਅਤੇ ਸਰਕਾਰ ਨੂੰ ਜਵਾਬਦੇਹ ਬਣਾਉਣ ਲਈ ਜਾਰੀ ਰਹੇਗਾ। ਇਸ ਧਰਨੇ ਦੌਰਾਨ ਸ਼ਾਮਿਲ ਹੋਏ ਪਾਰਟੀ ਆਗੂਆਂ ਵਿੱਚ ਸ੍ਰ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵਨਚਿੜੀ, ਸ੍ਰ ਪ੍ਰਗਟ ਸਿੰਘ ਸੰਧੂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਪਰਮਜੀਤ ਸਿੰਘ ਵਣੀਏਕੇ, ਸ੍ਰ ਸਵਰਨ ਸਿੰਘ ਗੋਲਡਨ, ਸਰਪੰਚ ਬਲਜੀਤ ਸਿੰਘ ਚਾਟੀਵਿੰਡ, ਬੀਬੀ ਨਰਿੰਦਰ ਕੌਰ ਕਲਸੀ, ਸ੍ਰ ਸਿਮਰਨਜੀਤ ਸਿੰਘ ਕਲਸੀ, ਜੁਗਰਾਜ ਸਿੰਘ ਉਦੋਨੰਗਲ, ਬਾਬਾ ਜਰਮਨਜੀਤ ਸਿੰਘ ਸਰਾਏਂ, ਬਾਬਾ ਬਿਬੇਕ ਸਿੰਘ, ਭਾਈ ਕੁਲਦਮਰੂਪ ਸਿੰਘ, ਸ੍ਰ ਅਮਰੀਕ ਸਿੰਘ ਬਿੱਟਾ, ਡਾਕਟਰ ਦਲਬੀਰ ਸਿੰਘ ਵੇਰਕਾ, ਭਾਈ ਬਿਕਰਮਜੀਤ ਸਿੰਘ ਕੋਟਲਾ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਇਕਬਾਲ ਸਿੰਘ ਸੰਧੂ, ਬੀਬੀ ਨਵਦੀਪ ਕੌਰ ਜੋਧਪੁਰੀ, ਬੀਬੀ ਪਰਮਜੀਤ ਕੌਰ, ਬੀਬੀ ਰਾਜਵੰਤ ਕੌਰ, ਭਾਈ ਗੁਰਵਿੰਦਰ ਸਿੰਘ ਝੰਡੇਰ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਜਗਨੰਦਨ ਸਿੰਘ, ਡਾਕਟਰ ਬਰਿੰਦਰ ਸਿੰਘ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਸਰਤਾਜ ਸਿੰਘ, ਨਰਿੰਦਰ ਸਿੰਘ ਕਲਸੀਆਂ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਦਯਾ ਸਿੰਘ, ਸ੍ਰ ਸੁਖਰਾਜ ਸਿੰਘ ਸੁਲਤਾਨਵਿੰਡ, ਸ੍ਰ ਗੁਰਦੇਵ ਸਿੰਘ ਸਹੋਤਾ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਜਰਮਨਦੀਪ ਸਿੰਘ, ਸ੍ਰ ਨਵਦੀਪ ਸਿੰਘ, ਸ੍ਰ ਸੰਦੀਪ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ ਵਡਾਲੀ ਅਤੇ ਬਾਬਾ ਗੁਰਪਾਲ ਸਿੰਘ ਜੀ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜਰ ਸਨ।

# ਬ੍ਰਿਕਸ ਐਗਰੀ ਪੋਰਟਲ ਜਲਦ ਹੋਵੇਗਾ ਲਾਂਚ: ਸਾਹਨੀ




**ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਬ੍ਰਿਕਸ ਦੇਸ਼ਾਂ ਵਿੱਚ ਖੇਤੀਬਾੜੀ ਵਪਾਰ, ਤਕਨਾਲੋਜੀ ਅਤੇ ਨਵੀਨਤਾ ਨੂੰ ਹੁਲਾਰਾ ਦੇਣ ਲਈ ਬ੍ਰਿਕਸ ਐਗਰੀ ਪੋਰਟਲ ਜਲਦ ਲਾਂਚ ਕੀਤਾ ਜਾਵੇਗਾ। ਬ੍ਰਿਕਸ ਵਪਾਰ ਪ੍ਰੀਸ਼ਦ ਦੇ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਦੀ ਅਗਵਾਈ ਹੇਠ ਹੋਏ ਸੈਸ਼ਨ ਵਿੱਚ ਇਹ ਫੈਸਲਾ ਲਿਆ ਗਿਆ। ਡਾ. ਸਾਹਨੀ ਨੇ ਕਿਹਾ ਕਿ ਪੋਰਟਲ ਰਾਹੀਂ ਬ੍ਰਿਕਸ ਦੇਸ਼ਾਂ ਦੇ ਕਿਸਾਨਾਂ, ਐਗਰੀ-ਟੈਕ ਸਟਾਰਟਅੱਪਸ, ਖੋਜਕਰਤਾਵਾਂ, ਨਿਵੇਸ਼ਕਾਂ ਅਤੇ ਕਾਰੋਬਾਰਾਂ ਨੂੰ ਇੱਕ ਸਾਂਝੇ ਮੰਚ 'ਤੇ ਜੋੜਿਆ ਜਾਵੇਗਾ। ਇਸ ਨਾਲ ਬਾਜ਼ਾਰਾਂ ਤੱਕ ਪਹੁੰਚ, ਤਕਨਾਲੋਜੀ ਦਾ ਆਦਾਨ-ਪ੍ਰਦਾਨ, ਖੇਤੀਬਾੜੀ ਮਸ਼ੀਨੀਕਰਨ ਲਈ ਵਿੱਤੀ ਸਹਾਇਤਾ ਅਤੇ ਵਾਢੀ ਤੋਂ ਬਾਅਦ ਮੁੱਲ ਵਧਾਉਣ ਦੇ ਮੌਕੇ ਮਜ਼ਬੂਤ ਹੋਣਗੇ। ਉਨ੍ਹਾਂ ਕਿਹਾ ਕਿ ਬ੍ਰਿਕਸ ਵਿਸ਼ਵ ਖੇਤੀਬਾੜੀ ਉਤਪਾਦਨ ਦਾ ਲਗਭਗ 42 ਫੀਸਦੀ ਹਿੱਸਾ ਪੈਦਾ ਕਰਦਾ ਹੈ। ਏਆਈ, ਰਿਮੋਟ ਸੈਂਸਿੰਗ, ਸ਼ੁੱਧਤਾ ਖੇਤੀ ਅਤੇ ਡਿਜੀਟਲ ਬਾਜ਼ਾਰਾਂ ਰਾਹੀਂ ਕਿਸਾਨਾਂ ਦੀ ਉਤਪਾਦਕਤਾ ਵਧਾਉਣ ਅਤੇ ਟਿਕਾਊ ਖੁਰਾਕ ਪ੍ਰਣਾਲੀ ਬਣਾਉਣ 'ਤੇ ਸਹਿਯੋਗ ਵਧਾਉਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਫ਼ੈਸਲਾਬਾਦ ਹਵਾਈ ਅੱਡੇ 'ਤੇ ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਯਾਤਰਾ 'ਤੇ ਆਉਣ ਤੋਂ ਰੋਕਿਆ ਜਾਣਾ ਮੰਦਭਾਗਾ - ਸ. ਵਡਾਲਾ, ਸ. ਤਲਵੰਡੀ





**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਯੂਥ ਵਿੰਗ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਇਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਦੋਸ਼ ਲਗਾਇਆ ਕਿ ਭਾਰਤ ਦੇ ਗੁਰਧਾਮਾਂ ਦੀ ਯਾਤਰਾ 'ਤੇ ਆ ਰਹੇ ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਜਾਇਜ ਵੀਜਾ ਹੋਣ ਦੇ ਬਾਵਜੂਦ ਫੈਸਲਾਬਾਦ ਹਵਾਈ ਅੱਡੇ 'ਤੇ ਰੋਕਿਆ ਜਾਣਾ, ਬਹੁਤ ਹੀ ਮੰਦਭਾਗਾ ਅਤੇ ਦੁਖਦਾਈ ਘਟਨਾ ਹੈ। ਇਹ ਸ਼ਰਧਾਲੂ ਭਾਰਤ ਵਿੱਚ ਸਥਿਤ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ 'ਤੇ ਆ ਰਹੇ ਸਨ। ਦੋਹਾਂ ਆਗੂਆਂ ਨੇ ਕਿਹਾ ਕਿ ਵੈਧ ਭਾਰਤੀ ਵੀਜ਼ਾ ਹੋਣ ਦੇ ਬਾਵਜੂਦ, ਪਾਕਿਸਤਾਨੀ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਐੱਨ.ਓ.ਸੀ ਦੀ ਮੰਗ ਕਰਕੇ ਉਨ੍ਹਾਂ ਨੂੰ ਫਲਾਈਟ ਚੜ੍ਹਨ ਤੋਂ ਰੋਕ ਦਿੱਤਾ। ਦੋਵਾਂ ਦੇਸ਼ਾਂ ਵਿਚਾਲੇ ਵਾਘਾ-ਅਟਾਰੀ ਜ਼ਮੀਨੀ ਰਸਤਾ ਬੰਦ ਹੋਣ ਕਾਰਨ ਇਨ੍ਹਾਂ ਸ਼ਰਧਾਲੂਆਂ ਨੇ ਦੁਬਈ/ਸ਼ਾਰਜਾਹ ਰਾਹੀਂ ਭਾਰਤ ਆਉਣ ਲਈ ਲੱਖਾਂ ਰੁਪਏ ਖਰਚ ਕੇ ਮਹਿੰਗੀਆਂ ਹਵਾਈ ਟਿਕਟਾਂ ਖਰੀਦੀਆਂ ਸਨ। ਪਰ ਹਵਾਈ ਅੱਡੇ 'ਤੇ ਰੋਕੇ ਜਾਣ ਕਾਰਨ ਉਨ੍ਹਾਂ ਦੀਆਂ ਫਲਾਈਟਾਂ ਮਿਸ ਹੋ ਗਈਆਂ, ਜਿਸ ਨਾਲ ਉਨ੍ਹਾਂ ਦਾ ਭਾਰੀ ਵਿੱਤੀ ਨੁਕਸਾਨ ਹੋਇਆ। ਜਥੇ ਦੇ ਆਗੂਆਂ ਅਨੁਸਾਰ, ਆਮ ਨਾਗਰਿਕਾਂ ਲਈ ਅਜਿਹੀ ਕਿਸੇ ਐੱਨ.ਓ.ਸੀ ਦੀ ਲੋੜ ਨਹੀਂ ਹੁੰਦੀ। ਜੇਕਰ ਕੋਈ ਅਜਿਹੀ ਸ਼ਰਤ ਸੀ ਤਾਂ ਉਨ੍ਹਾਂ ਨੂੰ ਟਿਕਟਾਂ ਬੁੱਕ ਕਰਨ ਵੇਲੇ ਜਾਂ ਪਹਿਲਾਂ ਦੱਸਿਆ ਜਾਣਾ ਚਾਹੀਦਾ ਸੀ। ਪਰ ਹਵਾਈ ਅੱਡੇ 'ਤੇ ਪਹੁੰਚ ਕੇ ਆਖਰੀ ਸਮੇਂ 'ਤੇ ਯਾਤਰਾ ਦਾ ਰੋਕਿਆ ਜਾਣਾ, ਬਹੁਤ ਹੀ ਨਿਰਾਸ਼ਾਜਨਕ ਹੈ। ਦੋਹਾਂ ਆਗੂਆਂ ਨੇ ਬਿਆਨ ਦੇ ਅਖੀਰ ਵਿੱਚ ਕਿਹਾ ਕਿ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਆਮ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਖਿਆਲ ਰੱਖਦਿਆਂ, ਨਿਯਮਾਂ ਨੂੰ ਹੋਰ ਸੌਖੇ ਬਣਾਉਣਾ ਚਾਹੀਦਾ ਹੈ ਅਤੇ ਵਾਹਗਾ ਬਾਰਡਰ ਤੁਰੰਤ ਖੋਲ੍ਹਣਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਗਰਸ ਦੀ ਮੀਟਿੰਗ ਦੌਰਾਨ ਭੱਦੀ ਸ਼ਬਦਾਵਲੀ ਤੇ ਅਪਮਾਨਜਨਕ ਜਾਤੀ ਸੂਚਕ ਸ਼ਬਦ ਬੋਲਣ ਦੇ ਜਥੇਬੰਦੀਆਂ ਵਿਚ ਫੈਲੀ ਗੁੱਸੇ ਦੀ ਲਹਿਰ



**ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ)** :—ਬੀਤੇ ਦਿਨੀਂ ਲੁਧਿਆਣਾ ਵਿਖੇ ਕਾਂਗਰਸ ਦੀ ਮੀਟਿੰਗ ਦੌਰਾਨ ਕਾਂਗਰਸ ਦੇ ਸੀਨੀਅਰ ਆਗੂ ਐਸ.ਪੀ ਲੁਬਾਣਾ ਵੱਲੋਂ ਸ਼ਹੀਦ ਭਾਈ ਮਨੀ ਸਿੰਘ ਜੀ ਬਾਰੇ ਭੱਦੀ ਸ਼ਬਦਾਵਲੀ ਅਤੇ ਅਪਮਾਨਜਨਕ ਜਾਤੀ ਸੂਚਕ ਸ਼ਬਦ ਵਰਤਕੇ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਅਪਮਾਨ ਕੀਤਾ ਗਿਆ ਜਿਸ ਕਰਕੇ ਵਿਸ਼ਵ ਵਿੱਚ ਵਸਦੇ ਰਾਜਪੂਤ ਭਾਈਚਾਰੇ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ। ਇਸ ਸਬੰਧੀ ਗੱਲਬਾਤ ਕਰਦਿਆਂ ਵਿਸ਼ਵ ਸਿੱਖ ਭਾਈਚਾਰੇ ਪੰਜਾਬ ਦੇ ਕੌਮੀ ਪ੍ਰਧਾਨ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ ਨੇ ਦੱਸਿਆ ਕਿ ਰਾਜਾ ਵੜਿੰਗ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਕਾਂਗਰਸੀ ਆਗੂ ਵੱਲੋਂ ਬੋਲੇ ਅਜਿਹੇ ਸ਼ਬਦਾਂ ਕਰਕੇ ਸਮੂਹ ਰਾਜਪੂਤ ਭਾਈਚਾਰੇ ਦੇ ਦਿਲਾਂ ਵਿੱਚ ਰੋਸ ਹੈ। ਇਸ ਮੌਕੇ ਵਿਸ਼ਵ ਸਿੱਖ ਭਾਈਚਾਰੇ ਪੰਜਾਬ ਦੇ ਕੌਮੀ ਪ੍ਰਧਾਨ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ, ਪੰਜਾਬ ਪ੍ਰਧਾਨ ਸੋਹਣ ਸਿੰਘ ਖਾਲਸਾ ਮੋਗੇ ਵਾਲੇ, ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੁਸਾਇਟੀ ਰਜਿ ਪੰਜਾਬ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸਰਪ੍ਰਸਤ ਭਾਈ ਲਖਵਿੰਦਰ ਸਿੰਘ ਮਹਾਲਮ, ਵਾਰਸ ਪੰਜਾਬ ਦੇ ਜਥੇਬੰਦੀ ਦੇ ਫਿਰੋਜ਼ਪੁਰ ਦਿਹਾਤੀ ਇੰਚਾਰਜ ਡਾਕਟਰ ਅਵਤਾਰ ਸਿੰਘ ਗਿੱਲ ਦੇ ਸਹਿਯੋਗ ਨਾਲ 10 ਸਤੰਬਰ ਨੂੰ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਤੇ ਐਸ.ਐਸ.ਪੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਦਿੱਤੇ ਮੰਗ ਪੱਤਰ ਵਿਚ ਮੰਗ ਕੀਤੀ ਗਈ ਕਿ ਜਿੰਨੀ ਦੇਰ ਤੱਕ ਐਸ.ਪੀ ਲੁਬਾਣਾ ਸਿੱਖ ਕੌਮ ਅਤੇ ਰਾਜਪੂਤ ਭਾਈਚਾਰੇ ਤੋਂ ਮਾਫ਼ੀ ਨਹੀਂ ਮੰਗਦਾ ਉਨੀ ਦੇਰ ਪੰਜਾਬ ਵਿੱਚ ਵੱਖੋ—ਵੱਖ ਜ਼ਿਲ੍ਹਿਆਂ ਵਿੱਚ ਐਸ.ਪੀ ਲੁਬਾਣਾ ਦੇ ਪੁਤਲੇ ਫੂਕੇ ਜਾਣਗੇ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੰਗ ਪੱਤਰ ਵਿੱਚ ਬੇਨਤੀ ਕੀਤੀ ਜਾਂਦੀ ਹੈ ਕਿ ਅਜਿਹੇ ਸ਼ਖਸ ਤੇ ਕੇਸ ਦਰਜ਼ ਕਰਕੇ ਜੇਲ੍ਹ ਵਿੱਚ ਬੰਦ ਕੀਤਾ ਜਾਵੇ ਤਾਂ ਕਿ ਅੱਗੇ ਤੋਂ ਕੋਈ ਵੀ ਸ਼ਖਸ ਸ਼ਹੀਦਾਂ ਦਾ ਅਪਮਾਨ ਨਿਰਾਦਰ ਕਰਨ ਦੀ ਜੁਰਅਤ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਮੰਗ ਪੱਤਰ ਦੇਣ ਸਮੇਂ ਵੱਖ—ਵੱਖ ਜਥੇਬੰਦੀਆਂ ਦੇ ਆਗੂ ਸ਼ਹੀਦ ਭਾਈ ਮਨੀ ਸਿੰਘ ਬਾਬਾ ਬਚਿੱਤਰ ਸਿੰਘ ਵੈਲਫੇਅਰ ਸੁਸਾਇਟੀ ਦੇ ਕੌਮੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਸਰਪੰਚ ਫੁਲਰਵੰਨੀਆ, ਸਰਪ੍ਰਸਤ ਭਾਈ ਸਤਨਾਮ ਸਿੰਘ ਸਾਜਨ, ਜ਼ਿਲਾ ਮੀਤ ਪ੍ਰਧਾਨ ਭਾਈ ਸੁਖਵਿੰਦਰ ਸਿੰਘ ਸਫ਼ਰੀ ਫਿਰੋਜ਼ਪੁਰ ਵਾਲੇ, ਨਾਨਕ ਸਿੰਘ ਜਨੇਰ, ਭਾਈ ਭਾਗ ਸਿੰਘ ਫੱਤੇਵਾਲੀਆ ਜ਼ਿਲਾ ਚੇਅਰਮੈਨ, ਵਾਇਸ ਚੇਅਰਮੈਨ ਭਾਈ ਸੁਖਜਿੰਦਰ ਸਿੰਘ ਪੀਰ ਖਾਂ ਸ਼ੇਖ, ਭਾਈ ਨਿਸ਼ਾਨ ਸਿੰਘ ਫਿਰੋਜ਼ਪੁਰ, ਭਾਈ ਸੇਵਾ ਸਿੰਘ ਫਿਰੋਜ਼ਪੁਰ, ਭਾਈ ਕੁਲਵੰਤ ਸਿੰਘ ਬਾਗਵਾਲੀ ਵਸਤੀ ਫਿਰੋਜ਼ਪੁਰ, ਭਾਈ ਤਜਿੰਦਰ ਸਿੰਘ ਢੂਡੀਕੇ ਫਰੀਦਕੋਟ, ਭਾਈ ਜਸਪ੍ਰੀਤ ਸਿੰਘ ਵੇਹੜੀ, ਭਾਈ ਬਲਦੇਵ ਸਿੰਘ ਸਰਪੰਚ ਭੜੋਲੀਭੰਨ, ਭਾਈ ਨਾਇਬ ਸਿੰਘ ਮੁਦਕੀ, ਕਵੀਸ਼ਰ ਭਾਈ ਸਤਨਾਮ ਸਿੰਘ ਰਸੀਆ, ਭਾਈ ਸਵਰਨ ਸਿੰਘ ਅਤੇ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸਰਪ੍ਰਸਤ ਲਖਵਿੰਦਰ ਸਿੰਘ ਮਹਾਲਮ, ਸਤਨਾਮ ਸਿੰਘ ਮਹਾਲਮ, ਭਾਈ ਸਤਨਾਮ ਸਿੰਘ ਮੇਹਰ ਸਿੰਘ ਵਾਲਾ, ਭਾਈ ਸੰਤੋਖ ਸਿੰਘ, ਜਸਪਾਲ ਸਿੰਘ, ਗੁਰਤੇਜ ਸਿੰਘ ਮਮਦੋਟ ਇਕਾਈ ਦੇ ਸਰਪ੍ਰਸਤ ਬਾਬਾ ਲਾਲ ਸਿੰਘ, ਸੀਨੀਅਰ ਪੱਤਰਕਾਰ ਸੁਖਾ ਸਿੰਘ ਰਖਈਆਂ, ਕੁਲਦੀਪ ਸਿੰਘ ਰਖਈਆਂ, ਭਾਈ ਸੁਰਜੀਤ ਸਿੰਘ ਰਖਈਆਂ, ਜੁਗਰਾਜ ਸਿੰਘ ਵਜੀਦਪੁਰ ਅਤੇ ਵਾਰਸ ਪੰਜਾਬ ਜਥੇਬੰਦੀ ਦੇ ਸੀਨੀਅਰ ਆਗੂ ਡਾਕਟਰ ਅਵਤਾਰ ਸਿੰਘ ਅਤੇ ਸਾਥੀ ਅਤੇ ਅਨੇਕਾਂ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜਵੰਤ ਸਿੰਘ ਘੁੱਲੀ ਨੂੰ ਦੂਸਰੀ ਵਾਰ

# ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਇਲਾਕੇ ਦੇ ਸਰਪੰਚਾਂ ਨੇ ਕੀਤਾ ਸਨਮਾਨ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੂੰ ਦੂਸਰੀ ਵਾਰ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਇਲਾਕੇ ਦੇ ਸਰਪੰਚਾਂ ਵੱਲੋਂ ਮਾਰਕੀਟ ਕਮੇਟੀ ਧੂਰੀ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਇਕੱਤਰ ਸਰਪੰਚਾਂ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ। ਜਿਨ੍ਹਾਂ ਨੇ ਪਾਰਟੀ ਲਈ ਦਿਨ ਰਾਤ ਮਿਹਨਤ ਕਰਨ ਵਾਲੇ, ਰਾਜਵੰਤ ਸਿੰਘ ਘੁੱਲੀ ਨੂੰ ਦੂਸਰੀ ਵਾਰ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਾ ਕੇ ਆਮ ਘਰ ਦੇ ਮੁੰਡੇ ਨੂੰ ਪਾਰਟੀ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਇਸ ਮੌਕੇ ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਸਰਪੰਚ ਰਾਜੂ ਬਰੜਵਾਲ, ਸਰਪੰਚ ਜਗਰੂਪ ਸਿੰਘ ਕੌਲਸੇੜੀ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਗੁਰਮੀਤ ਸਿੰਘ ਪਲਾਸੌਰ, ਸਰਪੰਚ ਪਰਮਜੀਤ ਸਿੰਘ ਕਹੇਰੂ, ਸਰਪੰਚ ਬਲਵੀਰ ਸਿੰਘ ਈਸੀ , ਸਰਪੰਚ ਗੁਰਪ੍ਰੀਤ ਸਿੰਘ ਗੋਪੀ ਮੀਮਸਾ, ਸਰਪੰਚ ਜਗਤਾਰ ਸਿੰਘ ਬਮਾਲ, ਨੰਬਰਦਾਰ ਨਦੀਮ ਖਾਨ ਦੁਗਣੀ, ਸਰਪੰਚ ਜੱਸੀ ਜੱਖਲਾਂ , ਸਰਪੰਚ ਜਸਪਾਲ ਸਿੰਘ ਧਾਦਰਾਂ,ਸਰਪੰਚ ਰਾਜ ਸਿੰਘ ਮਾਨ ਵਾਲਾ, ਸਰਪੰਚ ਕਰਮਜੀਤ ਸਿੰਘ ਭੁੱਲਰਹੇੜੀ, ਸਰਪੰਚ ਅਮਨਦੀਪ ਸਿੰਘ ਖਹਿਰਾਚ ,ਮਾਣਾ ਗਰੇਵਾਲ, ਭਿੰਦਾ ਵਿਰਕ, ਹਰਦੀਪ ਸਿੰਘ, ਅਮਨ ਬੇਨੜਾ, ਚੀਨੂ ਧੀਰ ਚਾਹਤ, ਜਸਨ ਕਹੇਰੂ ਹਾਜਰ ਸਨ।

### ਗੁਰਧਾਮਾਂ ਦੇ ਦਰਸ਼ਨਾਂ ਲਈ ਭਾਰਤ ਆ ਰਹੇ

# ਪਾਕਿਸਤਾਨੀ ਸਿੱਖ ਜਥੇ ਨੂੰ ਇਸਲਾਮਾਬਾਦ ਏਅਰਪੋਰਟ 'ਤੇ ਰੋਕਣਾ ਮੰਦਭਾਗਾ : ਦਲਜੀਤ ਸਿੰਘ ਸਿੱਧੂ



ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :— ਭਾਰਤ ਸਥਿਤ ਸਿੱਖ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਤੋਂ ਭਾਰਤ ਆ ਰਹੇ ਇੱਕ ਸਿੱਖ ਜਥੇ ਨੂੰ ਇਸਲਾਮਾਬਾਦ ਹਵਾਈ ਅੱਡੇ 'ਤੇ ਰੋਕ ਦਿੱਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜਥੇ ਵਿੱਚ ਸ਼ਾਮਲ ਸਿੱਖ ਸ਼ਰਧਾਲੂਆਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਇਹ ਕਹਿ ਕੇ ਰੋਕਿਆ ਗਿਆ ਕਿ ਉਨ੍ਹਾਂ ਕੋਲ ਲੋੜੀਂਦੀ ਐਨ.ਓ.ਸੀ ਨਹੀਂ ਹੈ।

ਇਸ ਮਾਮਲੇ 'ਤੇ ਸਾਈ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਨੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪਾਕਿਸਤਾਨ ਸਰਕਾਰ ਦੇ ਇਸ ਕਦਮ ਦੀ ਨਿਖੇਧੀ ਕੀਤੀ ਹੈ, ਫਾਊਂਡੇਸ਼ਨ ਦਾ ਕਹਿਣਾ ਹੈ ਕਿ ਜੇਕਰ ਪਾਕਿਸਤਾਨ ਵਿੱਚ ਰਹਿੰਦੇ ਸਿੱਖ ਸ਼ਰਧਾਲੂਆਂ ਨੂੰ ਭਾਰਤ ਸਥਿਤ ਆਪਣੇ ਇਤਿਹਾਸਕ ਗੁਰਧਾਮਾਂ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਹੇਮਕੁੰਟ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਲਈ ਵੀਜ਼ਾ ਮਿਲ ਚੁੱਕਾ ਹੈ ਤਾਂ ਉਨ੍ਹਾਂ ਨੂੰ ਧਾਰਮਿਕ ਯਾਤਰਾ ਕਰਨ ਵਿੱਚ ਬੇਲੋੜੀਆਂ ਰੁਕਾਵਟਾਂ ਨਹੀਂ ਪਾਉਣੀਆਂ ਚਾਹੀਦੀਆਂ। ਫਾਊਂਡੇਸ਼ਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿੱਚ ਸਿੱਖ ਸੰਗਤ ਦਾ ਆਪਣੇ ਇਤਿਹਾਸਕ ਗੁਰਧਾਮਾਂ ਨਾਲ ਡੂੰਘਾ ਧਾਰਮਿਕ ਅਤੇ ਭਾਵਨਾਤਮਕ ਰਿਸ਼ਤਾ ਹੈ ਅਤੇ ਹਰ ਸਾਲ ਦੋਵੇਂ ਪਾਸਿਆਂ ਤੋਂ ਸਿੱਖ ਸ਼ਰਧਾਲੂ ਧਾਰਮਿਕ ਯਾਤਰਾਵਾਂ 'ਤੇ ਜਾਂਦੇ ਹਨ। ਅਜਿਹੇ ਵਿੱਚ ਕਿਸੇ ਜਥੇ ਨੂੰ ਆਖਰੀ ਸਮੇਂ 'ਤੇ ਰੋਕਿਆ ਜਾਣਾ ਸ਼ਰਧਾਲੂਆਂ ਲਈ ਵੱਡੀ ਨਿਰਾਸ਼ਾ ਦਾ ਕਾਰਨ ਬਣਦਾ ਹੈ। ਫਾਊਂਡੇਸ਼ਨ ਵੱਲੋਂ ਇਹ ਵੀ ਸਵਾਲ ਉਠਾਇਆ ਗਿਆ ਕਿ ਜੇਕਰ ਐਨ.ਓ.ਸੀ ਦੀ ਕੋਈ ਸਰਕਾਰੀ ਲੋੜ ਹੈ ਤਾਂ ਇਸ ਸਬੰਧੀ ਸਪੱਸ਼ਟ ਜਾਣਕਾਰੀ ਸ਼ਰਧਾਲੂਆਂ ਨੂੰ ਪਹਿਲਾਂ ਹੀ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣੀ ਯਾਤਰਾ ਦੀ ਤਿਆਰੀ ਉਸੇ ਅਨੁਸਾਰ ਕਰ ਸਕਣ। ਫਾਊਂਡੇਸ਼ਨ ਦਾ ਤਰਕ ਹੈ ਕਿ ਧਾਰਮਿਕ ਯਾਤਰਾ ਲਈ ਵੀਜ਼ਾ ਪ੍ਰਾਪਤ ਕਰਨ ਤੋਂ ਬਾਅਦ ਸ਼ਰਧਾਲੂਆਂ ਨੂੰ ਹਵਾਈ ਅੱਡੇ 'ਤੇ ਆ ਕੇ ਅਜਿਹੀ ਰੁਕਾਵਟ ਦਾ ਸਾਹਮਣਾ ਨਾ ਕਰਨਾ ਪਵੇ। ਸਾਈ ਮੀਆਂ ਮੀਰ ਫਾਊਂਡੇਸ਼ਨ ਨੇ ਭਾਰਤ ਸਰਕਾਰ ਵੱਲੋਂ ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਆ ਕੇ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਵੀਜ਼ੇ ਜਾਰੀ ਕਰਨ ਦੇ ਕਦਮ ਦੀ ਸ਼ਲਾਘਾ ਕਰਦਿਆਂ ਫਾਊਂਡੇਸ਼ਨ ਨੇ ਕਿਹਾ ਕਿ ਧਾਰਮਿਕ ਯਾਤਰਾਵਾਂ ਨੂੰ ਉਤਸ਼ਾਹਿਤ ਕਰਨਾ ਦੋਵੇਂ ਦੇਸ਼ਾਂ ਦੀਆਂ ਸਿੱਖ ਸੰਗਤਾਂ ਨੂੰ ਇੱਕ—ਦੂਜੇ ਨਾਲ ਜੋੜਨ ਦਾ ਸਾਧਨ ਬਣ ਸਕਦਾ ਹੈ ਫ਼ਾਊਂਡੇਸ਼ਨ ਵੱਲੋਂ ਪਾਕਿਸਤਾਨ ਵਿੱਚ ਸਿੱਖ ਆਗੂਆਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਉਠਾਉਣ ਅਤੇ ਸਰਕਾਰ ਤੋਂ ਸਪੱਸ਼ਟੀਕਰਨ ਮੰਗਣ ਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਆ ਰਹੇ ਸਿੱਖ ਸ਼ਰਧਾਲੂਆਂ ਨੂੰ ਆਖਰੀ ਸਮੇਂ 'ਤੇ ਕਿਹੜੇ ਕਾਰਨਾਂ ਕਰਕੇ ਰੋਕਿਆ ਗਿਆ। ਉਨ੍ਹਾਂ ਕਿਹਾ ਕਿ ਜਥੇ ਵਿੱਚ ਸ਼ਾਮਲ ਸ਼ਰਧਾਲੂਆਂ ਨੂੰ ਇਸ ਘਟਨਾ ਕਾਰਨ ਵਿੱਤੀ ਨੁਕਸਾਨ ਦੇ ਨਾਲ—ਨਾਲ ਭਾਰੀ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸ਼ਰਧਾਲੂਆਂ ਮੁਤਾਬਕ ਉਨ੍ਹਾਂ ਨੇ ਯਾਤਰਾ ਲਈ ਲੱਖਾਂ ਰੁਪਏ ਖਰਚ ਕੀਤੇ ਸਨ ਅਤੇ ਕੁਝ ਯਾਤਰੀਆਂ ਦੀਆਂ ਟਿਕਟਾਂ ਦੀ ਕੀਮਤ ਕਰੀਬ ਦੋ—ਦੋ ਲੱਖ ਰੁਪਏ ਤੱਕ ਦੱਸੀ ਜਾ ਰਹੀ ਹੈ। ਉਹ ਦੁਬਈ ਰਾਹੀਂ ਹਵਾਈ ਯਾਤਰਾ ਕਰਕੇ ਭਾਰਤ ਪਹੁੰਚਣ ਦੀ ਯੋਜਨਾ ਵਿੱਚ ਸਨ, ਪਰ ਇਸ ਰੁਕਾਵਟ ਕਾਰਨ ਉਨ੍ਹਾਂ ਦੀ ਪੂਰੀ ਯਾਤਰਾ ਯੋਜਨਾ ਪ੍ਰਭਾਵਿਤ ਹੋ ਗਈ। ਜਥੇ ਵਿੱਚ ਸ਼ਾਮਲ ਇੱਕ ਬਜ਼ੁਰਗ ਸਿੱਖ ਸ਼ਰਧਾਲੂ ਨੇ ਗੱਲਬਾਤ ਦੌਰਾਨ ਆਪਣੀ ਨਿਰਾਸ਼ਾ ਜ਼ਾਹਰ ਕਰਦਿਆਂ ਕਿਹਾ ਕਿ ਉਹ ਬੜੀ ਸ਼ਰਧਾ ਨਾਲ ਆਪਣੇ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਤਿਆਰ ਹੋਏ ਸਨ, ਪਰ ਆਖਰੀ ਸਮੇਂ 'ਤੇ ਰੋਕ ਦਿੱਤੇ ਜਾਣ ਕਾਰਨ ਉਨ੍ਹਾਂ ਨੂੰ ਬਹੁਤ ਦੁੱਖ ਅਤੇ ਨਿਰਾਸ਼ਾ ਹੋਈ ਹੈ। ਉਨ੍ਹਾਂ ਕਿਹਾ ਕਿ ਉਹ ਅੱਜ ਨਿਰਾਸ਼ ਮਨ ਨਾਲ ਵਾਪਸ ਪਰਤ ਰਹੇ ਹਨ। ਸਾਈ ਮੀਆਂ ਮੀਰ ਫਾਊਂਡੇਸ਼ਨ ਨੇ ਜਥੇ ਵਿੱਚ ਸ਼ਾਮਲ ਸਾਰੇ ਸ਼ਰਧਾਲੂਆਂ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਗੁਰਧਾਮਾਂ ਦੇ ਦਰਸ਼ਨਾਂ ਦੀ ਇੱਛਾ ਲੈ ਨਿਕਲੇ ਸਿੱਖਾਂ ਨੂੰ ਇਸ ਤਰ੍ਹਾਂ ਵਾਪਸ ਮੁੜਨਾ ਬੇਹੱਦ ਦੁਖਦਾਈ ਹੈ। ਫਾਊਂਡੇਸ਼ਨ ਨੇ ਕਿਹਾ ਕਿ ਉਹ ਹਮੇਸ਼ਾ ਇਸ ਗੱਲ ਦੀ ਹਮਾਇਤ ਕਰਦੀ ਹੈ ਕਿ ਭਾਰਤ ਅਤੇ ਪਾਕਿਸਤਾਨ ਵਿੱਚ ਵੱਸਦੇ ਸਿੱਖਾਂ ਨੂੰ ਆਪਣੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਦੇ ਵੱਧ ਤੋਂ ਵੱਧ ਮੌਕੇ ਮਿਲਣੇ ਚਾਹੀਦੇ ਹਨ। ਧਾਰਮਿਕ ਯਾਤਰਾਵਾਂ ਨੂੰ ਰੋਕਣ ਦੀ ਬਜਾਏ ਦੋਵੇਂ ਸਰਕਾਰਾਂ ਨੂੰ ਅਜਿਹੀਆਂ ਯਾਤਰਾਵਾਂ ਨੂੰ ਸੁਖਾਲਾ ਬਣਾਉਣ ਲਈ ਆਪਸੀ ਸਹਿਯੋਗ ਕਰਨਾ ਚਾਹੀਦਾ ਹੈ। ਫਾਊਂਡੇਸ਼ਨ ਨੇ ਉਮੀਦ ਜਤਾਈ ਕਿ ਪਾਕਿਸਤਾਨ ਸਰਕਾਰ ਇਸ ਮਾਮਲੇ ਦੀ ਸਮੀਖਿਆ ਕਰੇਗੀ ਤੇ ਭਵਿੱਖ ਵਿੱਚ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਅਜਿਹੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਫਾਊਂਡੇਸ਼ਨ ਨੇ ਕਿਹਾ ਕਿ ਗੁਰਧਾਮ ਕਿਸੇ ਇੱਕ ਦੇਸ਼ ਦੀ ਹੱਦ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਸਿੱਖ ਸੰਗਤ ਦੀ ਆਸਥਾ ਅਤੇ ਵਿਰਾਸਤ ਦਾ ਕੇਂਦਰ ਹਨ। ਇਸ ਲਈ ਸ਼ਰਧਾਲੂਆਂ ਦੀ ਧਾਰਮਿਕ ਭਾਵਨਾ ਦਾ ਸਨਮਾਨ ਕਰਦਿਆਂ ਦੋਵੇਂ ਦੇਸ਼ਾਂ ਨੂੰ ਯਾਤਰਾਵਾਂ ਨੂੰ ਆਸਾਨ ਬਣਾਉਣ ਵੱਲ ਕਦਮ ਚੁੱਕਣੇ ਚਾਹੀਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਸਾ ਸਿੰਘ ਅਹਲੂਵਾਲੀਆ ਜਨਰਲ ਸਕੱਤਰ, ਨਰਿੰਦਰ ਸਿੰਘ ਕੇਸਰ, ਪ੍ਰੈਸ ਸਕੱਤਰ, ਜਸਪਾਲ ਸਿੰਘ ਮੱਲਾਂਵਾਲਾ, ਪੱਤਰਕਾਰ, ਬਲਦੇਵ ਹਾਂਡਾ, ਜਸਪਾਲ ਗੁੰਬਰ, ਗੁਰਨਾਮ ਸਿੰਘ ਸਿੱਧੂ, ਪਲਵਿੰਦਰ ਕੌਰ ਪੰਦੇਰ, ਡਾਕਟਰ, ਜੇ.ਬੀ. ਸਿੰਘ, ਬੱਬੂ ਹੁਸੈਨੀਵਾਲਾ ਦੇ ਸਰਪੰਚ, ਤੋਤਾ ਸਿੰਘ ਮਹਾਲਮ, ਚਾਨਣ ਸਿੰਘ ਸਰਪੰਚ, ਡਾਕਟਰ ਰਮਨਦੀਪ ਕੌਰ ਆਦਿ ਹਾਜ਼ਰ ਸਨ।

> **ਐਨ.ਓ.ਸੀ. ਨਾ ਹੋਣ ਦਾ ਦਿੱਤਾ ਗਿਆ ਹਵਾਲਾ, ਸਾਈ ਮੀਆਂ ਮੀਰ ਫਾਊਂਡੇਸ਼ਨ ਵੱਲੋਂ ਪਾਕਿਸਤਾਨ ਸਰਕਾਰ ਦੀ ਨਿਖੇਧੀ**

# ਐਕਸਿਸ ਬੈਂਕ ਵਿੱਚ ਪੈਸੇ ਜਮ੍ਹਾਂ ਕਰਵਾਉਣ ਆਈਆਂ ਕੁੜੀਆਂ ਨਾਲ ਧੋਖਾਧੜੀ ਦਾ ਦੋਸ਼

### ਪੈਸੇ ਵਾਪਸ ਨਾ ਮਿਲਣ 'ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦਿੱਤੀ ਸੰਘਰਸ਼ ਦੀ ਚਿਤਾਵਨੀ



**ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :—** ਐਕਸਿਸ ਬੈਂਕ ਮਾਲ ਰੋਡ ਫਿਰੋਜ਼ਪੁਰ ਵਿੱਚ ਪੈਸੇ ਜਮ੍ਹਾਂ ਕਰਵਾਉਣ ਆਈਆਂ ਅਮਨਦੀਪ ਅਤੇ ਵੀਰਪਾਲ ਵੱਲੋਂ ਬੈਂਕ ਦੇ ਇੱਕ ਮੁਲਾਜ਼ਮ 'ਤੇ ਕਥਿਤ ਤੌਰ 'ਤੇ ਪੈਸਿਆਂ ਸਬੰਧੀ ਧੋਖਾਧੜੀ ਕਰਨ ਦੇ ਦੋਸ਼ ਲਗਾਏ ਗਏ ਹਨ। ਪੀੜਤਾਂ ਵੱਲੋਂ ਇਸ ਮਾਮਲੇ ਸਬੰਧੀ ਬੈਂਕ ਮੈਨੇਜਰ ਨੂੰ ਲਿਖਤੀ ਸ਼ਿਕਾਇਤ ਦੇ ਕੇ ਆਪਣੇ ਪੈਸੇ ਵਾਪਸ ਕਰਵਾਉਣ ਦੀ ਮੰਗ ਕੀਤੀ ਗਈ ਹੈ। ਪੀੜਤ ਕੁੜੀਆਂ ਨੇ ਦੱਸਿਆ ਕਿ ਉਹ ਬੈਂਕ ਵਿੱਚ ਪੈਸੇ ਜਮ੍ਹਾਂ ਕਰਵਾਉਣ ਲਈ ਆਈਆਂ ਸਨ, ਇਸ ਦੌਰਾਨ ਬੈਂਕ ਦੇ ਇੱਕ ਮੁਲਾਜ਼ਮ ਵੱਲੋਂ ਉਨ੍ਹਾਂ ਤੋਂ ਪੈਸੇ ਲੈ ਕੇ ਪਾਲਿਸੀ ਸਬੰਧੀ ਐਂਟਰੀ ਕਰ ਦਿੱਤੀ ਗਈ। ਬਾਅਦ ਵਿੱਚ ਜਦੋਂ ਉਨ੍ਹਾਂ ਨੂੰ ਆਪਣੇ ਪੈਸਿਆਂ ਦੀ ਲੋੜ ਪਈ ਅਤੇ ਉਨ੍ਹਾਂ ਨੇ ਪੈਸੇ ਵਾਪਸ ਮੰਗੇ ਤਾਂ ਉਨ੍ਹਾਂ ਨੂੰ ਆਪਣੇ ਨਾਲ ਹੋਈ ਕਥਿਤ ਧੋਖਾਧੜੀ ਦਾ ਪਤਾ ਲੱਗਾ। ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਸਬੰਧੀ ਕਈ ਵਾਰ ਬੈਂਕ ਮੈਨੇਜਰ ਨਾਲ ਸੰਪਰਕ ਕਰ ਚੁੱਕੀਆਂ ਹਨ ਅਤੇ ਲਿਖਤੀ ਰੂਪ ਵਿੱਚ ਵੀ ਪੈਸੇ ਵਾਪਸ ਕਰਨ ਦੀ ਮੰਗ ਕਰ ਚੁੱਕੀਆਂ ਹਨ, ਪਰ ਅਜੇ ਤੱਕ ਉਨ੍ਹਾਂ ਨੂੰ ਪੈਸੇ ਵਾਪਸ ਨਹੀਂ ਮਿਲੇ। ਪੀੜਤਾਂ ਨੇ ਹੁਣ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਆਗੂਆਂ ਨਾਲ ਸੰਪਰਕ ਕਰਕੇ ਇਨਸਾਫ਼ ਦਿਵਾਉਣ ਲਈ ਸਹਿਯੋਗ ਦੀ ਮੰਗ ਕੀਤੀ ਹੈ ਅਤੇ ਯੂਨੀਅਨ ਆਗੂਆਂ ਨੇ ਬੈਂਕ ਪ੍ਰਬੰਧਕਾਂ ਤੋਂ ਮੰਗ ਕੀਤੀ ਕਿ ਪੀੜਤਾਂ ਦੇ ਪੈਸੇ ਤੁਰੰਤ ਵਾਪਸ ਕਰਵਾਏ ਜਾਣ ਅਤੇ ਧੋਖਾ ਕਰਨ ਵਾਲ਼ੇ ਮੁਲਾਜ਼ਮ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ। ਯੂਨੀਅਨ ਨੇ ਚਿਤਾਵਨੀ ਦਿੱਤੀ ਕਿ ਜੇਕਰ ਇੱਕ ਹਫ਼ਤੇ ਦੇ ਅੰਦਰ ਪੀੜਤਾਂ ਦੇ ਪੈਸੇ ਵਾਪਸ ਨਾ ਕੀਤੇ ਗਏ ਤਾਂ ਬੈਂਕ ਦੇ ਬਾਹਰ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਅਵਤਾਰ ਸਿੰਘ ਮਹਿਮਾ, ਗੁਰਜੱਜ ਸਿੰਘ ਸਾਂਦੇ ਹਾਸ਼ਮ, ਜਸਵੀਰ ਸਿੰਘ ਮਲਵਾਲ, ਗੁਰਸਿਮਰਨ ਸਿੰਘ ਝੋਕ ਤੋਂ ਇਲਾਵਾ ਹੋਰ ਵੀ ਆਗੂ ਮੌਜੂਦ ਹਨ।

# 18 ਸਤੰਬਰ ਨੂੰ ਰਿਲੀਜ਼ ਹੋਣ ਵਾਲੀ ਪੰਜਾਬੀ ਫਿਲਮ 'ਮਿੱਟੀ ਦੇ ਪੁੱਤ' ਦੀ ਸਟਾਰ ਕਾਸਟ ਪਹੁੰਚੀ ਜੈਨੇਸਿਸ ਡੈਂਟਲ ਐਂਡ ਨਰਸਿੰਗ ਕਾਲਜ

### ਜੈਨੇਸਿਸ ਵਿੱਚ ਬਣਿਆ ਫਿਲਮੀ ਮਾਹੌਲ, ਸਿੰਘਲ ਪਰਿਵਾਰ ਨਾਲ ਨਜ਼ਰ ਆਈ 'ਮਿੱਟੀ ਦੇ ਪੁੱਤ' ਦੀ ਸਟਾਰ ਕਾਸਟ



**ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :—** 18 ਸਤੰਬਰ ਨੂੰ ਰਿਲੀਜ਼ ਹੋਣ ਜਾ ਰਹੀ ਪੰਜਾਬੀ ਫਿਲਮ 'ਮਿੱਟੀ ਦੇ ਪੁੱਤ' ਦੀ ਸਟਾਰ ਕਾਸਟ ਸ਼ੁੱਕਰਵਾਰ ਨੂੰ ਫਿਲਮ ਦੀ ਪ੍ਰਮੋਸ਼ਨ ਲਈ ਜੈਨੇਸਿਸ ਡੈਂਟਲ ਐਂਡ ਨਰਸਿੰਗ ਕਾਲਜ ਪਹੁੰਚੀ। ਕਲਾਕਾਰਾਂ ਦੇ ਕਾਲਜ ਕੈਂਪਸ ਵਿੱਚ ਪਹੁੰਚਦੇ ਹੀ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਇਸ ਮੌਕੇ ਜੈਨੇਸਿਸ ਡੈਂਟਲ ਐਂਡ ਨਰਸਿੰਗ ਕਾਲਜ ਦੇ ਚੇਅਰਮੈਨ ਸੀ.ਏ ਵਰਿੰਦਰ ਮੋਹਨ ਸਿੰਘਲ, ਸ੍ਰੀਮਤੀ ਮੀਨਾਕਸ਼ੀ ਸਿੰਘਲ, ਨਵੀਤਾ ਸਿੰਘਲ ਅਤੇ ਅਰਸ਼ ਸਿੰਘਲ ਪਰਿਵਾਰ ਵੱਲੋਂ ਫਿਲਮ ਦੀ ਸਟਾਰ ਕਾਸਟ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਕਲਾਕਾਰਾਂ ਨੇ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ ਅਤੇ ਫਿਲਮ ਨਾਲ ਜੁੜੇ ਆਪਣੇ ਤਜਰਬੇ ਵੀ ਸਾਂਝੇ ਕੀਤੇ।

ਸਟਾਰ ਕਾਸਟ ਨੇ ਵਿਦਿਆਰਥੀਆਂ ਨੂੰ 18 ਸਤੰਬਰ ਨੂੰ ਰਿਲੀਜ਼ ਹੋਣ ਵਾਲੀ ਫਿਲਮ 'ਮਿੱਟੀ ਦੇ ਪੁੱਤ' ਦੇਖਣ, ਪੰਜਾਬੀ ਸਿਨੇਮਾ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੇ ਕਲਾਕਾਰਾਂ ਨਾਲ ਤਸਵੀਰਾਂ ਖਿਚਵਾਈਆਂ ਅਤੇ ਇਸ ਮੁਲਾਕਾਤ ਨੂੰ ਯਾਦਗਾਰ ਬਣਾਇਆ। ਕਾਲਜ ਕੈਂਪਸ ਵਿੱਚ ਪੂਰੇ ਸਮੇਂ ਦੌਰਾਨ ਉਤਸ਼ਾਹ ਅਤੇ ਖੁਸ਼ੀ ਦਾ ਮਾਹੌਲ ਬਣਿਆ ਰਿਹਾ। ਸੀ.ਏ ਵਰਿੰਦਰ ਮੋਹਨ ਸਿੰਘਲ ਨੇ ਕਿਹਾ ਕਿ ਪੰਜਾਬੀ ਸਿਨੇਮਾ ਸਾਡੀ ਮਿੱਟੀ, ਸੱਭਿਆਚਾਰ ਅਤੇ ਵਿਰਾਸਤ ਨੂੰ ਦਰਸ਼ਕਾਂ ਤੱਕ ਪਹੁੰਚਾਉਣ ਦਾ ਇੱਕ ਮਜ਼ਬੂਤ ਮਾਧਿਅਮ ਹੈ। ਉਨ੍ਹਾਂ ਫਿਲਮ 'ਮਿੱਟੀ ਦੇ ਪੁੱਤ' ਦੀ ਪੂਰੀ ਸਟਾਰ ਕਾਸਟ ਨੂੰ ਫਿਲਮ ਦੀ ਰਿਲੀਜ਼ ਲਈ ਸ਼ੁਭਕਾਮਨਾਵਾਂ ਦਿੱਤੀਆਂ। ਜੈਨੇਸਿਸ ਡੈਂਟਲ ਐਂਡ ਨਰਸਿੰਗ ਕਾਲਜ ਦੇ ਚੇਅਰਮੈਨ ਸੀ.ਏ ਵਰਿੰਦਰ ਮੋਹਨ ਸਿੰਘਲ ਦਾ ਕਲਾ ਅਤੇ ਫਿਲਮ ਜਗਤ ਨਾਲ ਵਿਸ਼ੇਸ਼ ਲਗਾਅ ਹੈ।

ਉਨ੍ਹਾਂ ਕਿਹਾ ਕਿ ਕਲਾਕਾਰਾਂ ਦਾ ਵਿਦਿਆਰਥੀਆਂ ਵਿਚਕਾਰ ਪਹੁੰਚਣਾ ਉਨ੍ਹਾਂ ਲਈ ਇੱਕ ਯਾਦਗਾਰ ਅਨੁਭਵ ਹੁੰਦਾ ਹੈ ਅਤੇ ਇਸ ਨਾਲ ਨੌਜਵਾਨਾਂ ਨੂੰ ਆਪਣੀ ਸੱਭਿਆਚਾਰ ਨਾਲ ਜੁੜੇ ਸਿਨੇਮਾ ਨੂੰ ਨੇੜਿਓਂ ਸਮਝਣ ਦਾ ਮੌਕਾ ਵੀ ਮਿਲਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ



ਗੁਰਤਾ ਗੱਦੀ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ • ਪਹਿਲਾਂ ਪ੍ਰਕਾਸ਼ : ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 12 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਹਰ ਐਤਵਾਰ 13 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸਰਵਨ ਸਿੰਘ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਖਾਲਸਾ ਅਕੈਡਮੀ ਵਿਖੇ ਸੀ.ਬੀ.ਐੱਸ.ਈ.

# ਨੌਰਥ ਜੋਨ ਟੂ ਹਾਕੀ ਚੈਂਪੀਅਨਸ਼ਿਪ ਦਾ ਆਗਾਜ਼



**ਚੌਕ ਮਹਿਤਾ, 10 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ (ਸੀ.ਬੀ.ਐਸ.ਈ) ਨੌਰਥ ਜੋਨ ਹਾਕੀ ਚੈਂਪੀਅਨਸ਼ਿਪ 26 ਦੀਆਂ ਖੇਡਾਂ ਦਾ ਆਗਾਜ਼ ਅੱਜ ਤੋਂ ਹੋ ਚੁੱਕਾ ਹੈ। ਜਿਸ ਦੌਰਾਨ ਮੁੱਖ ਮਹਿਮਾਨ ਵੱਜੋਂ ਸ. ਕੰਵਲਪ੍ਰੀਤ ਸਿੰਘ (ਐਸ.ਐਸ.ਪੀ) ਅੰਮ੍ਰਿਤਸਰ ਅਤੇ ਥਾਣਾ ਮਹਿਤਾ ਦੇ ਐਸ.ਐਚ.ਓ. ਸਿਮਰਨਜੀਤ ਕੌਰ ਉਚੇਚੇ ਤੌਰ ਤੇ ਪਹੁੰਚੇ। ਜਿਨ੍ਹਾਂ ਦੇ ਨਾਲ ਗਿਆਨੀ ਸਾਹਬ ਸਿੰਘ, ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਅਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਖਾਲਸਾ ਨੇ ਹਵਾ ਵਿਚ ਗੁਬਾਰੇ ਛੱਡ ਕੇ ਖੇਡਾਂ ਦੀ ਸ਼ੁਰੂਆਤ ਕਰਵਾਈ। ਜਿਕਰਯੋਗ ਹੈ ਕਿ ਦੇਸ਼ ਦੇ ਵੱਖ ਵੱਖ ਸੂਬਿਆਂ ਤੋਂ ਕੁੱਲ 16 ਸਕੂਲਾਂ ਦੀਆਂ 24 ਹਾਕੀ ਦੀਆਂ ਟੀਮਾਂ ਇਨਾਂ ਖੇਡਾਂ ਵਿਚ ਹਿੱਸਾ ਲੈਣ ਲਈ ਖਾਲਸਾ ਅਕੈਡਮੀ ਮਹਿਤਾ ਵਿਖੇ ਪਹੁੰਚੀਆਂ ਹਨ। ਅੱਜ 10 ਸਤੰਬਰ ਤੋਂ ਲੈ ਕੇ 15 ਸਤੰਬਰ ਤੱਕ ਖਾਲਸਾ ਅਕੈਡਮੀ ਦੇ ਗਰਾਊਂਡ ਵਿੱਚ ਇਹ ਖੇਡਾਂ ਲਗਾਤਾਰ ਖੇੜਿਆਂ ਜਾਣਗੀਆਂ। ਹਾਕੀ ਟੀਮਾਂ ਦੇ ਖਿਡਾਰੀਆਂ ਅਤੇ ਕੋਚ ਸਾਹਿਬਾਨਾ ਦੇ ਰਹਿਣ ਸਹਿਣ ਅਤੇ ਖਾਣ ਪੀਣ ਆਦਿ ਦਾ ਪ੍ਰਬੰਧ ਖਾਲਸਾ ਅਕੈਡਮੀ ਵਿਖੇ ਕੀਤਾ ਗਿਆ। ਅੱਜ ਇਥੇ ਖਾਲਸਾ ਅਕੈਡਮੀ ਦੀ ਗਰਾਊਂਡ ਵਿੱਚ ਮਹਾਰਾਣਾ ਪ੍ਰਤਾਪ ਸਿੰਘ ਸਕੂਲ (ਕਰਨਾਲ) ਅਤੇ ਪਾਥ ਸੀਕਰ ਸਕੂਲ (ਬਿਆਸ) ਦੀਆਂ ਹਾਕੀ ਟੀਮ ਦੇ ਦਰਮਿਆਨ ਪਹਿਲਾ ਮੈਚ ਖੇਡਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜਰ ਸਕੂਲ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ



ਜੰਡਿਆਲਾ ਗੁਰੂ 11 ਸਤੰਬਰ ( ਕੁਲਵੰਤ ਸਿੰਘ ਵਿਰਦੀ ) "ਆਗਿਆ ਭਈ ਅਕਾਲ ਕੀ ਤਬੈ ਚਲਾਇਓ ਪੰਥੁ,

ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ।"

ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਦੀਨ-ਦੁਨੀਆ ਦੇ ਮਾਲਕ, ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਨੂੰ ਸਮਰਪਿਤ ਸਕੂਲ ਵਿੱਚ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਮੈਨੇਜਮੈਂਟ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਸੰਗਤ ਰੂਪ ਵਿੱਚ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ। ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਇਲਾਹੀ ਗੁਰਬਾਣੀ ਕੀਰਤਨ "ਆਗਿਆ ਭਈ ਅਕਾਲ ਕੀ ਤਬੈ ਚਲਾਇਓ ਪੰਥੁ" ਸ਼ਬਦ ਦਾ ਰਸਭਿੰਨਾ ਗਾਇਨ ਕਰਕੇ ਸੰਗਤਾਂ ਨੂੰ ਸਰਵਣ ਕਰਵਾਇਆ ਗਿਆ। ਬੱਚਿਆਂ ਵੱਲੋਂ ਗੁਰਬਾਣੀ ਕੀਰਤਨ ਦੇ ਗਾਇਨ ਰਾਹੀਂ ਭਗਤੀ ਭਾਵਨਾ ਅਤੇ ਅਧਿਆਤਮਿਕਤਾ ਦਾ ਅਲੌਕਿਕ ਨਜ਼ਾਰਾ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਣਾਂ ਦਾ ਵਰਣਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੀ ਮਨੁੱਖਤਾ ਦੇ ਸਾਂਝੇ ਗੁਰੂ ਹਨ। ਗੁਰਬਾਣੀ ਕਿਸੇ ਇੱਕ ਵਿਸ਼ੇਸ਼ ਧਰਮ ਜਾਂ ਵਰਗ ਲਈ ਨਹੀਂ, ਸਗੋਂ ਸਮੁੱਚੀ ਮਨੁੱਖਤਾ ਨੂੰ ਸੱਚਾਈ, ਪਿਆਰ, ਨਿਮਰਤਾ ਅਤੇ ਨੇਕੀ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਦੇ ਇਤਿਹਾਸ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਬੱਚਿਆਂ ਨੂੰ ਗੁਰਬਾਣੀ ਅਤੇ ਆਪਣੇ ਅਮੀਰ ਵਿਰਸੇ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਵੇਰੇ-ਸ਼ਾਮ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਗੁਰਬਾਣੀ ਨਾਲ ਜੁੜਨ ਅਤੇ ਗੁਰਬਾਣੀ ਦੁਆਰਾ ਦਰਸਾਏ ਸੱਚੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ-ਨਾਲ ਗੁਰਬਾਣੀ ਦਾ ਆਸਰਾ ਲੈਣਗੇ ਤਾਂ ਵਾਹਿਗੁਰੂ ਜੀ ਉਨ੍ਹਾਂ ਨੂੰ ਜੀਵਨ ਵਿੱਚ ਜ਼ਰੂਰ ਸਫਲਤਾ ਅਤੇ ਸੁਖ-ਸ਼ਾਂਤੀ ਬਖ਼ਸ਼ਣਗੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ-ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਸ੍ਰੀਮਤੀ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਸ਼੍ਰੀਮਤੀ ਮਮਤਾ ਅਰੋੜਾ , ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

**ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੀ ਮਨੁੱਖਤਾ ਲਈ ਸੱਚਾਈ, ਪਿਆਰ, ਨਿਮਰਤਾ ਅਤੇ ਨੇਕੀ ਦੇ ਮਾਰਗ 'ਤੇ ਚੱਲਣ ਲਈ ਸਰਬਉਚ ਗ੍ਰੰਥ-ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ**

ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਕਮੇਟੀ ਚੋਣ ਦੀਆਂ ਬਣ ਰਹੀਆਂ ਨਵੀਂ ਵੋਟਰ ਸੂਚੀਆਂ 'ਚ ਵੱਡਾ ਝੋਲ ? ਕਿਤੇ ਸੰਗਤ ਦੇ ਨਾਮ ਗਾਇਬ, ਕਿਤੇ ਇਲਾਕੇ 'ਚ ਨਾ ਰਹਿਣ ਵਾਲਿਆਂ ਦੇ ਨਾਮ—ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਲਈ ਜਾਰੀ ਕੀਤੀਆਂ ਗਈਆਂ ਨਵੀਆਂ ਵੋਟਰ ਸੂਚੀਆਂ ਨੂੰ ਲੈ ਕੇ ਦਿੱਲੀ ਦੇ ਕਈ ਇਲਾਕਿਆਂ ਵਿੱਚ ਸਵਾਲ ਉੱਠਣੇ ਸ਼ੁਰੂ ਹੋ ਗਏ ਹਨ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਵਾਰਡ ਨੰਬਰ 33 ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਪ੍ਰੇਰਿਤ ਕਰਕੇ ਵੋਟਾਂ ਬਣਵਾਈਆਂ ਗਈਆਂ ਸਨ, ਪਰ ਵੋਟਰ ਸੂਚੀ ਸਾਹਮਣੇ ਆਉਣ ਤੋਂ ਬਾਅਦ ਕਈ ਅਜਿਹੇ ਨਾਮ ਗਾਇਬ ਮਿਲੇ ਜਿਨ੍ਹਾਂ ਦੇ ਵੋਟ ਬਣਾਉਣ ਲਈ ਫਾਰਮ ਅਤੇ ਲੋੜੀਂਦੀ ਕਾਰਵਾਈ ਕੀਤੀ ਗਈ ਸੀ। ਦੂਜੇ ਪਾਸੇ ਕੁਝ ਅਜਿਹੇ ਨਾਮ ਵੀ ਸਾਹਮਣੇ ਆਉਣ ਦੀ ਗੱਲ ਕਹੀ ਜਾ ਰਹੀ ਹੈ ਜੋ ਸਬੰਧਤ ਇਲਾਕੇ ਵਿੱਚ ਰਹਿੰਦੇ ਹੀ ਨਹੀਂ ਹਨ। ਇਹ ਸਥਿਤੀ ਸਿਰਫ਼ ਇੱਕ ਵਾਰਡ ਤੱਕ ਸੀਮਤ ਹੋਣ ਦੀ ਬਜਾਏ ਹੋਰ ਇਲਾਕਿਆਂ ਤੋਂ ਵੀ ਸ਼ਿਕਾਇਤਾਂ ਆਉਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਚੋਣ ਪ੍ਰਬੰਧ ਨਾਲ ਜੁੜੇ ਅਧਿਕਾਰੀਆਂ ਵੱਲੋਂ ਇਹ ਕਹਿਣਾ ਕਿ 'ਫਾਰਮ ਗੁੰਮ ਹੋ ਗਏ ਹਨ', ਆਪਣੇ ਆਪ ਵਿੱਚ ਗੰਭੀਰ ਗੈਰ-ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਸੰਗਤ ਵੱਲੋਂ ਆਪਣਾ ਸਮਾਂ ਕੱਢ ਕੇ, ਲੋੜੀਂਦੀ ਕਾਰਵਾਈ ਪੂਰੀ ਕਰਕੇ ਅਤੇ ਉਮੀਦ ਨਾਲ ਵੋਟ ਬਣਾਉਣ ਲਈ ਫਾਰਮ ਦਿੱਤੇ ਜਾਂਦੇ ਹਨ। ਅਜਿਹੇ ਫਾਰਮਾਂ ਦਾ ਗੁੰਮ ਹੋ ਜਾਣਾ ਸਿਰਫ਼ ਪ੍ਰਬੰਧਕੀ ਲਾਪਰਵਾਹੀ ਨਹੀਂ, ਸਗੋਂ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਉਸਦੇ ਲੋਕਤੰਤਰਿਕ ਹੱਕ ਨਾਲ ਵੀ ਖਿਲਵਾੜ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਫਾਰਮਾਂ ਦੇ ਗੁੰਮ ਹੋਣ ਦੀ ਗੱਲ ਸਾਹਮਣੇ ਆਈ ਹੈ, ਉਨ੍ਹਾਂ ਸੰਗਤਾਂ ਦੀਆਂ ਵੋਟਾਂ ਮੁੜ ਬਣਵਾਉਣ ਲਈ ਉਹ ਖੁਦ ਕਾਰਵਾਈ ਕਰਵਾ ਰਹੇ ਹਨ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣੇ ਹੱਕ ਤੋਂ ਵਾਂਝਾ ਨਾ ਰਹੇ। ਉਨ੍ਹਾਂ ਚੋਣ ਪ੍ਰਬੰਧ ਨਾਲ ਜੁੜੇ ਅਧਿਕਾਰੀਆਂ ਨੂੰ ਸਪੱਸ਼ਟ ਚੇਤਾਵਨੀ ਦਿੰਦਿਆਂ ਕਿਹਾ ਕਿ ਵੋਟਰ ਸੂਚੀ ਕਿਸੇ ਦੀ ਮਰਜ਼ੀ ਅਨੁਸਾਰ ਨਾਮ ਜੋੜਨ ਜਾਂ ਕੱਟਣ ਦਾ ਦਸਤਾਵੇਜ਼ ਨਹੀਂ, ਸਗੋਂ ਸੰਗਤ ਦੇ ਲੋਕਤੰਤਰਿਕ ਹੱਕ ਦਾ ਆਧਾਰ ਹੈ। ਜੇਕਰ ਕਿਸੇ ਯੋਗ ਵੋਟਰ ਦਾ ਨਾਮ ਜਾਣਬੁੱਝ ਕੇ ਸੂਚੀ ਵਿੱਚੋਂ ਬਾਹਰ ਰਹਿੰਦਾ ਹੈ ਜਾਂ ਕਿਸੇ ਅਯੋਗ ਵਿਅਕਤੀ ਦੀ ਵੋਟ ਦਰਜ ਕੀਤੀ ਜਾਂਦੀ ਹੈ ਤਾਂ ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਕਿਸੇ ਵੀ ਕਿਸਮ ਦੀ ਹੇਰਾਫੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਜਾਂਚ ਵਿੱਚ ਕਿਸੇ ਦੀ ਜਾਣਬੁੱਝ ਕੇ ਕੀਤੀ ਗਲਤੀ ਜਾਂ ਧਾਂਦਲੀ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰਾਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਇਹ ਯਕੀਨੀ ਬਣਾਉਣਾ ਹੈ ਕਿ ਨਾ ਕੋਈ ਗਲਤ ਵੋਟ ਬਣੇ ਅਤੇ ਨਾ ਹੀ ਕੋਈ ਅਸਲੀ ਵੋਟਰ ਆਪਣੇ ਹੱਕ ਤੋਂ ਵਾਂਝਾ ਰਹੇ। ਉਨ੍ਹਾਂ ਚੋਣ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਾਹਮਣੇ ਆ ਰਹੀਆਂ ਸ਼ਿਕਾਇਤਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ, ਵੋਟਰ ਸੂਚੀਆਂ ਦੀ ਪੜਤਾਲ ਕਰਵਾਈ ਜਾਵੇ ਅਤੇ ਜਿੱਥੇ ਵੀ ਗਲਤੀ ਜਾਂ ਬੇਨਿਯਮੀ ਮਿਲੇ, ਉਸ ਨੂੰ ਤੁਰੰਤ ਠੀਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇ ਚੋਣ ਪ੍ਰਕਿਰਿਆ ਹੀ ਸ਼ੱਕ ਦੇ ਘੇਰੇ ਵਿੱਚ ਆ ਜਾਵੇ ਤਾਂ ਲੋਕਤੰਤਰਿਕ ਚੋਣ ਦੀ ਭਰੋਸੇਯੋਗਤਾ 'ਤੇ ਸਵਾਲ ਉੱਠਣਾ ਸੁਭਾਵਿਕ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਸਿੱਖ ਸੰਗਤਾਂ ਨੂੰ ਵੀ ਸੁਚੇਤ ਕਰਦਿਆਂ ਕਿਹਾ ਕਿ ਸਿਰਫ਼ ਵੋਟ ਬਣਵਾ ਕੇ ਚੁੱਪ ਨਾ ਬੈਠਣ, ਸਗੋਂ ਜਾਰੀ ਵੋਟਰ ਸੂਚੀ ਵਿੱਚ ਆਪਣਾ ਨਾਮ ਜ਼ਰੂਰ ਚੈੱਕ ਕਰਨ। ਜਿਨ੍ਹਾਂ ਦੇ ਨਾਮ ਰਹਿ ਗਏ ਹਨ ਜਾਂ ਗਲਤ ਦਰਜ ਹੋਏ ਹਨ, ਉਹ ਤੁਰੰਤ ਸਬੰਧਤ ਵਾਰਡ ਦੇ ਜ਼ਿੰਮੇਵਾਰਾਂ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਸੰਗਤ ਦੀ ਇੱਕ-ਇੱਕ ਵੋਟ ਬੇਸ਼ਕੀਮਤੀ ਹੈ ਅਤੇ ਇਹੀ ਵੋਟ ਗਲਤ ਪ੍ਰਬੰਧ ਨੂੰ ਬਦਲਣ ਅਤੇ ਜਵਾਬਦੇਹ ਪ੍ਰਬੰਧ ਸਥਾਪਤ ਕਰਨ ਦੀ ਤਾਕਤ ਰੱਖਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਆਪ ਸਰਕਾਰ ਦੀ ਧੱਕੇਸਾਹੀ ਖਿਲਾ.ਫ ਬੀਜੇਪੀ ਆਗੂਆਂ ਵੱਲੋਂ ਐਸਡੀਐਮ ਧੂਰੀ ਨੂੰ ਦਿੱਤਾ ਮੰਗ ਪੱਤਰ ।



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਲੋਕਾਂ ਨਾਲ ਕਥਿਤ ਧੱਕੇਸ਼ਾਹੀ ਅਤੇ ਪੁਲਿਸ ਕਾਰਵਾਈ ਦੇ ਮੁੱਦਿਆਂ ਨੂੰ ਲੈ ਕੇ ਬੀਜੇਪੀ ਵੱਲੋਂ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹਿਆ ਗਿਆ। ਇਸੇ ਹੀ ਤਹਿਤ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਐਸਡੀਐਮ ਧੂਰੀ ਨੂੰ ਮੈਮੋਰੰਡਮ ਦਿੱਤਾ ਗਿਆ ਭਾਜਪਾ ਆਗੂਆਂ ਨੇ ਕਿਹਾ ਕਿ ਤੂਰਬਣਜਾਰਾ ਵਾਸੀ ਗੁਲਜ਼ਾਰ ਸਿੰਘ ਨੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਸਾਹਮਣੇ ਪੰਜਾਬ ਵਿੱਚ ਨਸ਼ੇ, ਖ਼ਾਸ ਕਰਕੇ ਚਿੱਟੇ ਦੀ ਵਿਕਰੀ ਨੂੰ ਲੈ ਕੇ ਸਵਾਲ ਉਠਾਏ ਸਨ। ਭਾਜਪਾ ਅਨੁਸਾਰ ਇਸ ਤੋਂ ਬਾਅਦ ਉਸਨੂੰ ਕਥਿਤ ਤੌਰ 'ਤੇ ਜ਼ਲੀਲ ਕੀਤਾ ਗਿਆ ਅਤੇ ਬਾਅਦ ਵਿੱਚ ਉਸ ਵੱਲੋਂ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਗਈ। ਭਾਜਪਾ ਨੇ ਇਸ ਮਾਮਲੇ ਵਿੱਚ ਮੰਤਰੀ ਸਮੇਤ ਹੋਰ ਵਿਅਕਤੀ ਦੀ ਭੂਮਿਕਾ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਸਿੰਘ ਨਾਲ ਹੋਈ ਕਥਿਤ ਪੁਲਿਸ ਕੁੱਟਮਾਰ ਦਾ ਮੁੱਦਾ ਚੁੱਕਿਆ ਗਿਆ। ਭਾਜਪਾ ਆਗੂਆਂ ਦਾ ਦੋਸ਼ ਹੈ ਕਿ ਮੁੱਖ ਮੰਤਰੀ ਨੂੰ ਕਾਲਾ ਝੰਡਾ ਦਿਖਾਉਣ ਕਾਰਨ ਪੰਜਾਬ ਪੁਲਿਸ ਵੱਲੋਂ ਉਸ ਨਾਲ ਅਣਮਨੁੱਖੀ ਵਿਵਹਾਰ ਕੀਤਾ ਗਿਆ । ਇਨ੍ਹਾਂ ਦੋਵੇਂ ਮਾਮਲਿਆਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਯਕੀਨੀ ਬਣਾਉਣ ਲਈ ਮਾਮਲੇ ਛਨਜ਼ ਨੂੰ ਸੌਂਪਣ ਦੀ ਮੰਗ ਕਰਦਿਆਂ ਭਾਜਪਾ ਆਗੂਆਂ ਵੱਲੋਂ SDM ਧੂਰੀ ਨੂੰ ਮੰਗ-ਪੱਤਰ ਦਿੱਤਾ ਗਿਆ। ਇਸ ਮੌਕੇ ਧੂਰੀ ਦੀ ਸਮੁੱਚੀ ਭਾਜਪਾ ਟੀਮ ਹਾਜ਼ਰ ਰਹੀ। ਭਾਜਪਾ ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਇਨਸਾਫ਼ ਮਿਲਣ ਤੱਕ ਇਨ੍ਹਾਂ ਮਾਮਲਿਆਂ ਜ਼ੋਰਦਾਰ ਢੰਗ ਨਾਲ ਉਠਾਇਆ ਜਾਂਦਾ ਰਹੇਗਾ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ, ਬਰਜੇਸਵਰ ਕੁਮਾਰ ਗੋਇਲ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਭੁਵੇਸ ਜਿੰਦਲ, ਜਗਦੇਵ ਕੁਮਾਰ ਜੱਗਾ, ਪਰਮਜੀਤ ਸਿੰਘ ਭਿੰਦੀ, ਸਾਬਕਾ ਮਿੱਠੂ ਐਮ ਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਪਿੰਡ ਨੰਗਲਾ ਦੇ ਦੋ ਦਰਜਨ ਪਰਿਵਾਰ

# ਸ਼੍ਰੋਮਣੀ ਅਕਾਲੀ ਦਲ ਬਾਦਲ 'ਚ ਹੋਏ ਸ਼ਾਮਿਲ





ਤਲਵੰਡੀ ਸਾਬੋ, 11 ਸਤੰਬਰ (ਗੁਰਜੰਟ ਸਿੰਘ ਨਥੇਹਾ)- ਅਕਾਲੀ ਦਲ ਬਾਦਲ ਦੇ ਤਲਵੰਡੀ ਸਾਬੋ ਹਲਕਾ ਇੰਚਾਰਜ ਸ. ਰਵੀਪ੍ਰੀਤ ਸਿੰਘ ਸਿੱਧੂ ਵੱਲੋਂ ਹਲਕੇ ਦੇ ਪਿੰਡ ਨੰਗਲਾ ਅਤੇ ਨਥੇਹਾ ਵਿਖੇ ਪਹੁੰਚ ਕੇ ਸਮੂਹ ਸਾਥੀਆਂ ਅਤੇ ਮੋਹਤਬਰ ਆਗੂਆਂ ਨਾਲ ਮੁਲਾਕਾਤ ਕੀਤੀ ਗਈ। ਇਸ ਬੈਠਕ ਦੌਰਾਨ ਇਲਾਕੇ ਦੇ ਮੌਜੂਦਾ ਹਾਲਾਤਾਂ ਅਤੇ ਪਾਰਟੀ ਦੀ ਮਜ਼ਬੂਤੀ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਸ. ਰਵੀਪ੍ਰੀਤ ਸਿੰਘ ਸਿੱਧੂ ਵੱਲੋਂ ਕਿਹਾ ਕਿ 2027 ਦੀਆਂ ਆਉਂਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਠੋਸ ਰਣਨੀਤੀ ਤਿਆਰ ਕੀਤੀ ਗਈ। ਸਮੂਹ ਆਗੂਆਂ ਅਤੇ ਵਰਕਰਾਂ ਦੇ ਉਤਸ਼ਾਹ ਤੋਂ ਸਾਫ਼ ਹੈ ਕਿ ਹਲਕੇ ਦਾ ਹਰ ਇੱਕ ਨਿਵਾਸੀ ਪਾਰਟੀ ਦੀਆਂ ਲੋਕਪੱਖੀ ਨੀਤੀਆਂ ਨਾਲ ਚਟਾਨ ਵਾਂਗ ਖੜ੍ਹਾ ਹੈ। ਪਿੰਡ ਨੰਗਲਾ ਪਹੁੰਚਣ 'ਤੇ ਪਾਰਟੀ ਨੂੰ ਉਸ ਸਮੇਂ ਭਾਰੀ ਸਫਲਤਾ ਮਿਲੀ ਜਦੋਂ ਉਕਤ ਪਿੰਡ ਦੇ ਦੋ ਦਰਜਨ ਪਰਿਵਾਰ ਸ. ਰਵੀਪ੍ਰੀਤ ਸਿੰਘ ਸਿੱਧੂ ਦੀ ਪ੍ਰੇਰਨਾ ਸਦਕਾ ਉਨਾਂ ਦੀ ਮੌਜੂਦਗੀ ਵਿੱਚ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ ਜਿਨਾਂ ਦਾ ਨਿੱਘਾ ਸਵਾਗਤ ਕਰਦੇ ਹੋਏ ਉਹਨਾਂ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ। ਅਕਾਲੀ ਦਲ ਪਰਿਵਾਰ ਵਿਚ ਸ਼ਾਮਲ ਹੋਣ ਤੇ ਨਿੱਘਾ ਸਵਾਗਤ ਕਰਦਿਆਂ ਯਕੀਨ ਦਿਵਾਇਆ ਕਿ ਉਨ੍ਹਾਂ ਨੂੰ ਪਾਰਟੀ ਵਿਚ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ।ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਆਮ ਜਨਤਾ ਦੇ ਹੱਕਾਂ ਦੀ ਆਵਾਜ਼ ਬਣ ਕੇ ਪਹਿਰਾ ਦਿੰਦਾ ਰਿਹਾ ਹੈ। ਸਾਰੇ ਸਾਥੀਆਂ ਦੇ ਸੁਝਾਵਾਂ ਅਤੇ ਸਹਿਯੋਗ ਨਾਲ ਅਸੀਂ ਆਉਂਦੀਆਂ ਚੋਣਾਂ ਵਿੱਚ ਇੱਕ ਵੱਡੀ ਜਿੱਤ ਦਰਜ ਕਰਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਤਾਵਲ ਸਿੰਘ ਸੁੱਖੀ ਪੀਏ, ਨਿੱਕਾ ਸਿੰਘ ਤਲਵੰਡੀ ਸਾਬੋ, ਅਕਾਲੀ ਆਗੂ ਜਸਵਿੰਦਰ ਜੈਲਦਾਰ ਜਗਾ ਰਾਮ ਤੀਰਥ, ਗੁਰਪ੍ਰੀਤ ਸਿੰਘ ਮਾਨਸ਼ਾਹੀਆ ਸਾਬਕਾ ਪ੍ਰਧਾਨ ਤਲਵੰਡੀ ਸਾਬੋ, ਬਲਵੰਤ ਸਿੰਘ ਨਥੇਹਾ, ਕੁਲਵੰਤ ਸਿੰਘ ਚਾਹਲ ਸਾਬਕਾ ਸਰਪੰਚ ਨਥੇਹਾ, ਪਿਆਰਾ ਸਿੰਘ ਨਥੇਹਾ, ਬਲਵੀਰ ਸਿੰਘ ਵੀਰਾ ਅਤੇ ਬਹੁਤ ਸਾਰੇ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਐਨ.ਐਮ.ਈ.ਓ.-ਓ.ਐਸ. ਤਹਿਤ ਕਿਸਾਨ ਸਿਖਲਾਈ ਪ੍ਰੋਗਰਾਮ ਕਰਵਾਇਆ ਵੱਖ-ਵੱਖ ਬਲਾਕਾਂ ਤੋਂ ਕਿਸਾਨਾਂ ਨੇ ਲਿਆ ਭਾਗ

# ਤੇਲ ਬੀਜਾ ਫਸਲਾਂ ਹੇਠ ਰਕਬਾ ਵਧਾਉਣ ਦਾ ਦਿੱਤਾ ਭਰੋਸਾ



ਜੰਡਿਆਲਾ ਗੁਰੂ , 11 ਸਤੰਬਰ ( ਕੁਲਵੰਤ ਸਿੰਘ ਵਿਰਦੀ ) ਮੁੱਖ ਖੇਤੀਬਾੜੀ ਅਫਸਰ (ਅੰਮ੍ਰਿਤਸਰ) ਸ੍ਰੀ ਅਮਰਜੀਤ ਸਿੰਘ ਦੋਸਾਂਝ ਦੀ ਰਹਿਨੁਮਾਈ ਹੇਠ ਅੱਜ ਕ੍ਰਿਸ਼ੀ ਵਿਗਿਆਨ ਕੇਂਦਰ, ਨਾਗ ਕਲਾਂ ਵਿਖੇ ਨੈਸ਼ਨਲ ਮਿਸ਼ਨ ਆਨ ਐਡੀਬਲ ਆਇਲਜ਼-ਆਇਲਸੀਡਜ਼ ਅਧੀਨ ਕਿਸਾਨ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਸ ਸਿਖਲਾਈ ਪ੍ਰੋਗਰਾਮ ਵਿੱਚ ਬਲਾਕ ਤਰਸਿੱਕਾ, ਬਾਬਾ ਬਕਾਲਾ ਸਾਹਿਬ, ਚੋਗਾਵਾਂ ਅਤੇ ਅਜਨਾਲਾ 120 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਕਿਸਾਨਾਂ ਨੂੰ ਹਾੜ੍ਹੀ ਸੀਜ਼ਨ ਦੀਆਂ ਪ੍ਰਮੁੱਖ ਤੇਲ ਬੀਜ ਫਸਲਾਂ ਸਰ੍ਹੋਂ ਅਤੇ ਤੋਰੀਆ ਦੀ ਵਿਗਿਆਨਕ ਕਾਸ਼ਤ ਸਬੰਧੀ ਮਹੱਤਵਪੂਰਨ ਤਕਨੀਕੀ ਜਾਣਕਾਰੀ ਦਿੱਤੀ ਗਈ ।ਸਿਖਲਾਈ ਦੌਰਾਨ ਡਾ. ਰਮਿੰਦਰ ਕੌਰ, ਪ੍ਰੋਫੈਸਰ, ਕੇ.ਵੀ.ਕੇ. ਨਾਗ ਕਲਾਂ; ਡਾ. ਆਸਥਾ, ਸਹਾਇਕ ਪ੍ਰੋਫੈਸਰ ਅਤੇ ਡਾ. ਸਵਰੀਤ ਕੌਰ, ਸਹਾਇਕ ਪ੍ਰੋਫੈਸਰ, ਐਫ.ਏ.ਐਸ.ਸੀ. ਅੰਮ੍ਰਿਤਸਰ ਵੱਲੋਂ ਕਿਸਾਨਾਂ ਨੂੰ ਸਰ੍ਹੋਂ-ਤੋਰੀਆ ਦੀਆਂ ਫਸਲਾਂ ਦੀ ਵਿਗਿਆਨਕ ਕਾਸ਼ਤ, ਉੱਨਤ ਤਕਨੀਕਾਂ, ਫਸਲ ਪ੍ਰਬੰਧਨ ਅਤੇ ਵਧੀਆ ਪੈਦਾਵਾਰ ਸਬੰਧੀ ਜਾਣਕਾਰੀ ਦਿੱਤੀ ਗਈ ।ਇਸ ਤੋਂ ਇਲਾਵਾ ਬਲਾਕ ਡੈਮੋਨਸਟ੍ਰੇਸ਼ਨਾਂ ਅਧੀਨ ਕਿਸਾਨਾਂ ਨੂੰ ਮਿਲਣ ਵਾਲੇ ਪ੍ਰੋਤਸਾਹਨ ਅਤੇ ਵੈਲਿਊ ਚੇਨ ਪਾਰਟਨਰਾਂ ਰਾਹੀਂ ਬੀਜ ਦੀ ਵੰਡ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ ।ਇਸ ਮੌਕੇ ਡਾ. ਸੁਖਚੈਨ ਸਿੰਘ, ਡਿਪਟੀ ਡਾਇਰੈਕਟਰ ਖੇਤੀਬਾੜੀ, ਅੰਮ੍ਰਿਤਸਰ; ਡਾ. ਰਸ਼ਪਾਲ ਸਿੰਘ ਬੰਡਾਲਾ, ਖੇਤੀਬਾੜੀ ਅਫਸਰ, ਬਾਬਾ ਬਕਾਲਾ ਸਾਹਿਬ/ਤਰਸਿੱਕਾ ਸ੍ਰੀਮਤੀ ਰਵਿੰਦਰ ਕੌਰ, ਏ.ਡੀ.ਓ. (ਬੀਜ) ਅਤੇ ਸ੍ਰੀ ਸੁਖਚੈਨ ਸਿੰਘ, ਪ੍ਰੋਜੈਕਟ ਡਾਇਰੈਕਟਰ (ਆਤਮਾ) ਵੱਲੋਂ ਵੀ ਕਿਸਾਨਾਂ ਨਾਲ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ ।ਪ੍ਰੋਗਰਾਮ ਦੌਰਾਨ ਕਿਸਾਨਾਂ ਨੇ ਤੇਲ ਬੀਜ ਫਸਲਾਂ ਹੇਠ ਰਕਬਾ ਵਧਾਉਣ ਅਤੇ ਸਰ੍ਹੋਂ-ਤੋਰੀਆ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦਾ ਭਰੋਸਾ ਦਿੱਤਾ। ਕਿਸਾਨਾਂ ਨੇ ਪੰਜਾਬ ਵਿੱਚ ਤੇਲ ਬੀਜਾਂ ਦੀ ਪੈਦਾਵਾਰ ਵਧਾ ਕੇ ਪੰਜਾਬ ਨੂੰ ਖਾਣ ਵਾਲੇ ਤੇਲਾਂ ਦੇ ਮਾਮਲੇ ਵਿੱਚ ਆਤਮਨਿਰਭਰ ਬਣਾਉਣ ਲਈ ਆਪਣਾ ਪੂਰਨ ਸਹਿਯੋਗ ਦੇਣ ਦਾ ਸੰਕਲਪ ਲਿਆ ।ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ NMEO-OS ਤਹਿਤ ਮਿਲ ਰਹੀਆਂ ਸਹੂਲਤਾਂ ਅਤੇ ਪ੍ਰੋਤਸਾਹਨਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਤੇਲ ਬੀਜ ਫਸਲਾਂ ਦੀ ਕਾਸ਼ਤ ਨੂੰ ਵਧਾਵਾ ਦੇਣ, ਤਾਂ ਜੋ ਪੰਜਾਬ ਵਿੱਚ ਖਾਣ ਵਾਲੇ ਤੇਲਾਂ ਦੀ ਪੈਦਾਵਾਰ ਵਧਾ ਕੇ ਆਤਮਨਿਰਭਰਤਾ ਵੱਲ ਮਜ਼ਬੂਤ ਕਦਮ ਪੁੱਟਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿੱਕੀ ਪਰੋਚਾ ਨੇ ਹਰਿਆਣਾ ਦੇ ਮੁੱਖ ਮੰਤਰੀ ਸੈਣੀ ਨਾਲ ਮੁਲਾਕਾਤ ਕਰਕੇ ਮਹਿਲ ਕਲਾਂ ਹਲਕੇ ਬਾਰੇ ਵਿਚਾਰ ਚਰਚਾ ਕੀਤੀ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਵਧ ਰਹੇ ਭਾਰਤੀ ਜਨਤਾ ਪਾਰਟੀ ਦੇ ਉਭਾਰ ਨੂੰ ਦੇਖਦਿਆਂ ਹੋਇਆਂ ਵੱਖ ਵੱਖ ਰਾਜਨੀਤਿਕ ਅਤੇ ਸਮਾਜਿਕ ਲੋਕ ਭਾਰਤੀ ਜਨਤਾ ਪਾਰਟੀ ਦਾ ਹਿੱਸਾ ਬਣ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਹਲਕਾ ਮਹਿਲ ਕਲਾਂ ਤੋਂ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਵਿੱਕੀ ਪਰੋਚਾ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਨਾਲ ਮੁਲਾਕਾਤ ਕਰਨ ਤੋਂ ਬਾਅਦ ਕੀਤਾ।ਉਹਨਾਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਪੰਜਾਬ ਦੇ ਲੋਕਾਂ ਨੂੰ ਦਿਲੋਂ ਪਿਆਰ ਕਰਦੇ ਹਨ, ਉਹਨਾਂ ਨੇ ਸਾਨੂੰ ਮਿਲ ਕੇ ਜੋ ਪਿਆਰ ਦਿੱਤਾ ਉਹ ਬਿਆਨ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਅਸੀਂ ਭਾਰਤੀ ਜਨਤਾ ਪਾਰਟੀ ਅਤੇ ਸਾਡੇ ਦਲਿਤ ਸਮਾਜ ਨੂੰ ਨਾਲ ਲੈ ਕੇ ਮਹਿਲ ਕਲਾਂ ਹਲਕੇ ਵਿੱਚ ਆਮ ਆਦਮੀ ਪਾਰਟੀ ਦੀਆਂ ਕਥਿਤ ਧੱਕੇਸਾਈਆਂ ਦੇ ਵਿਰੁੱਧ ਆਵਾਜ਼ ਬੁਲੰਦ ਕਰਦੇ ਰਹਾਗੇ । ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਕਾਂਗਰਸ ਪਾਰਟੀ, ਆਮ ਆਦਮੀ ਪਾਰਟੀ ਅਤੇ ਹੋਰ ਸਿਆਸੀ ਪਾਰਟੀਆਂ ਤੋਂ ਮਨ ਅੱਕ ਚੁੱਕਿਆ ਹੈ ਉਹਨਾਂ ਨੇ ਮਨ ਬਣਾ ਲਿਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਵੱਡੇ ਮਾਰਜਨ ਨਾਲ ਜਿਤਾਕੇ ਪੰਜਾਬ 'ਚ ਸਰਕਾਰ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਖੇਤੀਬਾੜੀ ਵਿਭਾਗ ਵਿੱਚ ਖੇਤੀਬਾੜੀ ਵਿਕਾਸ ਅਫਸਰਾਂ ਦੀਆਂ ਖਾਲੀ ਅਸਾਮੀਆਂ ਅਤੇ ਵੱਖ-ਵੱਖ ਕੇਡਰਾਂ ਦੀ ਤਰੱਕੀਆਂ ਨੂੰ ਛੱਡ ਕੇ ਨਿੱਜੀ ਹਿੱਤਾਂ ਨੂੰ ਤਰਜੀਹ ਦੇ ਰਹੀ ਡਾ: ਹਰਮਨਦੀਪ ਸਿੰਘ ਘੁੰਮਣ

**ਜੰਡਿਆਲਾ ਗੁਰੂ 11 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਵਿੱਚ ਸੰਯੁਕਤ ਡਾਇਰੈਕਟਰ ਖੇਤੀਬਾੜੀ (ਇਨਪੁਟਸ) ਦੀ ਅਹਿਮ ਅਸਾਮੀ ਤੇ ਨਾਨ-ਟੈਕਨੀਕਲ ਅਧਿਕਾਰੀ ਦੀ ਤੈਨਾਤੀ ਕਰਨ ਦੇ ਫੈਸਲੇ ਨਾਲ ਖੇਤੀਬਾੜੀ ਵਿਭਾਗ ਅਤੇ ਪੰਜਾਬ ਦੀ ਕਿਸਾਨੀ ਸਰਕਾਰ ਦੀਆਂ ਅੱਖਾਂ ਤੋਂ ਨਜਰ ਅੰਦਾਜ਼ ਹੋਈ ਪ੍ਰਤੀਤ ਹੋ ਰਹੀ ਹੈ। ਇਨਪੁਟਸ ਵਿੰਗ ਖੇਤੀਬਾੜੀ ਵਿਭਾਗ ਦਾ ਅਹਿਮ ਵਿੰਗ ਹੈ ਅਤੇ ਪੂਰੇ ਪੰਜਾਬ ਵਿੱਚ ਖਾਦਾਂ ਦੀ ਸੈਂਪਲਿੰਗ, ਗੁਣਵੱਤਾ ਜਾਂਚ ਅਤੇ ਸਪਲਾਈ ਦਾ ਪ੍ਰਬੰਧ ਇਸੇ ਵਿੰਗ ਵੱਲੋਂ ਕੀਤਾ ਜਾਂਦਾ ਹੈ। ਇਸ ਲਈ ਇਸ ਅਹੁਦੇ ਲਈ ਖੇਤੀਬਾੜੀ ਵਿਗਿਆਨ ਅਤੇ ਰਸਾਇਣਿਕ ਖਾਦਾਂ ਦੀ ਡੂੰਘੀ ਜਾਣਕਾਰੀ ਹੋਣਾ ਬਹੁਤ ਜਰੂਰੀ ਹੈ। ਜਦਕਿ ਪੰਜਾਬ ਸਰਕਾਰ ਵੱਲੋਂ ਇਸ ਅਹੁਦੇ ਤੇ ਤੈਨਾਤ ਕੀਤੇ ਗਏ ਸ਼੍ਰੀਮਤੀ ਹਰਪ੍ਰੀਤ ਕੌਰ ਅੰਕੜਾ ਵਿੰਗ ਦੇ ਨਾਲ ਸੰਬੰਧਿਤ ਹਨ। ਪੰਜਾਬ ਵਿੱਚ ਹਾੜੀ ਸੀਜ਼ਨ ਦੌਰਾਨ ਕਣਕ ਦੀ ਬਿਜਾਈ ਲਈ ਹਰ ਸਾਲ ਕਿਸਾਨਾਂ ਨੂੰ ਡੀਏਪੀ ਅਤੇ ਯੂਰੀਆ ਖਾਦ ਦੀ ਕਿੱਲਤ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ ਵਿੱਚ ਨਾਨ-ਟੈਕਨੀਕਲ ਅਤੇ ਗੈਰ ਤਜਰਬੇਕਾਰ ਅਧਿਕਾਰੀ ਦੀ ਇਸ ਅਹਿਮ ਆਸਾਮੀ ਤੇ ਤੈਨਾਤੀ ਇਸ ਸੰਕਟ ਨੂੰ ਹੋਰ ਵੀ ਡੂੰਘਾ ਕਰ ਸਕਦੀ ਹੈ। ਦਿਲਚਸਪ ਗੱਲ ਇਹ ਹੈ ਕਿ ਖੇਤੀਬਾੜੀ ਵਿਭਾਗ ਵਿੱਚ ਇਸ ਸਮੇਂ ਟੈਕਨੀਕਲ ਕੇਡਰ ਦੇ ਪੰਜ ਸੰਯੁਕਤ ਡਾਇਰੈਕਟਰ ਕੰਮ ਕਰ ਰਹੇ ਹਨ ਪਰ ਟੈਕਨੀਕਲ ਅਧਿਕਾਰੀਆਂ ਨੂੰ ਅੱਖੋਂ ਪਰੋਖੇ ਕਰਕੇ ਅੰਕੜਾ ਵਿੰਗ ਦੇ ਅਧਿਕਾਰੀ ਨੂੰ ਇਸ ਆਸਾਮੀ ਦਾ ਚਾਰਜ ਦੇਣਾ ਪੰਜਾਬ ਦੀ ਖੇਤੀਬਾੜੀ ਅਤੇ ਕਿਸਾਨੀ ਦੇ ਉੱਪਰ ਸਿਆਸੀ ਧਿਰ ਦੇ ਨਿੱਜੀ ਹਿੱਤ ਭਾਰੂ ਹੋਣ ਦਾ ਸੰਕੇਤ ਹੈ। ਫਰਟੀਲਾਈਜ਼ਰ ਕੰਟਰੋਲ ਆਰਡਰ 1985 ਦੇ ਮੁਤਾਬਕ ਖਾਦਾਂ ਦੀ ਸੈਂਪਲਿੰਗ ਕਰਨ ਦਾ ਅਧਿਕਾਰ ਉਸੇ ਅਧਿਕਾਰੀ ਕੋਲ ਹੈ ਜੋ ਘੱਟੋ ਘੱਟ ਬੀਐਸਸੀ ਐਗਰੀਕਲਚਰ ਦੀ ਯੋਗਤਾ ਰੱਖਦਾ ਹੋਵੇ ਅਤੇ ਰਾਜ ਪੱਧਰ ਦਾ ਅਧਿਕਾਰੀ ਪੰਜਾਬ ਰਾਜ ਵਿੱਚੋਂ ਕਿਤੋਂ ਵੀ ਸੈਂਪਲਿੰਗ ਕਰ ਸਕਦਾ ਹੈ ਪਰ ਨਵੇਂ ਤੈਨਾਤ ਅਧਿਕਾਰੀ ਕੋਲ ਲੋੜੀਂਦੀਂ ਯੋਗਤਾ ਨਾ ਹੋਣ ਕਰਕੇ ਖਾਦਾਂ ਦੀ ਗੁਣਵੱਤਾ ਦਾ ਕੰਮ ਪੂਰੀ ਤਰਾਂ ਪ੍ਰਭਾਵਿਤ ਹੋਣ ਦਾ ਖਦਸ਼ਾ ਹੈ। ਪੰਜਾਬ ਸਰਕਾਰ ਦੇ ਉਕਤ ਫੈਸਲੇ ਤੋਂ ਨਰਾਜ਼ ਪਲਾਂਟ ਡਾਕਟਰ ਸਰਵਿਸਿਜ ਐਸੋਸੀਏਸ਼ਨ ਪੰਜਾਬ ਵੱਲੋਂ ਮਿਤੀ 11.09.2026 ਨੂੰ ਆਨਲਾਈਨ ਮੀਟਿੰਗ ਕਰਕੇ ਸਰਕਾਰ ਦੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਜਥੇਬੰਦੀ ਦੇ ਪ੍ਰਧਾਨ ਡਾਕਟਰ ਹਰਮਨਦੀਪ ਸਿੰਘ ਘੁੰਮਣ ਨੇ ਕਿਹਾ ਕਿ ਸਰਕਾਰ ਖੇਤੀਬਾੜੀ ਵਿਭਾਗ ਵਿੱਚ ਖੇਤੀਬਾੜੀ ਵਿਕਾਸ ਅਫਸਰਾਂ ਦੀਆਂ ਖਾਲੀ ਅਸਾਮੀਆਂ ਅਤੇ ਵੱਖ-ਵੱਖ ਕੇਡਰਾਂ ਦੀ ਤਰੱਕੀਆਂ ਜਿਹੇ ਲੰਬਿਤ ਪਏ ਅਹਿਮ ਕੰਮਾਂ ਨੂੰ ਛੱਡ ਕੇ ਨਿੱਜੀ ਹਿੱਤਾਂ ਨੂੰ ਤਰਜੀਹ ਦੇ ਰਹੀ ਹੈ। ਉਨਾ ਕਿਹਾ ਕਿ ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਅਤੇ ਇਸ ਅਹਿਮ ਅਸਾਮੀ ਤੇ ਟੈਕਨੀਕਲ ਅਧਿਕਾਰੀ ਤੈਨਾਤ ਨਾ ਕੀਤਾ ਤਾਂ ਜਥੇਬੰਦੀ ਵੱਲੋਂ ਸਰਕਾਰ ਵਿਰੁੱਧ ਸੰਘਰਸ਼ ਵਿੱਢਿਆ ਜਾਵੇਗਾ ਅਤੇ ਖੇਤੀਬਾੜੀ ਵਿਭਾਗ ਦੇ ਟੈਕਨੀਕਲ ਅਧਿਕਾਰੀਆਂ ਦੇ ਹੱਕਾਂ ਦੀ ਰਾਖੀ ਕੀਤੀ ਜਾਵੇਗੀ। ਇਸ ਮੌਕੇ ਉਹਨਾਂ ਨਾਲ ਮੀਟਿੰਗ ਵਿੱਚ ਜਨਰਲ ਸਕੱਤਰ ਡਾ ਮਨਜਿੰਦਰ ਸਿੰਘ, ਸੀਨੀ ਮੀਤ ਪ੍ਰਧਾਨ ਡਾਕਟਰ ਸਤਵਿੰਦਰ ਵੀਰ ਸਿੰਘ, ਡਾ ਵਿਕਰਾਂਤ, ਡਾ ਗੁਰਵੰਤ ਸਿੰਘ, ਡਾ ਜਸਪਾਲ ਧੰਜੂ ਅਤੇ ਹੋਰ ਸਾਥੀ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੱਖਸ ਫਾਰ ਜਸਟਿਸ ਵੱਲੋਂ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ

# 5 ਲੱਖ ਰੁਪਏ ਦੀ ਮਦਦ ਦਾ ਐਲਾਨ




**ਲੰਡਨ, 11 ਸਤੰਬਰ (ਸਰਬਜੀਤ ਸਿੰਘ ਬਨੂੜ)**- ਗੁਲਜ਼ਾਰ ਸਿੰਘ ਦੀ ਮੌਤ ਤੋਂ ਬਾਅਦ ਸੁਨਾਮ ਦੇ ਸ਼ਹੀਦ ਊਧਮ ਸਿੰਘ ਵਾਲਾ ਰੇਲਵੇ ਸਟੇਸ਼ਨ ’ਤੇ ‘ਗੁਲਜ਼ਾਰ ਹਲ ਖਾਲਿਸਤਾਨ’ ਦੇ ਨਾਅਰੇ ਲਿਖੇ ਜਾਣ ਨਾਲ ਮਾਮਲਾ ਹੋਰ ਗਰਮਾ ਗਿਆ ਹੈ। ਸਿੱਖਸ ਫਾਰ ਜਸਟਿਸ ਨੇ ਇਸ ਸਬੰਧੀ ਵੀਡੀਓ ਜਾਰੀ ਕਰਦਿਆਂ ਨਾਅਰੇ ਲਿਖਣ ਦੀ ਜ਼ਿੰਮੇਵਾਰੀ ਲੈਣ ਦਾ ਦਾਅਵਾ ਕੀਤਾ ਹੈ। ਜਥੇਬੰਦੀ ਨੇ ਗੁਲਜ਼ਾਰ ਸਿੰਘ ਦੇ ਪਰਿਵਾਰ ਲਈ 5 ਲੱਖ ਰੁਪਏ ਦੀ ਵਿੱਤੀ ਮਦਦ ਦੇਣ ਦਾ ਵੀ ਐਲਾਨ ਕੀਤਾ ਹੈ। ਜ਼ਿਕਰਯੋਗ ਹੈ ਕਿ ਰੇਲਵੇ ਸਟੇਸ਼ਨ ਦੀਆਂ ਕੰਧਾਂ ’ਤੇ ਲਿਖੇ ਨਾਅਰਿਆਂ ਦੀ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਪੁਲਸ ਅਤੇ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ। ਸੂਤਰਾਂ ਮੁਤਾਬਕ ਪੁਲਸ ਵੱਲੋਂ ਮੌਕੇ ’ਤੇ ਪਹੁੰਚ ਕੇ ਨਾਅਰਿਆਂ ’ਤੇ ਰੰਗ ਫੇਰ ਦਿੱਤਾ ਗਿਆ ਅਤੇ ਮਾਮਲੇ ਸਬੰਧੀ ਅਗਲੀ ਜਾਂਚ ਸ਼ੁਰੂ ਕੀਤੀ ਗਈ। ਇਸ ਪੂਰੇ ਮਾਮਲੇ ਦੀ ਪਿਛੋਕੜ ਗੁਲਜ਼ਾਰ ਸਿੰਘ ਵੱਲੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਾਹਮਣੇ ‘ਚਿੱਟੇ’ ਦੀ ਕਥਿਤ ਸ਼ਰੇਆਮ ਵਿਕਰੀ ਅਤੇ ਆਪਣੇ ਪੁੱਤਰ ਦੇ ਨਸ਼ੇ ਦੀ ਲਪੇਟ ਵਿੱਚ ਆਉਣ ਸਬੰਧੀ ਚੁੱਕੇ ਗਏ ਸਵਾਲਾਂ ਨਾਲ ਜੁੜੀ ਹੋਈ ਹੈ। ਮੰਤਰੀ ਸਾਹਮਣੇ ਇਹ ਮੁੱਦਾ ਚੁੱਕਣ ਤੋਂ ਮਹਿਜ਼ ਇਕ ਦਿਨ ਬਾਅਦ ਗੁਲਜ਼ਾਰ ਸਿੰਘ ਵੱਲੋਂ ਜ਼ਿਹਰੀਲਾ ਪਦਾਰਥ ਨਿਗਲਣ ਦੀ ਘਟਨਾ ਸਾਹਮਣੇ ਆਈ ਅਤੇ ਬਾਅਦ ਵਿੱਚ ਉਸ ਦੀ ਮੌਤ ਹੋ ਗਈ। ਮੌਤ ਤੋਂ ਪਹਿਲਾਂ ਸਾਹਮਣੇ ਆਏ ਇਕ ਵੀਡੀਓ ਬਿਆਨ ਵਿੱਚ ਗੁਲਜ਼ਾਰ ਸਿੰਘ ਨੇ ਦੋਸ਼ ਲਾਇਆ ਸੀ ਕਿ ਮੰਤਰੀ ਸਾਹਮਣੇ ਨਸ਼ਿਆਂ ਦਾ ਮੁੱਦਾ ਚੁੱਕਣ ਤੋਂ ਬਾਅਦ ਉਸ ’ਤੇ ਪੁਲਸ ਅਤੇ ਕੁਝ ਸਿਆਸੀ ਵਿਅਕਤੀਆਂ ਵੱਲੋਂ ਦਬਾਅ ਪਾਇਆ ਜਾ ਰਿਹਾ ਸੀ ਅਤੇ ਉਸ ਨੂੰ ਧਮਕੀਆਂ ਮਿਲ ਰਹੀਆਂ ਸਨ। ਗੁਲਜ਼ਾਰ ਸਿੰਘ ਦੀ ਮੌਤ ਤੋਂ ਬਾਅਦ ਹੁਣ ਐਸਐਫਜੇ ਵੱਲੋਂ ਰੇਲਵੇ ਸਟੇਸ਼ਨ ’ਤੇ ਨਾਅਰੇ ਲਿਖਣ ਦਾ ਦਾਅਵਾ ਅਤੇ ਪਰਿਵਾਰ ਲਈ 5 ਲੱਖ ਰੁਪਏ ਦੀ ਮਦਦ ਦਾ ਐਲਾਨ ਕੀਤੇ ਜਾਣ ਨਾਲ ਇਹ ਮਾਮਲਾ ਇਕ ਵਾਰ ਫਿਰ ਚਰਚਾ ਵਿੱਚ ਆ ਗਿਆ ਹੈ।

### ਭਾਰਤ ਆ ਰਹੇ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨ ਹਵਾਈ ਅੱਡੇ ਤੇ ਰੋਕਣਾ

# ਬਹੁਤ ਹੀ ਮੰਦਭਾਗਾ ਤੇ ਨਿੰਦਣ ਯੋਗ : ਚੇਅਰਮੈਨ ਭੋਮਾ



**ਨਵੀਂ ਦਿੱਲੀ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨ ਇੰਮੀਗ੍ਰੇਸ਼ਨ ਵੱਲੋਂ ਫੈਸਲਾਬਾਦ ਏਅਰਪੋਰਟ ਤੇ ਰੋਕੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਹਨਾਂ ਕਿਹਾ ਕਿ ਪਾਕਿਸਤਾਨੀ ਇਮੀਗ੍ਰੇਸ਼ਨ ਵੱਲੋਂ ਜਾਨ ਬੁਝ ਕੇ ਸਿੱਖ ਸ਼ਰਧਾਲੂਆਂ ਖਜਲ ਖੁਆਰ ਕੀਤਾ ਜਾ ਰਿਹਾ ਹੈ। ਸਿੱਖ ਸੰਗਤ ਕੋਲ ਵੈਧ ਭਾਰਤੀ ਵੀਜ਼ਾ ਹੋਣ ਦੇ ਬਾਵਜੂਦ ਇਮੀਗਰੇਸ਼ਨ ਅਧਿਕਾਰੀ ਜਾਣ ਬੁਝ ਕੇ ਐਨਓਸੀ ਦੀ ਮੰਗ ਕਰਕੇ ਸ਼ਰਧਾਂਲੂਆ ਨੂੰ ਭਾਰਤ ਦੇ ਗੁਰਧਾਮਾਂ ਦੇ ਦਰਸ਼ਨ ਕਰਨ ਤੋਂ ਰੋਕ ਰਹੇ ਹਨ। ਜਿਸ ਕਾਰਨ ਸ਼ਰਧਾਲੂਆਂ ਨੂੰ ਰਾਤ ਏਅਰਪੋਰਟ ਤੇ ਗੁਜਾਰਨੀ ਪਈ। ਜਿਸ ਕਾਰਨ ਭਾਰਤੀ ਅਤੇ ਪਾਕਿਸਤਾਨ ਦੀ ਸਿੱਖ ਸੰਗਤਾਂ ਵਿੱਚ ਕਾਫੀ ਰੋਸ ਵੇਖਣ ਨੂੰ ਮਿਲਿਆ। ਭੋਮਾ ਨੇ ਪਾਕਿਸਤਾਨ ਸਰਕਾਰ ਨੂੰ ਕਰੜੇ ਸ਼ਬਦਾਂ ਵਿੱਚ ਕਿਹਾ ਕਿ ਭਾਰਤ ਨਾਲ ਤੁਹਾਡੇ ਰਾਜਨੀਤਕ ਮਤਭੇਦ ਹੋ ਸਕਦੇ ਹਨ ਪਰ ਜਿਹੜੇ ਸਿੱਖ ਸੰਗਤਾਂ ਨੂੰ ਤੁਸੀਂ ਆਪਣੇ ਹੀ ਏਅਰਪੋਰਟਾਂ ਤੇ ਖਰਾਬ ਕਰ ਰਹੇ ਹੋ ਉਹ ਲੋਕ ਤਾਂ ਤੁਹਾਡੇ ਆਪਣੇ ਹਨ ਉਹਨਾਂ ਦੀਆਂ ਮਹਿੰਗੀਆਂ ਹਵਾਈ ਟਿਕਟਾਂ ਕਿਸ ਗੱਲ ਤੋਂ ਖ਼ਰਾਬ ਕੀਤੀਆਂ। ਜਦੋਂ ਭਾਰਤੀ ਅੰਮਬੈਸਸੀ ਨੇ ਪੂਰੇ ਦਸਤਾਵੇਜ ਚੈੱਕ ਕਰਕੇ ਸੰਗਤਾਂ ਨੂੰ ਵੀਜੇ ਜਾਰੀ ਕਰ ਦਿੱਤੇ ਫੇਰ ਪਾਕਿਸਤਾਨੀ ਇਮੀਗਰੇਸ਼ਨ ਨੂੰ ਐਨਓਸੀ ਮੰਗਣ ਦੀ ਕੋਈ ਲੋੜ ਨਹੀਂ ਸੀ। ਇਹ ਜਾਣ ਬੁਝ ਕੇ ਸੰਗਤਾਂ ਨੂੰ ਅਗਾਹ ਵਧਣ ਤੋਂ ਰੋਕ ਰਹੇ ਹਨ ਤਾਂ ਜੋ ਪਾਕਿਸਤਾਨ ਵਿੱਚ ਰਹਿੰਦੇ ਸਾਡੇ ਸਿੱਖ ਵੀਰ ਭਾਰਤ ਦੇ ਗੁਰਧਾਮਾਂ ਦੇ ਦਰਸ਼ਨ ਕਰਨ ਤੋਂ ਗੁਰੇਜ਼ ਕਰਨ ਇਸ ਲਈ ਇਹ ਪ੍ਰੋਪੋਗੰਡਾ ਅਪਣਾਇਆ ਜਾ ਰਹਾ ਹੈ।

### ਐਸਐਫਜੇ ਵੱਲੋ ਭਲਕੇ ਹੋਣ ਵਾਲੇ ਬ੍ਰਿਕਸ ਸੰਮੇਲਨ ਦੀਆਂ

# ਮੁੱਖ ਗਤੀਵਿਧੀਆਂ ਵਿੱਚ ਵਿਘਨ ਪਾਉਣ ਦੀ ਧਮਕੀ

**ਲੰਡਨ, 11 ਸਤੰਬਰ (ਸਰਬਜੀਤ ਸਿੰਘ ਬਨੂੜ)**-ਅਮਰੀਕਾ ਆਧਾਰਤ ਵੱਖਵਾਦੀ ਸਿੱਖਸ ਫਾਰ ਜਸਟਿਸ (ਐਸਐਫਜੇ) ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਆਗਾਮੀ ਬ੍ਰਿਕਸ ਸੰਮੇਲਨ ਨੂੰ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਜੇਕਰ ਅਮਰੀਕਾ ਆਜ਼ਾਦ ਖ਼ਾਲਿਸਤਾਨ ਦਾ ਸਮਰਥਨ

> **“ਅਮਰੀਕਾ ਖ਼ਾਲਿਸਤਾਨ ਦਾ ਸਮਰਥਨ ਕਰੇ, ਅਸੀਂ ਬ੍ਰਿਕਸ ਨੂੰ ਇੱਟ-ਇੱਟ ਕਰਕੇ ਤੋੜ ਦਿਆਂਗੇ” - ਪੰਨੂ**



ਕਰਦਾ ਹੈ ਤਾਂ ਖ਼ਾਲਿਸਤਾਨ ਸਮਰਥਕ ਤਾਕਤਾਂ ਬ੍ਰਿਕਸ ਨੂੰ “ਇੱਟ-ਇੱਟ ਕਰਕੇ ਤੋੜਨ” ਲਈ ਤਿਆਰ ਹਨ। ਐਸਐਫਜੇ ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ “ਮੋਦੀ ਦਾ ਬ੍ਰਿਕਸ ਟਰੰਪ ਅਤੇ ਅਮਰੀਕਾ ਵਿਰੋਧੀ ਹੈ” ਅਤੇ “ਮੋਦੀ ਦੇ ਬ੍ਰਿਕਸ ਨੂੰ ਖ਼ਤਮ ਕਰੋ” ਵਰਗੇ ਨਾਅਰੇ ਲਿਖਣ ਦਾ ਵੀ ਦਾਅਵਾ ਕੀਤਾ ਹੈ। ਪੰਨੂੰ ਨੇ 12 ਅਤੇ 13 ਸਤੰਬਰ ਨੂੰ ਹੋਣ ਵਾਲੇ ਬ੍ਰਿਕਸ ਸੰਮੇਲਨ ਦੀਆਂ ਮੁੱਖ ਗਤੀਵਿਧੀਆਂ ਵਿੱਚ ਵਿਘਨ ਪਾਉਣ ਦੀ ਧਮਕੀ ਦਿੰਦਿਆਂ ਕਿਹਾ ਕਿ ਖ਼ਾਲਿਸਤਾਨ ਸਮਰਥਕ ਸਿੱਖ ਇਸ ਲਈ ਪੂਰੀ ਤਰ੍ਹਾਂ ਲਾਮਬੰਦ ਹਨ। ਉਨ੍ਹਾਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਦੇਸ਼ ਨੀਤੀ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਭਾਰਤ ਅਮਰੀਕਾ ਨਾਲ ਸਬੰਧ ਰੱਖਦਿਆਂ ਉਸ ਦੇ ਵਿਰੋਧੀ ਦੇਸ਼ਾਂ ਨਾਲ ਵੀ ਨੇੜਤਾ ਵਧਾ ਰਿਹਾ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਿੱਧਾ ਸੰਬੋਧਨ ਕਰਦਿਆਂ ਪੰਨੂੰ ਨੇ ਕਿਹਾ ਕਿ ਜੇਕਰ ਅਮਰੀਕਾ ‘ਅਮਰੀਕਾ ਫਸਟ’ ਨੀਤੀ ਨੂੰ ਸੁਰੱਖਿਅਤ ਰੱਖਣਾ, ਡਾਲਰ ਨੂੰ ਬ੍ਰਿਕਸ ਨਾਲ ਜੁੜੀਆਂ ਵਿੱਤੀ ਚੁਣੌਤੀਆਂ ਤੋਂ ਬਚਾਉਣਾ ਅਤੇ ਚੀਨ, ਰੂਸ ਤੇ ਇਰਾਨ ਦੇ ਮੁਕਾਬਲੇ ਦੱਖਣੀ ਏਸ਼ੀਆ ਵਿੱਚ ਜ਼ਮੀਨੀ ਸਮਰਥਨ ਹਾਸਲ ਕਰਨਾ ਚਾਹੁੰਦਾ ਹੈ ਤਾਂ ਟਰੰਪ ਪ੍ਰਸ਼ਾਸਨ ਨੂੰ ਇੱਕ ਪ੍ਰਭੁਸੱਤਾ ਸੰਪੰਨ ਸਿੱਖ ਰਾਜ ਦਾ ਸਮਰਥਨ ਕਰਨਾ ਚਾਹੀਦਾ ਹੈ। ਪੰਨੂੰ ਨੇ ਦਾਅਵਾ ਕੀਤਾ ਕਿ ‘ਸਿੱਖ ਹੋਮਲੈਂਡ ਸਿਕਿਓਰਿਟੀ’ ਦੱਖਣੀ ਏਸ਼ੀਆ ਵਿੱਚ ਅਮਰੀਕਾ ਦੇ ਸਭ ਤੋਂ ਵਫ਼ਾਦਾਰ ਸਹਿਯੋਗੀ ਵਜੋਂ ਕੰਮ ਕਰ ਸਕਦੀ ਹੈ। ਉਨ੍ਹਾਂ ਨੇ ਖ਼ਾਲਿਸਤਾਨ ਦੀ ਸਥਾਪਨਾ ਨੂੰ ਅਮਰੀਕਾ ਲਈ ਇੱਕ ਰਣਨੀਤਕ ਸੰਪਤੀ ਵਜੋਂ ਪੇਸ਼ ਕਰਦਿਆਂ ਬ੍ਰਿਕਸ ਨੂੰ ਕਮਜ਼ੋਰ ਕਰਨ, ਭਾਰਤ ਨੂੰ ਅਲੱਗ-ਥਲੱਗ ਕਰਨ ਅਤੇ ਚੀਨ ਤੇ ਰੂਸ ਦੇ ਪ੍ਰਭਾਵ ਨੂੰ ਸੀਮਤ ਕਰਨ ਦੀ ਗੱਲ ਕੀਤੀ। ਪੰਨੂੰ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਇਸ ਸਮੇਂ ਗਲੋਬਲ ਖ਼ਾਲਿਸਤਾਨ ਰੈਫਰੈਂਡਮ ਰਾਹੀਂ ਲੋਕਤੰਤਰਿਕ ਢੰਗ ਨਾਲ ਪੰਜਾਬ ਦੀ ਆਜ਼ਾਦੀ ਲਈ ਮੁਹਿੰਮ ਚਲਾ ਰਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਭਾਰਤੀ ਰਾਜ ਨੂੰ ਤੋੜਨ ਲਈ ਅਮਰੀਕਾ ਦੀ ਪਸੰਦ ਦੇ “ਹਥਿਆਰ” ਦੀ ਵਰਤੋਂ ਕਰਨ ਲਈ ਤਿਆਰ ਬਰ ਤਿਆਰ ਹੋਣ ਦਾ ਐਲਾਨ ਕੀਤਾ ਗਿਆ । ਆਪਣੀ ਜਾਨ ਨੂੰ ਖ਼ਤਰੇ ਬਾਰੇ ਪੰਨੂ ਨੇ ਕਿਹਾ, “ਮੈਂ ਮੌਤ ਤੋਂ ਨਹੀਂ ਡਰਦਾ ਅਤੇ ਨਾ ਹੀ ਭਾਰਤ ਦੀਆਂ ਗੋਲੀਆਂ ਤੋਂ ਡਰਦਾ ਹਾਂ। ਮੈਂ ਪੰਜਾਬ ਦੀ ਆਜ਼ਾਦੀ ਲਈ ਮਰਨ ਨੂੰ ਤਿਆਰ ਹਾਂ ਅਤੇ ਅਮਰੀਕਾ ਦੀ ਸਰਵਉੱਚਤਾ ਕਾਇਮ ਰੱਖਣ ਲਈ ਵੀ ਮਰਨ ਨੂੰ ਤਿਆਰ ਹਾਂ।”

# ਆਖ਼ਰੀ ਮੌਕੇ 104 ਸਿੱਖ ਸ਼ਰਧਾਲੂਆਂ ਨੂੰ ਰੋਕਣ ’ਤੇ ਦਿੱਲੀ ਕਮੇਟੀ ਵੱਲੋਂ ਪਾਕਿਸਤਾਨ ਸਰਕਾਰ ਦੀ ਨਿਖੇਧੀ




**ਨਵੀਂ ਦਿੱਲੀ, 11 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਾਕਿਸਤਾਨ ਸਰਕਾਰ ਵੱਲੋਂ ਭਾਰਤ ਵਿਚ ਗੁਰਧਾਮਾਂ ਦੇ ਦਰਸ਼ਨਾਂ ਲਈ ਆਉਣ ਵਾਲੇ 104 ਸਿੱਖ ਸ਼ਰਧਾਲੂਆਂ ਨੂੰ ਐਨ ਆਖ਼ਰੀ ਮੌਕੇ ਰੋਕਣ ਦੀ ਸਖ਼ਤ ਨਿਖੇਧੀ ਕੀਤੀ ਹੈ। ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਵੀਜ਼ੇ ਜਾਰੀ ਹੋਣ ਦੇ ਬਾਵਜੂਦ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਬੋਰਡਿੰਗ ਤੋਂ ਪਹਿਲਾਂ ਐਨ.ਓ.ਸੀ. ਮੰਗਣਾ ਹੈਰਾਨੀਜਨਕ ਅਤੇ ਨਿੰਦਣਯੋਗ ਹੈ। ਸ਼ਰਧਾਲੂਆਂ ਨੇ ਦਿੱਲੀ ਰਾਹੀਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨਾਂ ਲਈ ਆਉਣਾ ਸੀ, ਜਿਸ ਲਈ ਦਿੱਲੀ ਕਮੇਟੀ ਵੱਲੋਂ ਰਹਿਣ-ਸਹਿਣ, ਆਵਾਜਾਈ ਅਤੇ ਸਵਾਗਤ ਸਮੇਤ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਸਨ। ਆਗੂਆਂ ਨੇ ਕਿਹਾ ਕਿ ਮਾਮਲੇ ਸਬੰਧੀ ਪਾਕਿਸਤਾਨ ਦੇ ਮੰਤਰੀ ਰਮੇਸ਼ ਅਰੋੜਾ ਨਾਲ ਸੰਪਰਕ ਦੇ ਯਤਨਾਂ ਦਾ ਕੋਈ ਜਵਾਬ ਨਹੀਂ ਮਿਲਿਆ। ਉਨ੍ਹਾਂ ਪਾਕਿਸਤਾਨ ਸਰਕਾਰ ਨੂੰ ਫੈਸਲੇ ’ਤੇ ਮੁੜ ਵਿਚਾਰ ਕਰਨ ਅਤੇ ਭਾਰਤ ਸਰਕਾਰ ਨੂੰ ਇਸ ਮਾਮਲੇ ਦਾ ਸਖ਼ਤ ਨੋਟਿਸ ਲੈਣ ਦੀ ਅਪੀਲ ਕੀਤੀ।

# ਫਿਰੋਜ਼ਪੁਰ ਬਾਰ ਐਸੋਸੀਏਸ਼ਨ ਚੋਣਾਂ: ਐਡਵੋਕੇਟ ਜਸਦੀਪ ਸਿੰਘ ਕੰਬੋਜ ਦੀ ਛੇਵੀਂ ਇਤਿਹਾਸਕ ਜਿੱਤ





**ਫਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ)**: ਡਿਸਟ੍ਰਿਕਟ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੀਆਂ ਸਾਲਾਨਾ ਚੋਣਾਂ ਵਿੱਚ ਐਡਵੋਕੇਟ ਜਸਦੀਪ ਸਿੰਘ ਕੰਬੋਜ ਨੇ ਇੱਕ ਵਾਰ ਫਿਰ ਵੱਡੀ ਇਤਿਹਾਸਕ ਜਿੱਤ ਦਰਜ ਕੀਤੀ ਹੈ। ਉਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਐਡਵੋਕੇਟ ਲਲਿਤਾ ਭਾਰਦਵਾਜ ਨੂੰ 402 ਵੋਟਾਂ ਦੇ ਵੱਡੇ ਫਰਕ ਨਾਲ ਹਰਾਇਆ ਹੈ। ਇਹ ਜਸਦੀਪ ਸਿੰਘ ਕੰਬੋਜ ਦੀ ਬਾਰ ਐਸੋਸੀਏਸ਼ਨ ਦੀ ਪ੍ਰਧਾਨਗੀ ਲਈ ਛੇਵੀਂ ਜਿੱਤ ਹੈ। ਸ਼ੁੱਕਰਵਾਰ ਨੂੰ ਹੋਈਆਂ ਚੋਣਾਂ ਵਿੱਚ ਐਡਵੋਕੇਟ ਜਸਦੀਪ ਸਿੰਘ ਕੰਬੋਜ ਨੂੰ ਕੁੱਲ 486 ਵੋਟਾਂ ਮਿਲੀਆਂ, ਜਦੋਂ ਕਿ ਉਨ੍ਹਾਂ ਦੀ ਵਿਰੋਧੀ ਐਡਵੋਕੇਟ ਲਲਿਤਾ ਭਾਰਦਵਾਜ ਨੂੰ ਸਿਰਫ਼ 82 ਵੋਟਾਂ ਮਿਲ ਸਕੀਆਂ। ਇਸ ਜਿੱਤ ਨਾਲ ਜਸਦੀਪ ਸਿੰਘ ਕੰਬੋਜ ਨੇ ਫਿਰੋਜ਼ਪੁਰ ਬਾਰ ਦੇ ਇਤਿਹਾਸ ਵਿੱਚ ਆਪਣਾ ਨਾਂ ਹੋਰ ਮਜ਼ਬੂਤ ਕਰ ਲਿਆ ਹੈ। ਜਿੱਤ ਤੋਂ ਬਾਅਦ ਆਪਣੇ ਸੰਬੋਧਨ ਵਿੱਚ ਐਡਵੋਕੇਟ ਜਸਦੀਪ ਸਿੰਘ ਕੰਬੋਜ ਨੇ ਕਿਹਾ ਕਿ ਇਹ ਜਿੱਤ ਉਨ੍ਹਾਂ ਦੀ ਨਹੀਂ, ਸਗੋਂ ਪੂਰੇ ਵਕੀਲ ਭਾਈਚਾਰੇ ਦੀ ਹੈ। ਉਨ੍ਹਾਂ ਕਿਹਾ ਕਿ ਵਕੀਲਾਂ ਨੇ ਉਨ੍ਹਾਂ ’ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ ਨੂੰ ਕਾਇਮ ਰੱਖਣਗੇ ਅਤੇ ਬਾਰ ਐਸੋਸੀਏਸ਼ਨ ਦੇ ਵਿਕਾਸ ਲਈ ਕੰਮ ਕਰਨਾ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਉਹ ਵਕੀਲਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਬਾਰ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਮੇਸ਼ਾ ਤਿਆਰ ਹਨ। ਇਸ ਮੌਕੇ ਸੀਨੀਅਰ ਵਕੀਲ ਅਤੇ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਜਸਦੀਪ ਸਿੰਘ ਕੰਬੋਜ ਨੂੰ ਜਿੱਤ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਰਬੱਤ ਦਾ ਭਲਾ ਕਹਿੰਦੇ ਹੀ ਨਹੀਂ, ਕਰਦੇ ਵੀ ਹਨ




ਮਿਤੀ 9.8.2026 ਨੂੰ ਗੁਰੂ ਨਾਨਕ ਸਤਿਸੰਗ ਸਿੱਖ ਟੈਂਪਲ, ਕੈਨਕ ਰੋਡ ਵੁਲਵਰਹੈਂਪਟਨ ਦੀ ਪ੍ਰਬੰਧਕ ਸੇਵਾਦਾਰ ਕਮੇਟੀ ਅਤੇ ਸੰਗਤ ਨੇ ਮਨ ਜਿੱਤ ਦੇ ਮੁੱਖ ਸੰਪਾਦਕ ਕਰਮ ਸਿੰਘ ਕਰਮ ਵੱਲੋਂ ਹੋ ਰਹੀ ਪੰਜਾਬੀ ਮਾਂ ਬੋਲੀ ਦੀ ਸੇਵਾ ਅਤੇ ਗੁਰੂ ਸਿਧਾਂਤ ਅਨੁਸਾਰ ਪਾਠਕਾਂ ਨੂੰ ਚੰਗੇ ਅਤੇ ਨੇਕ ਇਨਸਾਨ ਬਣਨ ਦੇ ਸੁਨੇਹਿਆਂ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਸਿਹਤਕ ਤੰਦਰੁਸਤੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ। ਇਸ ਲਈ ਇਥੇ ਇਹ ਗੱਲ ਕਹਿਣੀ ਬਣਦੀ ਹੈ ਕਿ ਸਰਬੱਤ ਦਾ ਭਲਾ ਕਹਿਣ ਨਾਲ ਨਹੀਂ ਸਗੋਂ ਕਰਨ ਨਾਲ ਹੁੰਦਾ ਹੈ। ਸੰਗਤ ਅਤੇ ਪ੍ਰਬੰਧਕਾਂ ਵੱਲੋਂ ਕੀਤੇ ਇਸ ਉਪਕਾਰ ਨੂੰ ਮੁੱਖ ਰੱਖਦਿਆਂ ਕਰਮ ਸਿੰਘ ਨੇ ਸਮੁੱਚੀ ਪ੍ਰਬੰਧਕ ਸੇਵਾਦਾਰ ਕਮੇਟੀ ਅਤੇ ਸੰਗਤ ਦਾ ਭਾਵੁਕ ਹੋ ਕੇ ਉਨ੍ਹਾਂ ਸਾਰੇ ਧੰਨਵਾਦੀ ਸ਼ਬਦਾਂ ਰਾਹੀਂ ਧੰਨਵਾਦ ਕੀਤਾ, ਜਿਤਨੇ ਵੀ ਪੰਜਾਬੀ ਵਰਣ ਮਾਲਾ ਰਾਹੀਂ ਧੰਨਵਾਦੀ ਸ਼ਬਦ ਬਣਦੇ ਹਨ। ਇਕ ਨਿਮਾਣੇ ਸੇਵਕ ਨੂੰ ਐਡਾ ਵੱਡਾ ਮਾਣ ਸੰਗਤ ਵੱਲੋਂ ਮਿਲਣਾ ਉਸਦੇ ਚੰਗੇ ਭਾਗਾਂ ਦੀ ਨਿਸ਼ਾਨੀ ਹੈ। ਮਨ ਜਿੱਤ ਦੇ ਪਹਿਲੇ ਅੰਕ ਤੋਂ ਲੈ ਕੇ ਹੁਣ ਤੱਕ ਲਗਾਤਾਰ ਇਸ ਗੁਰੂ ਘਰ ਦੀ ਸੰਗਤ ਨੇ ਬਹੁਤ ਵੱਡਾ ਯੋਗਦਾਨ ਪਾਇਆ ਹੈ। ਕਿਉਂਕਿ ਇਹ ਸੇਵਾਦਾਰ ਗੁਰੂ ਉਪਦੇਸ਼ ਨੂੰ ਅਮਲੀ ਜਾਮਾ ਪਹਿਨਾਉਣ ਵਿਚ ਵਿਸ਼ਵਾਸ ਰੱਖਦੇ ਹਨ। ਇਸੇ ਕਰਕੇ ਇਸ ਗੁਰੂ ਘਰ ਵਿਖੇ ਪਿਛਲੇ ਚਾਰ ਦਹਾਕਿਆਂ ਤੋਂ ਇਕੋ ਹੀ ਪ੍ਰਬੰਧਕ ਸੇਵਾਦਾਰ ਕਮੇਟੀ ਸੰਗਤ ਦੇ ਸਹਿਯੋਗ ਨਾਲ ਸੇਵਾ ਨਿਭਾ ਰਹੀ ਹੈ। ਇਸ ਲਈ ਗੁਰੂ ਘਰ ਦੀ ਸੰਗਤ ਅਤੇ ਕਮੇਟੀ ਵਧਾਈ ਦੀ ਪਾਤਰ ਹੈ।

ਇਸ ਸ਼ੁਭ ਮੌਕੇ 'ਤੇ ਕਰਮ ਸਿੰਘ ਕਰਮ ਦੀਆਂ ਕਵਿਤਾਵਾਂ ਦੀ ਪਲੇਠੀ ਪੁਸਤਕ 'ਇਨਸਾਨੀਅਤ ਦੀ ਕਰਮ ਭੂਮੀ' ਵੀ ਗੁਰੂ ਘਰ ਦੇ ਮੁੱਖ ਸੇਵਦਾਰ ਸ. ਬਲਰਾਜ ਸਿੰਘ ਅਟਵਾਲ ਵੱਲੋਂ ਲੋਕ ਅਰਪਤ ਕੀਤੀ ਗਈ। ਪੁਸਤਕ ਦੇ ਲੇਖਕ ਅਤੇ ਪੁਸਤਕ ਨੂੰ ਸਪਾਂਸਰ ਕਰਨ ਵਾਲੇ ਸਿੱਧੂ ਫੈਸ਼ਨਜ਼ ਦੇ ਸੰਚਾਲਕ ਸ. ਗੁਰਨਾਮ ਸਿੰਘ ਸਿੱਧੂ ਨੂੰ ਪ੍ਰਬੰਧਕਾਂ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਹਰ ਪੰਜਾਬੀ ਪੜ੍ਹਣ ਵਾਲੇ ਵਿਅਕਤੀ ਨੂੰ ਇਹ ਪੁਸਤਕ ਪੜ੍ਹਣ ਦੀ ਪ੍ਰੇਰਨਾ ਦਿੱਤੀ ਕਿਉਂਕਿ ਇਸ ਵਿਚਲੀਆਂ ਕਵਿਤਾਵਾਂ ਗੁਰੂ ਉਪਦੇਸ਼ਾਂ ਅਨੁਸਾਰ ਪਾਠਕ ਨੂੰ ਇਕ ਅੱਛਾ ਇਨਸਾਨ ਬਣਨ ਦੀ ਪ੍ਰੇਰਨਾ ਦਿੰਦੀਆਂ ਹਨ। ਇਸ ਸਮੇਂ ਸਿੱਖ ਫੈਡਰੇਸ਼ਨ ਯੂ.ਕੇ. ਦੇ ਪ੍ਰਧਾਨ ਸ. ਪਰਮਿੰਦਰ ਸਿੰਘ ਬੱਲ ਨੇ ਕਰਮ ਸਿੰਘ ਨੂੰ ਪੁਸਤਕ ਦੀ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਨੇ ਮਨ ਜਿੱਤ ਦੀ ਨਿਰਪੱਖ ਪੱਤਰਕਾਰੀ ਕਰਕੇ ਪਾਠਕਾਂ ਨੂੰ ਇਕ ਚੰਗੇ ਅਤੇ ਨੇਕ ਇਨਸਾਨ ਬਣਨ ਦੀਆਂ ਅਤੇ ਇਕ ਦੂਜੇ ਨਾਲ ਨੇੜਤਾ ਵਧਾਉਣ ਦੀਆਂ ਸਲਾਹਾਂ ਹੀ ਦਿੱਤੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਹ ਕੰਮ ਸਿਰਫ ਉਹੀ ਕਰ ਸਕਦਾ ਹੈ ਜਿਹੜਾ ਆਪ ਇਸ ਰਸਤੇ 'ਤੇ ਚੱਲਦਾ ਹੋਵੇ। ਸ਼ਾਇਦ ਇਸੇ ਕਰਕੇ ਗੁਰੂ ਘਰ ਦੀ ਕਮੇਟੀ ਅਤੇ ਕਰਮ ਦੀਆਂ ਤਾਰੀਫਾਂ ਹੁੰਦੀਆਂ ਹਨ।

ਸ. ਬਲਦੇਵ ਸਿੰਘ ਗਿੱਲ ਦੇ ਸਪੁੱਤਰ ਸ. ਸ਼ੇਰਬੀਰਪਾਲ ਸਿੰਘ ਗਿੱਲ ਨੇ ਸੰਗਤ ਨੂੰ ਮਠਿਆਈਆਂ ਅਤੇ ਸਮੋਸੇ ਖੁਆ ਕੇ ਨਿਹਾਲ ਕੀਤਾ। ਗੁਰੂ ਕੇ ਲੰਗਰ ਅਤੁੱਟ ਵਰਤੇ। ਲੈਸਟਰ ਤੋਂ ਪੰਥ ਰਤਨ ਸ. ਸੁਖਵਿੰਦਰ ਸਿੰਘ ਗਿੱਲ ਸਿਹਤ ਠੀਕ ਨਾ ਹੋਣ ਦੇ ਬਾਵਜੂਦ ਵੀ ਸਮਾਗਮ ਵਿਚ ਹਾਜ਼ਰ ਹੋਏ। ਜਿਥੇ ਅਨਮੋਲ ਲੋਕ ਸੇਵਾ ਦੇ ਕਰਤਾ ਧਰਤਾ ਸ. ਕੁਲਵੰਤ ਸਿੰਘ ਗੋਰਾ ਅਤੇ ਹਸੀਨਾ ਯੂ.ਕੇ. ਦੇ ਕਾਰਕੁੰਨ ਵਿਸ਼ੇਸ਼ ਤੌਰ 'ਤੇ ਆਏ ਉਥੇ ਮਨ ਜਿੱਤ ਦੇ ਸੱਦੇ ਪੱਤਰ 'ਤੇ ਆਈਆਂ ਸੰਗਤਾਂ ਨੇ ਅਰਦਾਸ ਵਿਚ ਸ਼ਾਮਲ ਹੋ ਕੇ ਕਰਮ ਸਿੰਘ ਕਰਮ ਦਾ ਹੌਸਲਾ ਵਧਾਇਆ। ਗੁਰੂ ਘਰ ਦੇ ਜਨਰਲ ਸਕੱਤਰ ਸ. ਗੁਰਮੀਤ ਸਿੰਘ ਸਿੱਧੂ ਨੇ ਸਟੇਜ ਦੀ ਕਾਰਵਾਈ ਬਾਖੂਬੀ ਨਿਭਾਈ ਕਿਉਂਕਿ ਸਟੇਜ ਸਕੱਤਰ ਸ. ਪੂਰਨ ਸਿੰਘ ਚੱਠਾ ਕਿਧਰੇ ਹੋਰ ਪ੍ਰੋਗਰਾਮ 'ਤੇ ਬਾਹਰ ਸਨ ਅਤੇ ਗੁਰੂ ਘਰ ਬਾਅਦ ਵਿਚ ਆਏ।

ਆਪ ਸਰਕਾਰ ਦੀ ਧੱਕੇਸ਼ਾਹੀ ਖਿਲਾਫ਼ ਬੀਜੇਪੀ ਆਗੂਆਂ ਵੱਲੋਂ

# ਐਸਡੀਐਮ ਧੂਰੀ ਨੂੰ ਦਿੱਤਾ ਮੰਗ ਪੱਤਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਲੋਕਾਂ ਨਾਲ ਕਥਿਤ ਧੱਕੇਸ਼ਾਹੀ ਅਤੇ ਪੁਲਿਸ ਕਾਰਵਾਈ ਦੇ ਮੁੱਦਿਆਂ ਨੂੰ ਲੈ ਕੇ ਬੀਜੇਪੀ ਵੱਲੋਂ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹਿਆ ਗਿਆ। ਇਸੇ ਹੀ ਤਹਿਤ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਐਸਡੀਐਮ ਧੂਰੀ ਨੂੰ ਮੈਮੋਰੰਡਮ ਦਿੱਤਾ ਗਿਆ। ਭਾਜਪਾ ਆਗੂਆਂ ਨੇ ਕਿਹਾ ਕਿ ਤੂਰਬਣਜਾਰਾ ਵਾਸੀ ਗੁਲਜ਼ਾਰ ਸਿੰਘ ਨੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਸਾਹਮਣੇ ਪੰਜਾਬ ਵਿੱਚ ਨਸ਼ੇ, ਖ਼ਾਸ ਕਰਕੇ ਚਿੱਟੇ ਦੀ ਵਿਕਰੀ ਨੂੰ ਲੈ ਕੇ ਸਵਾਲ ਉਠਾਏ ਸਨ। ਭਾਜਪਾ ਅਨੁਸਾਰ ਇਸ ਤੋਂ ਬਾਅਦ ਉਸਨੂੰ ਕਥਿਤ ਤੌਰ 'ਤੇ ਜ਼ਲੀਲ ਕੀਤਾ ਗਿਆ ਅਤੇ ਬਾਅਦ ਵਿੱਚ ਉਸ ਵੱਲੋਂ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਗਈ। ਭਾਜਪਾ ਨੇ ਇਸ ਮਾਮਲੇ ਵਿੱਚ ਮੰਤਰੀ ਸਮੇਤ ਹੋਰ ਵਿਅਕਤੀ ਦੀ ਭੂਮਿਕਾ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਸਿੰਘ ਨਾਲ ਹੋਈ ਕਥਿਤ ਪੁਲਿਸ ਕੁੱਟਮਾਰ ਦਾ ਮੁੱਦਾ ਚੁੱਕਿਆ ਗਿਆ। ਭਾਜਪਾ ਆਗੂਆਂ ਦਾ ਦੋਸ਼ ਹੈ ਕਿ ਮੁੱਖ ਮੰਤਰੀ ਨੂੰ ਕਾਲਾ ਝੰਡਾ ਦਿਖਾਉਣ ਕਾਰਨ ਪੰਜਾਬ ਪੁਲਿਸ ਵੱਲੋਂ ਉਸ ਨਾਲ ਅਣਮਨੁੱਖੀ ਵਿਵਹਾਰ ਕੀਤਾ ਗਿਆ । ਇਨ੍ਹਾਂ ਦੋਵੇਂ ਮਾਮਲਿਆਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਯਕੀਨੀ ਬਣਾਉਣ ਲਈ ਮਾਮਲੇ ਙਨਜ਼ ਨੂੰ ਸੌਂਪਣ ਦੀ ਮੰਗ ਕਰਦਿਆਂ ਭਾਜਪਾ ਆਗੂਆਂ ਵੱਲੋਂ SDM ਧੂਰੀ ਨੂੰ ਮੰਗ-ਪੱਤਰ ਦਿੱਤਾ ਗਿਆ। ਇਸ ਮੌਕੇ ਧੂਰੀ ਦੀ ਸਮੁੱਚੀ ਭਾਜਪਾ ਟੀਮ ਹਾਜ਼ਰ ਰਹੀ। ਭਾਜਪਾ ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਇਨਸਾਫ਼ ਮਿਲਣ ਤੱਕ ਇਨ੍ਹਾਂ ਮਾਮਲਿਆਂ ਜ਼ੋਰਦਾਰ ਢੰਗ ਨਾਲ ਉਠਾਇਆ ਜਾਂਦਾ ਰਹੇਗਾ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ, ਬਰਜੇਸਵਰ ਕੁਮਾਰ ਗੋਇਲ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਭੂਵੇਸ ਜਿੰਦਲ, ਜਗਦੇਵ ਕੁਮਾਰ ਜੱਗਾ, ਪਰਮਜੀਤ ਸਿੰਘ ਭਿੰਦੀ, ਸਾਬਕਾ ਮਿੱਠੂ ਐਮ ਸੀ ਹਾਜ਼ਰ ਸਨ।

ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ ਮੋਹਾਲੀ ਵੱਲੋਂ

# ਪਿੰਡ ਜਹਾਂਗੀਰ ਪ੍ਰੋਗਰਾਮ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਬ੍ਰਾਹਮਣ ਵੈਲਫੇਅਰ ਬੋਰਡ ਦੇ ਚੇਅਰਮੈਨ ਸਰਪੰਚ ਮਨਪ੍ਰੀਤ ਸ਼ਰਮਾ ਰਿੰਕੀ ਜਹਾਂਗੀਰ ਦੀ ਅਗਵਾਈ ਦੇ ਹੇਠ ਪੰਜਾਬ ਸਰਕਾਰ ਦੇ ਹੁਕਮਾਂ ਮੁਤਾਬਿਕ ਪਿੰਡ ਜਹਾਂਗੀਰ ਵਿਖੇ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ ਮੋਹਾਲੀ ਵੱਲੋਂ ਪਿੰਡ ਜਹਾਂਗੀਰ, ਕਹੇਰੂ , ਦੌਲਤਪੁਰ ਅਤੇ ਮੱਲੂਮਾਜਰਾ ਦੇ ਸਰਪੰਚਾਂ , ਪੰਚਾਂ , ਆਂਗਨਵਾੜੀ ਵਰਕਰਾਂ ਅਤੇ ਸਿਹਤ ਕਰਮੀਆਂ ਦਾ ਇਕ ਰੋਜ਼ਾ ਬਲਾਕ ਪੱਧਰੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਮਨਪ੍ਰੀਤ ਸ਼ਰਮਾ ਰਿੰਕੀ ਜਹਾਂਗਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਪੰਜਾਬ ਸਰਕਾਰ ਦੇ ਉਪਰਾਲੇ ਬਹੁਤ ਹੀ ਸਲਾਂਘਾਯੋਗ ਜਿਨਾਂ ਦੇ ਨਾਲ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ, ਇਸ ਤਰ੍ਹਾਂ ਦੀਆਂ ਪਰੋਗ੍ਰਾਮ ਹਰੇਕ ਪਿੰਡ ਵਿੱਚ ਹੋਣੇ ਚਾਹੀਦੇ ਹਨ ਤਾਂ ਕਿ ਆਮ ਲੋਕਾਂ ਦੇ ਵਿੱਚ ਜਾਗਰੂਕਤਾ ਪੈਦਾ ਹੋ ਸਕੇ। ਜਿਸ ਵਿੱਚ ਬੀਡੀਪੀਓ ਸ੍ਰੀ ਸੁਖਵਿੰਦਰ ਸਿੰਘ ਸਿੱਧੂ , ਪੰਚਾਇਤ ਸਕੱਤਰ ਵਰੁਨ ਗਰਗ , ਮਨਰੇਗਾ ਸਕੱਤਰ ਹਰਪਾਲ ਸਿੰਘ, ਬੀਡੀਪੀਓ ਦਫ਼ਤਰ ਦੇ ਅਧਿਕਾਰੀ ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਖਾਤਿਆਂ 'ਚ ਟੂੰ-ਟੂੰ ਘਟੀ, ਇਨਵਰਟਰਾਂ ਦੀ ਟੂੰ-ਟੂੰ ਵਧੀ : ਐੱਸ.ਆਰ. ਕਲੇਰ



ਜਗਰਾਉਂ, (ਵਰਿਆਮ ਹਠੂਰ) — ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਜਗਰਾਉਂ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਐੱਸ.ਆਰ. ਕਲੇਰ ਨੇ ਪੰਜਾਬ ਵਿੱਚ ਲੱਗ ਰਹੇ ਬਿਜਲੀ ਦੇ ਲੰਬੇ ਕੱਟਾਂ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਤਿੱਖਾ ਵਿਅੰਗ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਭਾਵੇਂ ਬਿਜਲੀ ਸਬੰਧੀ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪਰ ਜ਼ਮੀਨੀ ਹਕੀਕਤ ਇਸ ਦੇ ਉਲਟ ਹੈ ਅਤੇ ਲੋਕਾਂ ਨੂੰ ਖ਼ਾਸ ਕਰਕੇ ਰਾਤ ਸਮੇਂ ਬਿਜਲੀ ਦੇ ਲੰਬੇ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਐੱਸ.ਆਰ. ਕਲੇਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਪੰਜਾਬ ਨੂੰ ਬਿਜਲੀ ਸਰਪਲੱਸ ਸੂਬਾ ਬਣਾਇਆ ਗਿਆ ਸੀ ਅਤੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਬਿਜਲੀ ਉਤਪਾਦਨ ਅਤੇ ਵੰਡ ਦੇ ਖੇਤਰ ਵਿੱਚ ਵੱਡੇ ਉਪਰਾਲੇ ਕੀਤੇ ਗਏ ਸਨ। ਪਰ ਮੌਜੂਦਾ ਸਮੇਂ ਵਿੱਚ ਹਾਲਾਤ ਇਹ ਹਨ ਕਿ ਲੋਕਾਂ ਨੂੰ ਆਪਣੇ ਘਰਾਂ ਵਿੱਚ ਬਿਜਲੀ ਦੀ ਉਡੀਕ ਕਰਨੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਦਿਨ ਭਰ ਕੰਮਕਾਜ ਕਰਨ ਤੋਂ ਬਾਅਦ ਜਦੋਂ ਲੋਕ ਰਾਤ ਨੂੰ ਘਰਾਂ ਵਿੱਚ ਆਰਾਮ ਕਰਨ ਲਈ ਪਹੁੰਚਦੇ ਹਨ ਤਾਂ ਕਈ ਇਲਾਕਿਆਂ ਵਿੱਚ ਬਿਜਲੀ ਗੁੱਲ ਹੁੰਦੀ ਹੈ। ਲੰਬੇ ਬਿਜਲੀ ਕੱਟਾਂ ਕਾਰਨ ਬੱਚਿਆਂ, ਬਜ਼ੁਰਗਾਂ, ਮਜ਼ਦੂਰਾਂ, ਵਪਾਰੀਆਂ ਅਤੇ ਆਮ ਪਰਿਵਾਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗਰਮੀ ਦੇ ਮੌਸਮ ਵਿੱਚ ਬਿਜਲੀ ਦੇ ਕੱਟ ਲੋਕਾਂ ਦੀਆਂ ਮੁਸ਼ਕਲਾਂ ਨੂੰ ਹੋਰ ਵਧਾ ਰਹੇ ਹਨ। ਕਲੇਰ ਨੇ ਵਿਅੰਗ ਕਰਦਿਆਂ ਕਿਹਾ ਕਿ "ਲੋਕਾਂ ਦੇ ਖਾਤਿਆਂ 'ਚ ਟੂੰ-ਟੂੰ ਘਟੀ, ਪਰ ਇਨਵਰਟਰਾਂ ਦੀ ਟੂੰ-ਟੂੰ ਵਧੀ ਹੈ।" ਉਨ੍ਹਾਂ ਕਿਹਾ ਕਿ ਬਿਜਲੀ ਦੀ ਨਿਰਵਿਘਨ ਸਪਲਾਈ ਦੇ ਦਾਅਵਿਆਂ ਦੇ ਬਾਵਜੂਦ ਲੋਕਾਂ ਨੂੰ ਆਪਣੇ ਘਰਾਂ ਵਿੱਚ ਇਨਵਰਟਰ ਅਤੇ ਹੋਰ ਬੈਕਅੱਪ ਸਿਸਟਮ ਚਲਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਬਿਜਲੀ ਸਬੰਧੀ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ, ਪਰ ਅੱਜ ਲੋਕ ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਫ਼ਰਕ ਮਹਿਸੂਸ ਕਰ ਰਹੇ ਹਨ। ਕਲੇਰ ਨੇ ਤੰਜ ਕੱਸਦਿਆਂ ਕਿਹਾ ਕਿ ਸਰਕਾਰ ਵੱਲੋਂ ਕਿਹਾ ਜਾਂਦਾ ਸੀ ਕਿ ਬਿਜਲੀ ਦਾ 'ਚਮਕਾ' ਵੀ ਨਹੀਂ ਲੱਗੇਗਾ, ਪਰ ਅੱਜ ਲੋਕਾਂ ਨੂੰ ਕਹਿਣਾ ਪੈ ਰਿਹਾ ਹੈ ਕਿ "ਚਮਕਾ ਤਾਂ ਲੱਗੂਗਾ, ਜੇ ਬਿਜਲੀ ਰਹੂਗੀ।" ਐੱਸ.ਆਰ. ਕਲੇਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਿਜਲੀ ਕੱਟਾਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਇਸ਼ਤਿਹਾਰਾਂ ਅਤੇ ਬਿਆਨਾਂ ਵਿੱਚ ਬਿਜਲੀ ਦੇ ਪ੍ਰਬੰਧ ਵਧੀਆ ਦਿਖਾਉਣ ਦੀ ਬਜਾਏ ਸਰਕਾਰ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਚਾਹੀਦਾ ਹੈ।

# ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਰਣਜੀਤ ਸਿੰਘ ਤੂਰ ਵਨਜਾਰਾ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਦਿੜਬਾ ਦੇ ਪਿੰਡ ਤੂਰ ਵਣਜਾਰਾ ਦੇ ਕਰੀਬ ਪਰਿਵਾਰ ਰਣਜੀਤ ਸਿੰਘ ਦੀ ਹੋਈ ਮੌਤ ਤੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਦੇ ਲਈ ਸ੍ਰੋਮਣੀ ਅਕਾਲੀ ਦਲ ਧੂਰੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀਆਂ ਧੱਕੇਸਾਹੀਆਂ ਵਿਰੁੱਧ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਲੜਦਾ ਆ ਰਿਹਾ ਹੈ ਅਤੇ ਲੜਦਾ ਰਹੇਗਾ।ਉਹਨਾਂ ਕਿਹਾ ਕਿ ਸੰਗਰੂਰ ਦੇ ਵਿੱਚ ਦੋ ਹੋਈਆਂ ਅਜਿਹੀਆਂ ਘਟਨਾਵਾਂ ਨੇ ਆਮ ਆਦਮੀ ਪਾਰਟੀ ਨੂੰ ਲੋਕਾਂ ਦੇ ਕਟਹਿਰੇ ਵਿੱਚ ਖੜਾ ਕਰ ਦਿੱਤਾ ਹੈ । ਪਹਿਲਾਂ ਸੇਰੋ ਵਿਖੇ ਪੰਜਾਬ ਦੇ ਮੁੱਖ ਮੰਤਰੀ ਨੂੰ ਕਾਲੀ ਝੰਡੀ ਦਿਖਾਉਣ ਵਾਲੇ ਮੋਹਨਜੀਤ ਸਿੰਘ ਅਤੇ ਹੁਣ ਪੰਜਾਬ ਦੇ ਖਜ਼ਾਨਾ ਮੰਤਰੀ ਨੂੰ ਸਵਾਲ ਕਰਨ ਵਾਲੇ ਰਣਜੀਤ ਸਿੰਘ ਦੀ ਆਤਮਹੱਤਿਆ ਕਿਤੇ ਨਾ ਕਿਤੇ ਆਮ ਆਦਮੀ ਪਾਰਟੀ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਲੋਕਾਂ ਦੇ ਸਾਹਮਣੇ ਆ ਰਹੀ ਹੈ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ। ਜਿਸ ਵਿੱਚ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਦੇ ਹੇਠ ਪੰਜਾਬ ਦੇ ਲੋਕਾਂ ਨੂੰ ਚੰਗਾ ਸਾਸਨ ਦੇਣ ਲਈ ਬਚਨ ਵੱਧ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243